ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

## Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 7 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੨੫ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਲੱਖਾਂ ਸੰਗਤਾਂ ਨੇ ਸ਼ਰਧਾਂ ਨਾਲ ਮਨਾਇਆ 40ਵਾਂ ਸ਼ਹੀਦੀ ਸਮਾਗਮ

# 'ਆਪ ਮੁਹਾਰੇ' ਵਹੀਰਾਂ ਘੱਤ ਕੇ ਦਮਦਮੀ ਟਕਸਾਲ ਪੁੱਜੀਆਂ

☛ 40 ਸਾਲ ਬੀਤ ਜਾਣ ਦੇ ਬਾਵਜੂਦ ਸੁੱਮਚੇ ਖਾਲਸਾ ਪੰਥ ਦੇ ਹਿਰਦੇ ਅੰਦਰ ਤੀਸਰੇ ਘੱਲੂਘਾਰੇ ਦਾ ਦਰਦ ਅੱਜ ਵੀ ਕਾਇਮ-ਜਥੇ. ਗਿਆਨੀ ਰਘਬੀਰ ਸਿੰਘ ☛ ਕੁਝ ਸਾਕੇ ਲੋਕ-ਹਿਰਦਿਆਂ ਉੱਪਰ ਆਪਣੀ ਅਮਿੱਟ ਛਾਪ ਸਦੀਵੀ ਕਾਲ ਲਈ ਛੱਡ ਜਾਂਦੇ ਹਨ- ਸੰਤ ਗਿ.ਹਰਨਾਮ ਸਿੰਘ ਖਾਲਸਾ ☛ ਦਿੱਲੀ ਵੱਲ ਮੂੰਹ ਕਰਨ ਦੀ ਬਜਾਏ ਸ੍ਰੀ ਅਕਾਲ ਤਖਤ 'ਤੇ ਬੈਠ ਕੇ ਆਪਣੀ ਕੌਮ ਪ੍ਰਤੀ ਆਪ ਫੈਸਲੇ ਲਏ ਜਾਣ- ਪ੍ਰਧਾਨ ਧਾਮੀ




ਚੌਂਕ ਮਹਿਤਾ, 06ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)- ਜੂਨ 1984 'ਚ ਸਿੱਖ ਕੌਮ ਦੀ ਅਣਖ ਨੂੰ ਮਲੀਆਮੇਟ ਕਰਨ ਲਈ ਬੜੀ ਸੋਚੀ ਸਮਝੀ ਸ਼ਾਜ਼ਿਸ ਤਹਿਤ ਸਮੇਂ ਦੀ ਹਕੂਮਤ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਉੱਤੇ ਹਮਲਾ ਕੀਤਾ ਗਿਆ ਸੀ,ਜਿਸ ਦੌਰਾਨ ਆਪਣੇ ਗੁਰਧਾਮਾਂ ਦੀ ਰੱਖਿਆ ਕਰਦੇ ਹੋਏ ਦਮਦਮੀ ਟਕਸਾਲ ਦੇ ਸੂਰਬੀਰ ਯੋਧਿਆਂ ਨੇ ਡੱਟ ਕੇ ਜਬਰ ਤੇ ਜ਼ੁਲਮ ਦਾ ਸਾਹਮਣਾ ਕੀਤਾ ਤੇ ਸਰਕਾਰੀ ਹੁਕਮਾਂ ਅੱਗੇ ਝੁਕਣ ਦੀ ਬਜਾਏ ਹੱਸਦੇ ਹੋਏ ਸ਼ਹਾਦਤਾਂ ਦਾ ਜਾਮ ਪੀਤਾ।ਇਸ ਫੌਜੀ ਹਮਲੇ ਦੌਰਾਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾ ਰਹੇ ਸੈਂਕੜੇ ਬੇਕਸੂਰ ਸੰਗਤਾਂ ਨੂੰ ਵੀ ਇਸ ਸਰਕਾਰੀ ਤਸ਼ੱਦਦ ਦਾ ਸ਼ਿਕਾਰ ਹੋਣਾ ਪਿਆ।ਸਿੱਖਾਂ ਉਪੱਰ ਕੀਤਾ ਗਿਆ ਇਹ ਹਮਲਾ ਤੀਸਰਾ ਘੱਲੂਘਾਰਾ ਸੀ,ਜਿਸਦੀ ਅੱਜ 40ਵੀਂ ਸ਼ਹੀਦੀ ਵਰ੍ਹੇਗੰਢ ਅੱਜ ਇੱਥੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਟਕਸਾਲ ਦੇ ਕੇਂਦਰੀ ਅਸਥਾਨ ਗੁ.ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਮਨਾਈ ਗਈ।

ਅੰਤਰਰਾਸ਼ਟਰੀ ਪੱਧਰ 'ਤੇ ਹੋਏ ਅੱਜ ਦੇ ਇਸ ਸਮਾਗਮ ਦੌਰਾਨ ਵਿਸ਼ਾਲ ਪੰਥਕ ਇਕੱਠ ਕੀਤਾ ਗਿਆ,ਜਿਸ ਵਿੱਚ ਤਖਤਾਂ ਦੇ ਸਿੰਘ ਸਾਹਿਬਾਨ,ਸੰਤ ਸਮਾਜ ਤੋਂ ਸੰਤ-ਮਹਾਂਪੁਰਸ਼ਾਂ,ਦਿੱਲੀ ਤੇ ਸ਼੍ਰੋਮਣੀ ਕਮੇਟੀ ਦੇ ਮੈਂਬਰ,ਨਿਹੰਗ ਸਿੰਘ ਜਥੇਬੰਦੀਆਂ ਤੇ ਹੋਰ ਸੰਪਰਦਾਵਾਂ ਦੇ ਮੁਖੀ ਤੋਂ ਇਲਾਵਾ ਬਹੁਤ ਸਾਰੀਆਂ ਧਾਰਮਿਕ,ਸਮਾਜਿਕ ਤੇ ਰਾਜਨੀਤਿਕ ਸ਼ਖਸ਼ੀਅਤਾਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਇਸ ਮੌਕੇ ਆਪਣੇ ਸ਼ਹੀਦਾਂ ਦੇ ਸਤਿਕਾਰ 'ਚ 'ਆਪ ਮੁਹਾਰੇ' ਵਹੀਰਾਂ ਕੱਤ ਕੇ ਲੱਖਾਂ ਦੀ ਗਿਣਤੀ 'ਚ ਦਮਦਮੀ ਟਕਸਾਲ ਪੁੱਜੀਆਂ ਸੰਗਤਾਂ ਨੇ ਇਸ ਗੱਲ਼ ਦੀ ਪ੍ਰੋੜਤਾ ਕੀਤੀ ਕਿ ਦਮਦਮੀ ਟਕਸਾਲ ਜਥਾਂ ਭਿੰਡਰਾ ਨੇ ਆਪਣੀ ਰਹਿਤ ਮਰਿਯਾਦਾ ਤੇ ਸਿਧਾਤਾਂ ਨੂੰ ਇੰਨ ਬਿੰਨ ਕਾਇਮ ਰੱਖਿਆ ਹੈ ਤੇ ਆਪਣੇ ਅਸੂਲਾਂ 'ਤੇ ਚੱਲਦਿਆਂ ਹਮੇਸ਼ਾਂ ਆਪਣੀ ਉੱਚੀ ਤੇ ਸੱਚੀ-ਸੁੱਚੀ ਸੋਚ 'ਤੇ ਡੱਟ ਕੇ ਪਹਿਰਾ ਦਿੱਤਾ ਹੈ।

ਅੱਜ ਦੇ ਇਸ 40ਵੇਂ ਤੀਸਰੇ ਘੱਲੂਘਾਰੇ ਸਮਾਗਮ ਦੌਰਾਨ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਜੋਤ ਸਿੰਘ ਜ਼ਖਮੀ ਦੇ ਜਥੇ ਤੋਂ ਇਲਾਵਾ ਦਮਦਮੀ ਟਕਸਾਲ ਦੇ ਵਿਦਿਆਰਥੀਆਂ ਨੇ ਸੰਗਤਾਂ ਨੂੰ ਆਨੰਦਮਈ ਸ਼ਬਦ ਕੀਰਤਨ ਸਰਵਨ ਕਰਾਇਆ।

ਸ਼ਹੀਦੀ ਸਮਾਗਮ ਦੀ ਆਰੰਭਤਾ ਕਰਦੇ ਹੋਏ ਦਮਦਮੀ ਟਕਸਾਲ ਮੁਖੀ ਸੰਤ ਗਿ. ਹਰਨਾਮੁ ਸਿੰਘ ਖਾਲਸਾ ਨੇ ਦੀਵਾਨ 'ਚ ਹਾਜ਼ਰੀ ਭਰ ਰਹੀਆਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।ਉਨ੍ਹਾਂ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਪ੍ਰਣਾਮ ਕਰਦਿਆਂ ਕਿਹਾ ਕਿ ਜੂਨ'84 'ਚ ਸਰਕਾਰੀ ਤੰਤਰ ਵੱਲੋਂ ਸਿੱਖ ਨਸਲਕੁਸ਼ੀ ਦਾ ਜੋ ਘਿਨਾਉਣਾ ਕਾਰਨਾਮਾ ਕੀਤਾ ਗਿਆ ਸੀ, ਸਿੱਖ ਪੰਥ ਲਈ ਬਹੁਤ ਅਸਹਿ ਤੇ ਅਕਹਿ ਹੈ।40 ਸਾਲ ਪਹਿਲਾਂ ਵਾਪਰੇ ਇਸ ਤੀਸਰੇ ਘੱਲੂਘਾਰੇ ਦਾ ਜੋ ਸੰਤਾਪ ਕੌਮ ਨੇ ਆਪਣੇ ਪਿੰਡੇ 'ਤੇ ਹੰਢਾਇਆ ਹੈ,ਨਾ ਬਰਦਾਸ਼ਤ ਤੇ ਨਾ ਭੁੱਲਣਯੋਗ ਹੈ।ਇਸ ਘੱਲੂਘਾਰੇ ਦੇ ਬਹੁਤ ਸਾਰੇ ਪਹਿਲੂ ਹਨ, ਜਿੰਨ੍ਹਾਂ ਨੂੰ ਵਿਸਥਾਰ 'ਚ ਬਿਆਨਣ ਤੋਂ ਕਲਮ ਪੂਰੀ ਤਰ੍ਹਾਂ ਬੇਬਸ ਹੈ।ਸ੍ਰੀ ਹਰਿਮੰਦਰ ਸਾਹਿਬ ਵਿਖੇ ਉਸ ਸਮੇਂ ਪ੍ਰਕਾਸ਼ਮਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਜ਼ਖਮੀ ਪਾਵਨ ਸਰੂਪ,ਸ੍ਰੀ ਹਰਿਮੰਦਰ ਸਾਹਿਬ 'ਤੇ ਲੱਗੀਆਂ ਗੋਲੀਆਂ ਦੇ ਨਿਸ਼ਾਨ,ਢਹਿ ਢੇਰੀ ਕੀਤਾ ਗਿਆ ਸ੍ਰੀ ਅਕਾਲ ਤਖਤ ਸਾਹਿਬ, ਦਰਸ਼ਨੀ ਡਿਉੜੀ,ਸਿੱਖ ਰੈਫਰੈਂਸ ਲਾਇਬ੍ਰੇਰੀ ਤੇ ਗੁਰੂ ਰਾਮਦਾਸ ਸਰਾਂ ਨੂੰ ਹੋਏ ਨੁਕਸਾਨ ਤੇ ਤੇਜਾ ਸਿੰਘ ਸਮੁੰਦਰੀ ਹਾਲ ਦੀ ਸੜੀ ਹਈ ਇਮਾਰਤ ਤੋਂ ਇਲਾਵਾ ਸੈਂਕੜੇ ਯਤੀਮ ਹੋਏ ਬੱਚੇ, ਵਿਧਵਾਵਾਂ, ਰੋਂਦੀਆਂ ਭੈਣਾਂ ਤੇ ਬਦਨਸੀਬ ਮਾਪੇ ਅੱਜ ਵੀ ਉਨ੍ਹਾਂ ਕਾਲੇ ਦਿਨਾਂ ਦੀ ਕਹਾਣੀ ਬਿਆਨ ਕਰਦੇ ਹੋਏ ਘਲੂੱਘਾਰੇ ਦੀ ਮੂੰਹ ਬੋਲਦੀ ਘਿਨੌਣੀ ਤਸਵੀਰ ਨੂੰ ਪ੍ਰਗਟ ਕਰਦੇ ਹਨ।ਉਨ੍ਹਾਂ ਕਿਹਾ ਕਿ ਕਹਿਣਾ-ਸੁਣਨਾ ਤੇ ਲ਼ਿਖ ਲੈਣਾ ਆਸਾਨ ਹੈ ਪਰ ਅਜਿਹੇ ਰਿਸਦੇ ਜ਼ਖਮਾਂ ਦੇ ਨਾਸੂਰ ਨੂੰ ਨੰਗੇ ਪਿੰਡੇ ਹੰਢਾਉਣਾ ਬਹੁਤ ਮੁਸ਼ਿਕਲ ਹੈ,ਪਰ ਸਿੱਖਾਂ ਨੂੰ ਇਹ ਨੂੰ ਸਭ ਹੰਢਾਉਣਾ ਪਿਆ ਹੈ ਤੇ ਅਜੇ ਭੀ ਹੰਢਾ ਰਹੇ ਹਨ।ਇਹ ਜ਼ਖ਼ਮ ਹੀ ਅਜਿਹੇ ਹਨ, ਜਿਨ੍ਹਾਂ ਦਾ ਪੂਰੀ ਤਰ੍ਹਾਂ ਠੀਕ ਹੋ ਜਾਣਾ ਅਸੰਭਵ ਹੈ,ਕਿਉਂਕਿ ਕੁਝ ਘਟਨਾਵਾਂ ਜਾਂ ਕੁਝ ਸਾਕੇ ਹੀ ਅਜਿਹੇ ਵਾਪਰ ਜਾਂਦੇ ਹਨ ਜੋ ਆਪਣੀ ਅਮਿੱਟ ਛਾਪ ਲੋਕ-ਹਿਰਦਿਆਂ ਉੱਪਰ ਸਦੀਵੀ ਕਾਲ ਲਈ ਛੱਡ ਜਾਂਦੇ ਹਨ।

ਸੰਗਤਾਂ ਦੇ ਸਨਮੁੱਖ ਹੁੰਦੇ ਹੋਏ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿ. ਰਘਬੀਰ ਸਿੰਘ ਨੇ ਕਿਹਾ ਕਿ ਅੱਜ ਭਾਂਵੇ ਸਮੂਹ ਸੰਗਤਾਂ ਤੀਸਰੇ ਘੱਲੂਘਾਰੇ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਮਨਾ ਰਹੀਆਂ ਹਨ,ਪਰ ਉਸ ਵੇਲੇ ਵਾਪਰੇ ਦੁਖਾਂਤ ਦੀ ਚੀਸ ਅੱਜ 40 ਸਾਲ ਬੀਤ ਜਾਣ ਦੇ ਬਾਵਜੂਦ ਸੁੱਮਚੇ ਖਾਲਸਾ ਪੰਥ ਦੇ ਹਿਰਦੇ ਅੰਦਰ ਉਵੇਂ ਦੀ ਉਵੇਂ ਹੀ ਕਾਇਮ ਹੈ।ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ ਪਹਿਲਾਂ ਵੀ ਦੋ ਘੱਲੂਘਾਰੇ ਦੇਖਣੇ ਪਏ ਪਰ ਜੂਨ 84' ਚ ਵਾਪਰਿਆ ਤੀਸਰਾ ਘੱਲੂਘਾਰਾ ਇਸਤੋਂ ਅਲੱਗ ਸੀ,ਕਿਉਂਕਿ ਪਹਿਲਾਂ ਦੋ ਘੱਲੂਘਾਰਿਆਂ ਦੌਰਾਨ ਸਿੱਖਾਂ 'ਤੇ ਹਮਲਾ ਕਰਨ ਵਾਲੇ ਬਾਹਰੀ ਸਨ ਪਰ ਤੀਸਰੇ ਘੱਲੂਘਾਰੇ ਦੌਰਾਨ ਸਿੱਖ ਕੌਮ ਦਾ ਘਾਣ ਉਸ ਹਿੰਦੋਸਤਾਨ ਦੇਸ਼ ਦੀ ਕਾਂਗਰਸੀ ਹਕੂਮਤ ਵੱਲੋਂ ਕੀਤਾ ਗਿਆ ਸੀ,ਜਿਸ ਦੀ ਆਜ਼ਾਦੀ ਲਈ 2 ਫੀਸਦੀ ਆਬਾਦੀ ਵਾਲੇ ਸਿੱਖਾਂ ਨੇ 80 ਫੀਸਦੀਆਂ ਕੁਰਬਾਨੀਆਂ ਦਿੰਦੇ ਹੋਏ ਸ਼ਹੀਦੀ ਦਿੱਤੀਆਂ ਤੇ ਕਾਲੇ ਪਾਣੀ ਦੀਆਂ ਜੇਲ੍ਹਾਂ ਕੱਟੀਆਂ।ਉਨ੍ਹਾਂ ਨੇ ਅੰਤ 'ਚ ਆਪਸੀ ਵਿਖਰੇਵੇਂ ਖਤਮ ਕਰਕੇ ਖਾਲਸਾ ਪੰਥ ਦੀ ਚੜ੍ਹਦੀ ਕਲਾ ਲਈ ਸਮੂਹ ਸੰਗਤਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਛੱਤਰ ਛਾਇਆ ਹੇਠ ਇਕੱਠੇ ਹੋਣ ਦੀ ਅਪੀਲ ਕੀਤੀ।

ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਕਿਹਾ ਕਿ ਇਸ ਘੱਲੂਘਾਰੇ ਦੌਰਾਨ ਭਾਰਤੀ ਹਕੂਮਤ ਨੇ ਬੇਗਾਨਪਨ ਦਾ ਅਹਿਸਾਸ ਕਰਾਉਂਦੇ ਹੋਏ ਆਪਣੇ ਹੀ ਦੇਸ਼ ਦੇ ਬਸ਼ਿੰਦਿਆ ਉੱਪਰ ਵੱਡਾ ਨਿਰਦਈਪੁਣਾ ਦਿਖਾਇਆ ਤੇ ਸਿੱਖਾਂ ਦੇ ਕੇਂਦਰੀ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਤੇ ਸਰਵ ਉੱਚ ਅਸਥਾਨ ਸ੍ਰੀ ਅਕਾਲ ਤਖਤ ਸਾਹਿਬ 'ਤੇ ਭਾਰਤੀ ਫੌਜਾਂ ਚਾੜ੍ਹਦੇ ਹੋਏ ਪਵਿੱਤਰ ਅਸਥਾਨਾਂ ਦੀ ਬੇਅਦਬੀ ਕਰਨ ਦਾ ਯਤਨ ਕੀਤਾ ਗਿਆ ਪਰ ਕੌਮ ਦੇ ਸੂਰਬੀਰ ਯੋਧਿਆਂ ਨੇ ਇਹ ਮਨਸੂਬੇ ਪੂਰੇ ਨਾ ਹੋਣ ਦਿੱਤੇ ਤੇ ਡੱਟ ਕੇ ਮੁਕਾਬਲੇ ਕਰਦੇ ਹੋਏ ਚੜ੍ਹ ਕੇ ਆਏ ਦੁਸ਼ਮਣ ਨੂੰ ਮੂੰਹ ਤੋੜ ਜਵਾਬ ਦਿੱਤਾ।ਉਨ੍ਹਾਂ ਨੇ ਕਿਹਾ ਕਿ ਸਮੇਂ ਦੀ ਹਕੂਮਤਾਂ ਵੱਲੋਂ ਸਿੱਖ ਕੌਮ ਨਾਲ ਇਹ ਬੇਗਾਨਾਪਨ ਦਾ ਅਹਿਸਾਸ ਅਜੇ ਵੀ ਜਾਰੀ ਹੈ ,ਜਿਸਦੇ ਚੱਲਦਿਆ ਪਿਛਲੇ ਲੰਬੇ ਸਮੇਂ ਤੋਂ ਦੇਸ਼ ਦੀਆਂ ਵੱਖ ਵੱਖ ਜੇਲ੍ਹਾਂ 'ਚ ਨਜ਼ਰਬੰਦ ਸਿੱਖ ਬੰਦੀ ਸਿੰਘਾਂ ਨੂੰ ਸਜ਼ਾਵਾਂ ਖਤਮ ਹੋ ਜਾਣ ਦੇ ਬਾਵਜੂਦ ਵੀ ਰਿਹਾ ਨਹੀਂ ਕੀਤਾ ਜਾ ਰਿਹਾ।ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ

### ਲੱਖਾਂ ਸੰਗਤਾਂ ਨੇ ਸ਼ਰਧਾਂ ਨਾਲ ਮਨਾਇਆ 40ਵਾਂ ਸ਼ਹੀਦੀ ਸਮਾਗਮ

# 'ਆਪ ਮੁਹਾਰੇ' ਵਹੀਰਾਂ ਘੱਤ ਕੇ ਦਮਦਮੀ ਟਕਸਾਲ ਪੁੱਜੀਆਂ

## ਕੁਝ ਸਾਕੇ ਲੋਕ-ਹਿਰਦਿਆਂ ਉੱਪਰ ਆਪਣੀ ਅਮਿੱਟ ਛਾਪ ਸਦੀਵੀ ਕਾਲ ਲਈ ਛੱਡ ਜਾਂਦੇ ਹਨ- ਸੰਤ ਗਿ.ਹਰਨਾਮ ਸਿੰਘ ਖਾਲਸਾ

















ਆਵਾਜ਼ਿ ਕੌਮ AWAZE QAUM International Newspaper & WEB TV

(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਨੇ ਕਿਹਾ ਕਿ 20ਵੀਂ ਸਦੀ 'ਚ ਵਾਪਰੇ ਤੀਸਰੇ ਘੱਲੂਘਾਰੇ ਦੌਰਾਨ ਦਮਦਮੀ ਟਕਸਾਲ ਦੇ ਸਿੰਘਾਂ ਨੇ ਗੁਰਧਾਮਾਂ ਦੀ ਰੱਖਿਆ ਖਾਤਰ ਚੜ੍ਹ ਕੇ ਆਈਆਂ ਭਾਰਤੀ ਫੌਜਾਂ ਦਾ ਟਾਕਰਾ ਕਰਦੇ ਹੋਏ ਸ਼ਹੀਦੀਆਂ ਦੇ ਦਿੱਤੀਆਂ ਪਰ ਈਨ ਨਾ ਮੰਨੀ।ਇਹ ਮਾਣਮੱਤੀਆਂ ਸ਼ਹੀਦੀਆਂ ਦਮਦਮੀ ਟਕਸਾਲ ਦੀ ਵਿਰਾਸਤ ਹਨ ਤੇ ਇਸ ਸੰਸਥਾ ਦਾ ਇਤਿਹਾਸ ਅਜਿਹੀਆਂ ਸ਼ਹੀਦੀਆਂ ਨਾਲ ਭਰਿਆ ਹੋਇਆ ਹੈ।ਇਸ ਦੌਰਾਨ ਉਨ੍ਹਾਂ ਨੇ ਦਮਦਮੀ ਟਕਸਾਲ ਮੁਖੀ ਨੂੰ ਜ਼ੋਰਦਾਰ ਅਪੀਲ ਕਰਦੇ ਹੋਏ ਕਿਹਾ ਕਿ ਪੰਥ ਦੇ ਵਿਖਰੇਵਿਆਂ ਨੂੰ ਖਤਮ ਕਰਕੇ ਇਕੱਠੇ ਹੋਈਏ ਤੇ ਅੰਮ੍ਰਿਤ ਸੰਚਾਰ ਦੀਆਂ ਵਹੀਰਾਂ ਚਲਾਉਂਦੇ ਹੋਏ ਦਿੱਲੀ ਵੱਲ ਮੂੰਹ ਕਰਨ ਦੀ ਬਜਾਏ ਸ੍ਰੀ ਅਕਾਲ ਤਖਤ 'ਤੇ ਬੈਠ ਕੇ ਆਪਣੀ ਕੌਮ ਪ੍ਰਤੀ ਆਪ ਫੈਸਲੇ ਲਏ ਜਾਣ ਤੇ ਬਾਹਰੀ ਦਖਲਅੰਦਾਜ਼ੀ ਨੂੰ ਬੰਦ ਕੀਤਾ ਜਾਵੇ।

ਆਪਣੇ ਸੰਬੋਧਨ 'ਚ ਪੰਥ ਦੇ ਉੱਘੇ ਸਿੱਖ ਪ੍ਰਚਾਰਕ ਬਾਬਾ ਬੰਤਾ ਸਿੰਘ ਮੁੰਡਾਪਿੰਡ ਨੇ ਕਿਹਾ ਕਿ ਸਾਕਾ ਨੀਲਾ ਤਾਰਾ ਹਕੂਮਤ ਵੱਲੋਂ ਸਿੱਖਾਂ ਦਾ ਖੁਰਾ-ਖੋਜ ਮਿਟਾਉਣ ਦੀ ਕਾਰਵਾਈ ਸੀ ਪਰ ਦੇਸ਼ ਦਾ ਬਹੁਗਿਣਤੀ ਭਾਈਚਾਰਾ ਇਹ ਭੁੱਲ ਰਿਹਾ ਹੈ ਕਿ ਦੇਸ਼ ਦੀ ਆਜਾਦੀ ਲਈ ਸਿੱਖਾਂ ਨੇ 80 ਫੀਸਦੀ ਕੁਰਬਾਨੀਆਂ ਕੀਤੀਆਂ ਹਨ ਤੇ ਜੇ ਸਿੱਖ ਇੰਨੀ ਵੱਡੀ ਗਿਣਤੀ 'ਚ ਕੁਰਬਾਨੀ ਨਾ ਕਰਦੇ ਤਾਂ ਅੱਜ ਹਿੰਦੁਸਤਾਨ ਦਾ ਨਕਸ਼ਾ ਹੋਰ ਹੁੰਦਾ।ਇਸ ਦੌਰਾਨ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀ.ਕੇ.ਨੇ ਵੀ ਕਿਹਾ ਕਿ ਦਮਦਮੀ ਟਕਸਾਲ ਨੇ ਜਿੱਥੇ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ ,ਉਥੇ ਹੀ ਉੱਘੇ ਵਿਦਵਾਨ ਤੇ ਗਿਆਨੀ ਪੈਦਾ ਕਰਨ 'ਚ ਮੋਹਰੀ ਰਹੀ ਹੈ।ਇਸ ਲਈ ਸਿੱਖ ਕੌਮ ਅਤੇ ਨਾਨਕ ਨਾਮ ਲੇਵਾ ਸੰਗਤਾਂ 'ਚ ਦਮਦਮੀ ਟਕਸਾਲ ਪ੍ਰਤੀ ਵੱਡੀ ਆਸਥਾ ਹੈ।

ਇਸ ਸਮਾਗਮ ਦੌਰਾਨ ਉੱਘੇ ਸਿੱਖ ਵਿਦਵਾਨ ਪ੍ਰੋ.ਹਰਭਜਨ ਸਿੰਘ,ਭਾਈ ਕਰਨੈਲ਼ ਸਿੰਘ ਪੰਜੋਲੀ,ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਭਾਈ ਰਣਧੀਰ ਸਿੰਘ ਰਾੜਾ ਸਾਹਿਬ ਤੇ ਨਿਹੰਗ ਬਾਬਾ ਮੇਜਰ ਸਿੰਘ ਸੋਢੀ ਤੋਂ ਇਲਾਵਾ ਬਹੁਤ ਸਾਰੇ ਬੁਲਾਰਿਆਂ ਨੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂ ਦੇ ਫੁੱਲ ਭੇਂਟ ਕਰਦੇ ਹੋਏ ਸ਼ਹੀਦਾਂ ਦੇ ਸਤਿਕਾਰ 'ਚ ਆਪਣੇ ਵਿਚਾਰ ਰੱਖੇ ਤੇ ਦਮਦਮੀ ਟਕਸਾਲ ਵੱਲੋਂ ਕੌਮ ਪ੍ਰਤੀ ਨਿਭਾਈਆ ਜਾ ਰਹੀਆਂ ਅਹਿਮ ਸੇਵਾਵਾਂ ਲਈ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਸ਼ਲਾਘਾ ਕਰਦੇ ਹੋਏ ਹਰ ਪੱਖੋਂ ਟਕਸਾਲ ਦਾ ਸਾਥ ਦੇਣ ਦਾ ਭਰੋਸਾ ਦਿੱਤਾ।

ਇਸ ਸਮਾਗਮ ਦੌਰਾਨ ਸਮੂਹ ਬੁਲਾਰਿਆਂ ਨੇ ਦਮਦਮੀ ਟਕਸਾਲ ਵੱਲੋਂ ਬਾਣੀ ਤੇ ਬਾਣੇ ਦੇ ਪ੍ਰਚਾਰ ਤੇ ਪ੍ਰਸਾਰ ਲਈ ਨਿਭਾਈਆਂ ਜਾ ਰਹੀਆਂ ਵਿਸ਼ਾਲ ਪੰਥਕ ਸੇਵਾਵਾਂ ਲਈ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਜਿੱਥੇ ਦਮਦਮੀ ਟਕਸਾਲ ਸ਼ਹਾਦਤਾਂ ਦੇਣ 'ਚ ਮੋਹਰੀ ਰਹੀ ਹੈ,ਉੱਥੇ ਹੀ ਪੰਥਕ ਤੌਰ 'ਤੇ ਵੀ ਦਮਦਮੀ ਟਕਸਾਲ ਨੇ ਮੋਹਰੀ ਹੋ ਕੇ ਸੇਵਾਵਾਂ ਨਿਭਾਈਆਂ ਹਨ।ਉਨ੍ਹਾਂ ਨੇ ਸੰਤ ਗਿ.ਹਰਨਾਮ ਸਿੰਘ ਖਾਲਸਾ ਵੱਲੋਂ ਸ਼ਹੀਦੀ ਗੈਲਰੀ ਬਣਾਉਣਾ,ਸ਼ਹੀਦੀ ਗੈਲਰੀ ਅੰਦਰ ਤੀਸਰੇ ਘੱਲੂਘਾਰੇ ਦੀ ਸਮੂਹ ਸ਼ਹੀਦਾਂ ਦੀਆਂ ਫੋਟੋਆਂ ਸਥਾਪਿਤ ਕਰਨ ,ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਰਥਾਂ ਦਾ 16 ਸਟੀਕ 'ਚ ਟੀਕਾ ਜਾਰੀ ਕਰਨ ਤੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਅਸਥਾਨ ਦੇ ਸੁੰਦਰੀਕਰਨ ਲਈ ਨਿਭਾਈ ਜਾ ਰਹੀ ਸੇਵਾ ਦਾ ਜ਼ਿਕਰ ਕਰਦਿਆ ਕਿਹਾ ਕਿ ਦਮਦਮੀ ਟਕਸਾਲ ਇੱਕ ਵਿੱਲਖਣ 'ਤੇ ਨਿਰਾਲ਼ੀ ਸੰਸਥਾ ਹੈ ਤੇ ਗੁਰੂ ਦੀ ਆਪਾਰ ਕ੍ਰਿਪਾ ਨਾਲ ਇਹ ਮਹੱਤਵਪੂਰਨ ਸੇਵਾਵਾਂ ਇਸ ਸੰਸਥਾ ਦੇ ਹਿੱਸੇ ਆਈਆਂ ਹਨ।ਉਨ੍ਹਾਂ ਕੌਮ ਖਾਤਰ ਕੁਰਬਾਨੀਆਂ ਕਰਨ ਵਾਲੇ ਸਿੰਘਾਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਾਰ ਲੈਣ ਲਈ ਦਮਦਮੀ ਟਕਸਾਲ

**ਲੱਖਾਂ ਸੰਗਤਾਂ ਨੇ ਸ਼ਰਧਾਂ ਨਾਲ ਮਨਾਇਆ 40ਵਾਂ ਸ਼ਹੀਦੀ ਸਮਾਗਮ**

# 'ਆਪ ਮੁਹਾਰੇ' ਵਹੀਰਾਂ ਘੱਤ ਕੇ ਦਮਦਮੀ ਟਕਸਾਲ ਪੁੱਜੀਆਂ

## ਕੁਝ ਸਾਕੇ ਲੋਕ-ਹਿਰਦਿਆਂ ਉੱਪਰ ਆਪਣੀ ਅਮਿੱਟ ਛਾਪ ਸਦੀਵੀ ਕਾਲ ਲਈ ਛੱਡ ਜਾਂਦੇ ਹਨ- ਸੰਤ ਗਿ.ਹਰਨਾਮ ਸਿੰਘ ਖਾਲਸਾ























(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਦੇ ਮੁਖੀ ਦੀ ਜ਼ੋਰਦਾਰ ਸਲਾਘਾ ਕਰਦਿਆਂ ਕਿਹਾ ਕਿ ਦਮਦਮੀ ਟਕਸਾਲ ਅੱਜ ਵੀ ਗੁਰੂ ਸਾਹਿਬਾਨ ਦੇ ਆਸੇ ਦੀ ਪੂਰਤੀ ਲਈ ਨਿਰੰਤਰ ਕਾਰਜਸ਼ੀਲ ਹੈ।

ਸਮਾਗਮ ਦੌਰਾਨ ਦਮਦਮੀ ਟਕਸਾਲ ਦੇ ਸੱਦੇ 'ਤੇ ਸਮਾਗਮ 'ਚ ਸ਼ਾਮਿਲ ਹੋਏ ਬੰਦੀ ਸਿੰਘਾਂ ਦਾ ਆਈਆਂ ਸ਼ਖਸ਼ੀਅਤਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ,ਉਪਰੰਤ ਸਮੂਹ ਪੰਥਕ ਸ਼ਖਸ਼ੀਅਤਾਂ ਨੂੰ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸਤਿਕਾਰ 'ਚ ਸਿਰਪਾਓ ਤੇ ਦੁਸ਼ਾਲੇ ਭੇਂਟ ਕੀਤੇ।ਇਸ ਦੌਰਾਨ ਪ੍ਰਿੰ.ਗੁਰਦੀਪ ਸਿੰਘ ਰੰਧਾਵਾ, ਗਿਆਨੀ ਜੀਵਾ ਸਿੰਘ,ਗਿਆਨੀ ਪਲਵਿੰਦਰਪਾਲ ਸਿੰਘ ਬੁੱਟਰ ਤੇ ਗਿਆਨੀ ਸਾਹਿਬ ਸਿੰਘ ਵੱਲੋਂ ਮੰਚ ਸੰਚਾਲਨ ਦੀ ਸੇਵਾ ਭਿਾਈ ਗਈ,ਜਦਿਕ ਪ੍ਰਿੰ.ਹਰਸ਼ਦੀਪ ਸਿੰਘ ਰੰਧਾਵਾ ਤੇ ਡਾ.ਅਵਤਾਰ ਸਿੰਘ ਬੁੱਟਰ ਨੇ ਸਮਾਗਮ ਦੇ ਪ੍ਰਬੰਧਾਂ ਨੂੰ ਬਾਖੂਬੀ ਸਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ।

ਅੱਜ ਇਸ ਪੰਥਕ ਇਕੱਠ ਅੰਦਰ ਸਿੰਘ ਸਿੰਘ ਸਾਹਿਬ ਗਿ.ਬਲਦੇਵ ਸਿੰਘ ਜਥੇਦਾਰ ਪਟਨਾ ਸਾਹਿਬ,ਸਾਹਿਬ ਗਿਆਨੀ ਅਮਰਜੀਤ ਸਿੰਘ ਆਡੀਸ਼ਨਲ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿ. ਰਾਜਦੀਪ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,ਸਿੰਘ ਸਾਹਿਬ ਗਿ.ਗੁਰਦਿਆਲ ਸਿੰਘ ਮੀਤ ਜਥੇ. ਤਖਤ ਸ੍ਰੀ ਪਟਨਾ ਸਾਹਿਬ,ਭਾਈ ਈਸ਼ਰ ਸਿੰਘ,ਸੰਤ ਬਾਬਾ ਬੁੱਧ ਸਿੰਘ ਨਿੱਕੇ ਘੁੰਮਣਾਂ,ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ,ਬਾਬਾ ਗੁਰਭੇਜ਼ ਸਿੰਘ ਖੁਜ਼ਾਲਾ,ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ,ਸੰਤ ਬਾਬਾ ਬਲਜ਼ਿੰਦਰ ਸਿੰਘ ਰਾੜਾ ਸਾਹਿਬ,ਸੰਤ ਬਾਬਾ ਸਤਨਾਮ ਸਿੰਘ,ਸੰਤ ਬਾਬਾ ਅਮਰੀਕ ਸਿੰਘ ਕਾਰ ਸੇਵਾ ਪਟਿਆਲਾ, ਬਾਬਾ ਅਮਰ ਸਿੰਘ ਤੇ ਬਾਬਾ ਅਮਨਦੀਪ ਸਿੰਘ ਗੁਰੂ ਕਾ ਬਾਗ,ਸੰਤ ਬਾਬਾ ਗੁਰਮੀਤ ਸਿੰਘ ਰਾਜਸਥਾਨਮ,ਸੰਤ ਬਾਬਾ ਗੁਰਦੇਵ ਸਿੰਘ ਹੁਸ਼ਿਆਰਪੁਰ,ਬਾਬਾ ਕਰਨਬੀਰ ਸਿੰਘ,ਬਾਬਾ ਹਰਚਰਨ ਸਿੰਘ ਨਾਨਕਕਸਰ,ਬਾਬਾ ਤੀਰਥ ਸਿੰਘ,ਬਾਬਾ ਗੁਰਜੰਟ ਸਿੰਘ ਰੋਹੀ ਵਾਲੇ,ਗਿ.ਹਰਪ੍ਰੀਤ ਸਿੰਘ ਜੋਗੇਵਾਲ,ਸੰਤ ਬਾਬਾ ਬਲਜੀਤ ਸਿੰਘ,ਬਾਬਾ ਗੁਰਦਿਆਲ ਸਿੰਘ ਲੰਗਿਆਣਾ,ਬਾਬਾ ਸ਼ਹੀਦ ਸਿੰਘ ਪਟਿਆਲਾ,ਮਾਤਾ ਸ਼ਿੰਦਰ ਕੌਰ,ਬਾਬਾ ਕਰਮਜੀਤ ਸਿੰਘ ਟਿੱਬੇਵਾਲ,ਬਾਬਾ ਮੰਗਲ ਸਿੰਘ ਸੁਰਨੰਗਲ,ਬਾਬਾ ਜਸਬੀਰ ਸਿੰਘ,ਬਾਬਾ ਦਿਲਬਾਗ ਸਿੰਘ,ਬਾਬਾ ਅਮਰੀਕ ਸਿੰਘ,ਸੰਤ ਬਾਬਾ ਅਮਰ ਸਿੰਘ ਪੱਡੇ,ਸੰਤ ਬਾਬਾ ਸੁਲੱਖਣ ਸਿੰਘ ਮੁਰਦਾਪੁਰ,ਬਾਬਾ ਅਮਰੀਕ ਸਿੰਘ ਡੇਰਾ ਹਰਜੀ ਸਾਹਿਬ,ਸੰਤ ਬਾਬਾ ਕੁਲਦੀਪ ਸਿੰਘ ਪਾਉਂਟਾ ਸਾਹਿਬ,ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ,ਸੰਤ ਬਾਬਾ ਸੁਖਦੇਵ ਸਿੰਘ ਧਾਰੀਵਾਲ,ਨਾਨਕਸਰ ਕਲੇਰਾਂ ਤੋਂ ਸੰਤ ਬਾਬਾ ਤੇਜਿੰਦਰ ਸਿੰਘ ਜਿੰਦੂ, ਸੰਤ ਬਾਬਾ ਗੁਰਦੇਵ ਸਿੰਘ ਕੁੱਲੀ ਵਾਲੇ,ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ, ਬਾਬਾ ਅਜੀਤ ਸਿੰਘ ਤਰਨਾਦਲ ਮਹਿਤਾ, ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਤੋਂ ਭਾਈ ਨਰਿੰਦਰ ਸਿੰਘ,ਭਾਂਈ ਸਲਵਿੰਦਰ ਸਿੰਘ ਤੇ ਭਾਈ ਗੁਰਪ੍ਰੀਤ ਸਿੰਘ,ਚੇਅਰਮੈਨ ਜਸਪਾਲ ਸਿੰਘ ਸਿੱਧੂ ਤੇ ਭਾਈ ਹਰਦੀਪ ਸਿੰਘ ਸਿੱਧੂ ਨਵੀਂ ਮੁੰਬਈ ,ਸ਼ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਤੋਂ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਅਜੈਬ ਸਿੰਘ ਅਭਿਆਸੀ,ਜਥੇਦਾਰ ਕਸ਼ਮੀਰ ਸਿੰਘ ਬਰਿਆਰ,ਰਜਿੰਦਰ ਸਿੰਘ ਮਹਿਤਾ ਜਨਰਲ ਸਕੱਤਰ,ਭਾਈ ਸੁੱਖ ਹਰਪ੍ਰੀਤ ਸਿੰਘ ਰੋਡੇ,ਭਾਈ ਪ੍ਰਤਾਪ ਸਿੰਘ ਸਕੱਤਰ ਤੋਂ ਇਲਾਵਾ ਮਹੰਤ ਸੁਖਦੇਵ ਸਿੰਘ,ਮਹੰਤ ਸ਼ੇਰ ਸਿੰਘ ਸ਼ਕਰਵਿਲਾਪੁਰ,ਸੁਖਦੇਵ ਮੁਨੀ ਸੰਘੇੜਾ,ਮਹੰਤ ਜਰਨੈਲ ਸਿੰਘ ਅਖਾੜਾ,ਵਰਿੰਦਰ ਮੁਨੀ ਫੇਰੂਮਾਨ,ਮਹੰਤ ਮਨਜੀਤ ਸਿੰਘ ਨੌਸ਼ਹਿਰਾ,ਬਾਬਾ ਸਤਨਾਮ ਸਿੰਘ,ਬਾਬਾ ਸੁੱਚਾ

**ਲੱਖਾਂ ਸੰਗਤਾਂ ਨੇ ਸ਼ਰਧਾਂ ਨਾਲ ਮਨਾਇਆ 40ਵਾਂ ਸ਼ਹੀਦੀ ਸਮਾਗਮ**

# 'ਆਪ ਮੁਹਾਰੇ' ਵਹੀਰਾਂ ਘੱਤ ਕੇ ਦਮਦਮੀ ਟਕਸਾਲ ਪੁੱਜੀਆਂ

## ਕੁਝ ਸਾਕੇ ਲੋਕ-ਹਿਰਦਿਆਂ ਉੱਪਰ ਆਪਣੀ ਅਮਿੱਟ ਛਾਪ ਸਦੀਵੀ ਕਾਲ ਲਈ ਛੱਡ ਜਾਂਦੇ ਹਨ- ਸੰਤ ਗਿ.ਹਰਨਾਮ ਸਿੰਘ ਖਾਲਸਾ






















ਸਿੰਘ,ਜਥੇ.ਬਾਬਾ ਬਲਦੇਵ ਸਿੰਘ,ਬਾਬਾ ਗੁਰਮੁੱਖ ਆਲੋਵਾਲ,ਬਾਬਾ ਵਿਸਾਖਾ ਸਿੰਘ,ਬਾਬਾ ਬਲਜਿੰਦਰ ਸਿੰਘ ਰਾੜਾ ਸਾਹਿਬ,ਬਾਬਾ ਸਤਿੰਦਰ ਸਿੰਘ ਮੁਕੇਰੀਆਂ,ਪ੍ਰਧਾਨ ਅਮਰਬੀਰ ਸਿੰਘ ਢੋਟ,ਭਾਈ ਲਖਬੀਰ ਸਿੰਘ ਸੇਖੋਂ,ਐਡਵੋਕੇਟ ਸਰਪੰਚ ਸੁਖਜਿੰਦਰ ਸਿੰਘ,ਸਰਪੰਚ ਅਮਰਜੀਤ ਸਿੰਘ ਪਹੁੰਵਿੰਡ,ਭਾਈ ਜਗਤਾਰ ਸਿੰਘ ਭਿੱਖੀਵਿੰਡ,ਚੇਅਰਮੈਨ ਦੀਦਾਰ ਸਿੰਘ ਮਲਕ,ਚੇਅਰਮੈਨ ਅਮਰਜੀਤ ਸਿੰਘ ਰਾਏਕੋਟ,ਭਾਈ ਦਿਲਬਾਗ ਸਿੰਘ ਬਾਸਰਕੇ,ਭਾਈ ਸੁਖਦੇਵ ਸਿੰਘ ਮੱਲਾਵਾਲ,ਭਾਈ ਅਵਤਾਰ ਸਿੰਘ ਅਲਗੋਕੋਠੀ,ਭਾਈ ਹੀਰਾ ਸਿੰਘ ਮਨਿਆਲਾ,ਭਾਈ ਮਨਜੀਤ ਸਿੰਘ ਸਿੰਘ ਨੁਸ਼ਹਿਰਾ,ਭਾਈ ਰਣਧੀਰ ਸਿੰਘ,ਮਾਤਾ ਜਸਪ੍ਰੀਤ ਕੌਰ,ਭਾਈ ਪਰਮਜੀਤ ਸਿੰਘ ਗਿੱਲ ਮੋਹਾਲੀ,ਭਾਈ ਇਕਬਾਲ ਸਿੰਘ ਮੋਹਾਲੀ,ਭਾਈ ਹਰਪਾਲ ਸਿੰਘ ਰੋਡੇ,ਭਾਈ ਸ਼ਮਸ਼ੇਰ ਸਿੰਘ ਜੇਠੂਵਾਲ,ਭਾਈ ਕੁਲਦੀਪ ਸਿੰਘ ਖਾਲਸਾ,ਭਾਈ ਤਾਰਾ ਸਿੰਘ,ਭਾਈ ਜੋਰਾ ਸਿੰਘ,ਭਾਈ ਅਮਰਜੀਤ ਸਿੰਘ ਚਹੇੜੂ,ਭਾਈ ਸੁਖਵਿੰਦਰ ਸਿੰਘ ਹਰਦਿਆਣਾ,ਭਾਈ ਗੁਰਦੀਪ ਸਿੰਘ ਨੋ ਲੱਖਾ,ਭਾਈ ਮੋਹਕਮ ਸਿੰਘ,ਭਾਈ ਤਰਨਜੀਤ ਸਿੰਘ,ਭਾਈ ਨਿਸ਼ਾਨ ਸਿੰਘ,ਭਾਈ ਰਸ਼ਪਾਲ ਸਿੰਘ,ਭਾਈ ਹਰਿੰਦਰਪਾਲ ਸਿੰਘ,ਭਾਈ ਸਤਵੰਤ ਸਿੰਘ,ਭਾਈ ਮਹਿੰਦਰ ਸਿੰਘ,ਭਾਈ ਪ੍ਰਿਤਪਾਲ ਸਿੰਘ,ਭਾਈ ਮਨਦੀਪ ਸਿੰਘ,ਭਾਈ ਦਇਆ ਸਿੰਘ ਲਾਹੌਰੀਆ,ਬਾਬਾ ਬੋਹੜ ਸਿੰਘ ,ਸਰਪੰਚ ਕਸ਼ਮੀਰ ਸਿੰਘ,ਇਕਬਾਲ ਸਿੰਘ ਮਾਨ,ਮਲਕੀਤ ਸਿੰਘ ਮਾਨ,ਕੰਵਰਦੀਪ ਸਿੰਘ ਮਾਨ,ਅਮਰਦੀਪ ਸਿੰਘ,ਕਰਨਬੀਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ। ••

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 7 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੨੫ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਮੋਦੀ ਦਾ ਸਹੁੰ ਚੁੱਕ ਸਮਾਗਮ 9 ਜੂਨ ਨੂੰ ਸ਼ਾਮ 6 ਵਜੇ; ਭਾਜਪਾ ਦੇ ਜੇਤੂ ਮੰਤਰੀਆਂ ਨੂੰ ਦੁਹਰਾਇਆ ਜਾਵੇਗਾ, ਸਮ੍ਰਿਤੀ-ਰਾਜੀਵ ਚੰਦਰਸ਼ੇਖਰ ਨੂੰ ਮਿਲ ਸਕਦਾ ਹੈ ਮੌਕਾ

**ਚੰਡੀਗੜ੍ਹ, 6 ਜੂਨ (ਆਵਾਜ਼ਿ ਕੌਮ ਬਿਊਰੋ)**- ਮੋਦੀ ਸਰਕਾਰ ਦੇ ਸਹੁੰ ਚੁੱਕ ਸਮਾਗਮ ਦੀ ਨਵੀਂ ਤਰੀਕ ਵੀਰਵਾਰ (6 ਜੂਨ) ਨੂੰ ਆਈ ਹੈ। ਮੋਦੀ 9 ਜੂਨ ਨੂੰ ਸ਼ਾਮ 6 ਵਜੇ ਸਹੁੰ ਚੁੱਕ ਸਕਦੇ ਹਨ। ਇਸ ਤੋਂ ਪਹਿਲਾਂ 8 ਜੂਨ ਨੂੰ ਸਹੁੰ ਚੁੱਕਣ ਦੀਆਂ ਖਬਰਾਂ ਆਈਆਂ ਸਨ। ਸੂਤਰਾਂ ਅਨੁਸਾਰ ਲੋਕ ਸਭਾ ਚੋਣਾਂ ਵਿੱਚ ਭਾਜਪਾ ਵੱਲੋਂ ਜਿੱਤੇ ਸਾਰੇ ਮੰਤਰੀਆਂ ਨੂੰ ਇਸ ਵਾਰ ਵੀ ਦੁਹਰਾਇਆ ਜਾਵੇਗਾ। ਮੰਤਰੀ ਅਹੁਦਿਆਂ ਦੀ ਸੂਚੀ ਤੋਂ ਵਿਵਾਦਾਂ ਨਾਲ ਜੁੜੇ ਚਿਹਰਿਆਂ ਦੇ ਨਾਂ ਹਟਾਏ ਜਾ ਸਕਦੇ ਹਨ। ਪਾਰਟੀ ਚੋਣਾਂ ਹਾਰਨ ਵਾਲੀ ਸਮ੍ਰਿਤੀ ਇਰਾਨੀ ਅਤੇ ਰਾਜੀਵ ਚੰਦਰਸ਼ੇਖਰ ਨੂੰ ਇੱਕ ਹੋਰ ਮੌਕਾ ਦੇ ਸਕਦੀ ਹੈ। ਉਨ੍ਹਾਂ ਨੂੰ ਦੁਬਾਰਾ ਮੰਤਰੀ ਦਾ ਅਹੁਦਾ ਮਿਲ ਸਕਦਾ ਹੈ। ਦਿੱਲੀ ਵਿੱਚ ਭਾਜਪਾ ਪ੍ਰਧਾਨ ਜੇਪੀ ਨੱਡਾ ਦੇ ਘਰ ਇੱਕ ਅਹਿਮ ਮੀਟਿੰਗ ਹੋਈ। ਇਸ ਵਿੱਚ ਅਮਿਤ ਸ਼ਾਹ ਅਤੇ ਰਾਜਨਾਥ ਸਿੰਘ ਵੀ ਮੌਜੂਦ ਸਨ। ਮੀਟਿੰਗ ਵਿੱਚ ਨਵੀਂ ਸਰਕਾਰ ਦੇ ਗਠਨ, ਮੰਤਰੀ ਮੰਡਲ ਵਿੱਚ ਭਾਜਪਾ ਅਤੇ ਸਹਿਯੋਗੀ ਦਲਾਂ ਨੂੰ ਥਾਂ ਦੇਣ ਅਤੇ ਸਹੁੰ ਚੁੱਕ ਸਮਾਗਮ ਦੀਆਂ ਤਿਆਰੀਆਂ ਸਮੇਤ ਕਈ ਮੁੱਦਿਆਂ 'ਤੇ ਚਰਚਾ ਹੋਣ ਦੀ ਖ਼ਬਰ ਹੈ। ਲੋਕ ਸਭਾ ਚੋਣਾਂ ਵਿੱਚ ਭਾਜਪਾ ਨੂੰ 240 ਸੀਟਾਂ ਮਿਲੀਆਂ ਹਨ। ਇਹ ਬਹੁਮਤ ਅੰਕੜੇ (272) ਤੋਂ 32 ਸੀਟਾਂ ਘੱਟ ਹੈ। ਹਾਲਾਂਕਿ ਐਨਡੀਏ ਨੇ 293 ਸੀਟਾਂ ਨਾਲ ਬਹੁਮਤ ਦਾ ਅੰਕੜਾ ਪਾਰ ਕਰ ਲਿਆ ਹੈ। ਭਾਜਪਾ ਤੋਂ ਇਲਾਵਾ ਐਨਡੀਏ ਕੋਲ 14 ਸਹਿਯੋਗੀਆਂ ਦੇ 53 ਸੰਸਦ ਮੈਂਬਰ ਹਨ।

## ਐਮ. ਪੀ. ਬਣਦੇ ਹੀ

# ਕੰਗਨਾ ਰਣੌਤ ਨੂੰ ਜੜਿਆ ਥੱਪੜ

**ਚੰਡੀਗੜ੍ਹ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਹਮੇਸ਼ਾਂ ਵਿਵਾਦਾਂ ਵਿੱਚ ਰਹਿਣ ਵਾਲੀ ਬਾਲੀਵੁੱਡ ਅਭਿਨੇਤਰੀ ਕੰਗਣਾ ਰਣੌਤ ਨੂੰ ਸੰਸਦ ਮੈਂਬਰ ਬਣਦਿਆਂ ਦੀ ਏਅਰਪੋਰਟ ਉਪਰ ਥੱਪੜ ਪਿਆ ਹੈ। ਭਾਜਪਾ ਸੰਸਦ ਮੈਂਬਰ ਕੰਗਨਾ ਰਣੌਤ ਨੇ ਖੁਦ ਹੀ ਇਲਜ਼ਾਮ ਲਾਇਆ ਹੈ ਕਿ ਉਸ ਨੂੰ ਚੰਡੀਗੜ੍ਹ ਏਅਰਪੋਰਟ 'ਤੇ CISF ਦੀ ਮਹਿਲਾ ਗਾਰਡ ਨੇ ਥੱਪੜ ਮਾਰਿਆ ਹੈ। ਅਦਾਕਾਰਾ ਨੇ ਮਹਿਲਾ ਗਾਰਡ ਉਪਰ ਦੋਸ਼ ਲਾਏ ਹਨ ਤੇ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਥੱਪੜ ਮਾਰਨ ਵਾਲੀ ਗਾਰਡ ਦਾ ਨਾਂ ਕੁਲਵਿੰਦਰ ਕੌਰ ਦੱਸਿਆ ਜਾ ਰਿਹਾ ਹੈ। ਉਂਝ ਥੱਪੜ ਬਾਰੇ ਪੁਸ਼ਟੀ ਨਹੀਂ ਹੋ ਸਕੀ ਪਰ ਵਾਇਰਲ ਵੀਡੀਓ ਵਿੱਚ ਕਾਫੀ ਹੰਗਾਮਾ ਹੁੰਦਾ ਨਜ਼ਰ ਆ ਰਿਹਾ ਹੈ।



ਕੰਗਨਾ ਰਣੌਤ ਦੇ ਰਾਜਨੀਤਕ ਸਲਾਹਕਾਰ ਅਨੁਸਾਰ, ਚੰਡੀਗੜ੍ਹ ਏਅਰਪੋਰਟ ਦੇ ਅੰਦਰ ਇੱਕ CISF ਮਹਿਲਾ ਗਾਰਡ ਨੇ ਕੰਗਨਾ ਰਣੌਤ ਨੂੰ ਥੱਪੜ ਮਾਰ ਦਿੱਤਾ। ਉਨ੍ਹਾਂ ਮੰਗ ਕੀਤੀ ਹੈ ਕਿ ਸੀਆਈਐਸਐਫ ਦੇ ਗਾਰਡ ਨੂੰ ਹਟਾ ਕੇ ਉਨ੍ਹਾਂ ਖ਼ਿਲਾਫ਼ ਜਲਦੀ ਤੋਂ ਜਲਦੀ ਕਾਰਵਾਈ ਕੀਤੀ ਜਾਵੇ। ਉਧਰ, ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਕਿਸਾਨ ਅੰਦੋਲਨ ਦੇ ਖਿਲਾਫ ਬੋਲਣ 'ਤੇ ਸੀਆਈਐਸਐਫ ਗਾਰਡ ਕੰਗਨਾ ਰਣੌਤ ਤੋਂ ਨਾਰਾਜ਼ ਸੀ ਪਰ ਇਸ ਦੀ ਕਿਸੇ ਨੇ ਪੁਸ਼ਟੀ ਨਹੀਂ ਕੀਤੀ ਪਰ ਲੜਕੀ ਨਾਲ ਕੰਗਣਾ ਦੀ ਬਹਿਸ ਜ਼ਰੂਰ ਹੋਈ ਹੈ। ਦੱਸ ਦੇਈਏ ਕਿ ਮੰਡੀ ਤੋਂ ਲੋਕ ਸਭਾ ਚੋਣ ਜਿੱਤਣ ਤੋਂ ਬਾਅਦ ਕੰਗਨਾ ਰਣੌਤ ਅੱਜ ਦਿੱਲੀ ਲਈ ਰਵਾਨਾ ਹੋ ਗਈ ਹੈ। ਇਸੇ ਦੌਰਾਨ ਚੰਡੀਗੜ੍ਹ ਏਅਰਪੋਰਟ ਤੋਂ ਥੱਪੜ ਮਾਰਨ ਦੀ ਖ਼ਬਰ ਆਈ। ਸੋਸ਼ਲ ਮੀਡੀਆ 'ਤੇ ਆਪਣੀ ਫੋਟੋ ਸ਼ੇਅਰ ਕਰਦੇ ਹੋਏ ਕੰਗਨਾ ਨੇ ਦੱਸਿਆ ਸੀ ਕਿ ਉਹ ਸੰਸਦ ਜਾ ਰਹੀ ਹੈ। ਕੰਗਨਾ ਨੇ ਇੰਸਟਾਗ੍ਰਾਮ 'ਤੇ ਆਪਣੀ ਤਸਵੀਰ ਵੀ ਸ਼ੇਅਰ ਕੀਤੀ ਹੈ।

## ਕੰਗਣਾ ਨੇ ਕਿਹਾ ਸੀ, 100-100 ਰੁਪਏ ਦਿਹਾੜੀ ਲੈ ਕੇ ਬੈਠਦੀਆਂ ਪੰਜਾਬ ਦੀਆਂ ਔਰਤਾਂ, ਉਨ੍ਹਾਂ 'ਚ ਮੇਰੀ ਮਾਂ ਵੀ ਸੀ

**ਚੰਡੀਗੜ੍ਹ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਏਅਰਪੋਰਟ 'ਤੇ ਭਾਜਪਾ ਸਾਂਸਦ ਅਤੇ ਅਭਿਨੇਤਰੀ ਕੰਗਨਾ ਰਣੌਤ ਨਾਲ ਬਦਸਲੂਕੀ ਦੇ ਮਾਮਲੇ 'ਚ ਨਵੇਂ ਫੈਕਟਸ ਸਾਹਮਣੇ ਆ ਰਹੇ ਹਨ। ਹੁਣ ਥੱਪੜ ਮਾਰਨ ਵਾਲੀ ਮੁਲਜ਼ਮ ਸੀ.ਆਈ.ਐੱਸ.ਐੱਫ. ਦੀ ਜਵਾਨ ਦੀ ਵੀਡੀਓ ਸਾਹਮਣੇ ਆਈ ਹੈ। ਇਸ ਵੀਡੀਓ 'ਚ ਸੀ.ਆਈ.ਐੱਫ.ਐੱਸ. ਦੀ ਮਹਿਲਾ ਕਰਮਚਾਰੀ ਜੋ ਆਖ਼ ਰਹੀ ਹੈ, ਉਸ ਤੋਂ ਸਾਫ਼ ਝਲਕ ਰਿਹਾ ਹੈ ਕਿ ਉਹ ਕਿਸਾਨ ਅੰਦੋਲਨ ਨੂੰ ਲੈ ਕੇ ਦਿੱਤੇ ਗਏ ਕੰਗਨਾ ਰਣੌਤ ਦੇ ਪੁਰਾਣੇ ਬਿਆਨ ਤੋਂ ਬੇਹੱਦ ਨਾਖੁਸ਼ ਸੀ। ਜੋ ਵੀਡੀਓ ਸਾਹਮਣੇ ਆਈ ਹੈ, ਉਸ ਵਿਚ ਸੀ.ਆਈ.ਐੱਸ.ਐੱਫ. ਦੀ ਇਹ ਜਵਾਨ ਕਹਿੰਦੀ ਦਿਸ ਰਹੀ ਹੈ ਕਿ 'ਇਸ ਨੇ ਬੋਲਿਆ ਸੀ, ਕਿਸਾਨ ਅੰਦੋਲਨ 'ਚ 100-100 ਰੁਪਏ 'ਚ ਔਰਤਾਂ ਬੈਠਦੀਆਂ ਸਨ। ਉਥੇ ਮੇਰੀ ਮਾਂ ਵੀ ਸੀ।' ਜ਼ਿਕਰਯੋਗ ਹੈ ਕਿ ਵੀਰਵਾਰ ਯਾਨੀ ਅੱਜ ਦੁਪਹਿਰ 3.30 ਵਜੇ ਕੰਗਨਾ ਜਦੋਂ ਦਿੱਲੀ ਜਾਣ ਲਈ ਚੰਡੀਗੜ੍ਹ ਏਅਰਪੋਰਟ 'ਤੇ ਪੁਜੀ ਸੀ ਤਾਂ ਸਕਿਓਰਿਟੀ ਚੈੱਕ ਇਨ ਤੋਂ ਬਾਅਦ ਬੋਰਡਿੰਗ



ਲਈ ਜਾਂਦੇ ਸਮੇਂ ਐੱਲ.ਸੀ.ਟੀ. ਕੁਲਵਿੰਦਰ ਕੌਰ (ਸੀ.ਆਈ.ਐੱਸ.ਐਫ. ਯੂਨਿਟ ਚੰਡੀਗੜ੍ਹ ਏਅਰਪੋਰਟ) ਨੇ ਉਸ ਨੂੰ ਥੱਪੜ ਮਾਰ ਦਿੱਤਾ ਸੀ। ਇਸ ਤੋਂ ਬਾਅਦ ਕੰਗਨਾ ਰਣੌਤ ਦੇ ਨਾਲ ਸਫਰ ਕਰ ਰਹੇ ਸ਼ਖ਼ਸ ਮਯੰਕ ਮਧੁਰ ਨੇ ਕੁਲਵਿੰਦਰ ਕੌਰ ਨੂੰ ਥੱਪੜ ਮਾਰਨ ਦੀ ਕੋਸ਼ਿਸ਼ ਕੀਤੀ। ਮੁਲਜ਼ਮ (ਸੀ.ਆਈ.ਐੱਸ.ਐਫ. ਦੇ ਜਵਾਨਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਚੰਡੀਗੜ੍ਹ ਹਵਾਈ ਅੱਡੇ 'ਤੇ ਸੀ.ਆਈ.ਐੱਸ.ਐੱਫ. ਵੱਲੋਂ ਸੀ.ਸੀ.ਟੀ.ਵੀ. ਦੀ ਜਾਂਚ ਕੀਤੀ ਜਾ ਰਹੀ ਹੈ।

## ਨਿਤਿਸ਼ ਦਾ ਮੋਦੀ ਨੂੰ ਝਟਕਾ ! ਸਰਕਾਰ ਬਣਨ ਤੋਂ ਪਹਿਲਾਂ ਰੱਖ ਦਿੱਤੀਆਂ ਦੋ ਵੱਡੀਆਂ ਮੰਗਾਂ

**ਨਵੀਂ ਦਿੱਲੀ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਐਨਡੀਏ ਦੀ ਭਾਈਵਾਲ ਨਿਤਿਸ਼ ਕੁਮਾਰ



ਦੀ ਪਾਰਟੀ ਜੇਡੀਯੂ ਨੇ ਮੋਦੀ ਨੂੰ ਝਟਕੇ ਦੇਣੇ ਸ਼ੁਰੂ ਕਰ ਦਿੱਤੇ ਹਨ। ਜੇਡੀਯੂ ਨੇ ਸਰਕਾਰ ਬਣਨ ਤੋਂ ਪਹਿਲਾਂ ਦੋ ਵੱਡੀਆਂ ਮੰਗਾਂ ਰੱਖ ਦਿੱਤੀਆਂ ਹਨ। ਇਨ੍ਹਾਂ ਨੂੰ ਲੈ ਕੇ ਪੇਚ ਫਸ ਸਕਦਾ ਹੈ ਕਿਉਂਕਿ ਇਹ ਦੋਵਾਂ ਮੰਗਾਂ ਮੰਨਣੀਆਂ ਮੋਦੀ ਸਰਕਾਰ ਲਈ ਸੌਖਾ ਨਹੀਂ ਹੋਏਗਾ। ਇਹ ਦੋ ਮੰਗਾਂ ਅਗਨੀਵੀਰ ਤੇ ਯੂਸੀਸੀ ਨਾਲ ਜੁੜੀਆਂ ਹਨ। ਦਰਅਸਲ ਮੋਦੀ ਸਰਕਾਰ ਦਾ ਤੀਜਾ ਕਾਰਜਕਾਲ ਸ਼ੁਰੂ ਹੋਣ ਤੋਂ ਪਹਿਲਾਂ ਹੀ ਸਹਿਯੋਗੀ ਪਾਰਟੀਆਂ ਨੇ ਦਬਾਅ ਦੀ ਰਾਜਨੀਤੀ ਕਰਨੀ ਸ਼ੁਰੂ ਕਰ ਦਿੱਤੀ ਹੈ। ਕਿੰਗ ਮੇਕਰ ਦੀ ਭੂਮਿਕਾ 'ਚ ਨਜ਼ਰ ਆ ਰਹੀ ਜੇਡੀਯੂ ਨੇ ਭਾਜਪਾ ਤੋਂ ਕਈ ਮੰਤਰਾਲਿਆਂ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਉਨ੍ਹਾਂ ਇਹ ਵੀ ਸਪੱਸ਼ਟ ਕਰ ਦਿੱਤਾ ਹੈ ਕਿ ਅਗਨੀਵੀਰ ਸਕੀਮ 'ਤੇ ਮੁੜ ਵਿਚਾਰ ਕਰਨ ਦੀ ਲੋੜ ਹੈ। ਯੂਨੀਫਾਰਮ ਸਿਵਲ ਕੋਡ (ਯੂਸੀਸੀ) ਬਾਰੇ ਆਪਣੇ ਪੱਖ ਸਪਸ਼ਟ ਕਰਦਿਆਂ ਜੇਡੀਯੂ ਨੇ ਇੱਕ ਵਾਰ ਫਿਰ ਭਾਜਪਾ 'ਤੇ ਦਬਾਅ ਬਣਾਇਆ ਹੈ। ਐਨਡੀਏ ਦੇ ਸਹਿਯੋਗੀ ਜਨਤਾ ਦਲ ਯੂਨਾਈਟਿਡ ਨੇ ਵੱਡਾ ਬਿਆਨ ਦਿੰਦੇ ਹੋਏ ਕਿਹਾ ਹੈ ਕਿ ਯੂਨੀਫਾਰਮ ਸਿਵਲ ਕੋਡ 'ਤੇ ਸਾਡਾ ਸਟੈਂਡ ਅੱਜ ਵੀ ਉਹੀ ਹੈ। ਜੇਡੀਯੂ ਦੇ ਜਨਰਲ ਸਕੱਤਰ ਤੇ ਬੁਲਾਰੇ ਕੇਸੀ ਤਿਆਗੀ ਨੇ ਕਿਹਾ ਕਿ ਉਦੋਂ ਵੀ ਅਸੀਂ ਕਿਹਾ ਸੀ ਕਿ ਇਸ ਮਾਮਲੇ 'ਤੇ ਸਾਰੇ ਸਟੇਕ ਹੋਲਟਰਾਂ ਨੂੰ ਨਾਲ ਲੈ ਕੇ ਚੱਲਣ ਦੀ ਲੋੜ ਹੈ। ਕੇਸੀ ਤਿਆਗੀ ਨੇ ਕਿਹਾ, 'ਅਸੀਂ ਉਦੋਂ ਵੀ ਕਿਹਾ ਸੀ ਕਿ ਇਸ ਮਾਮਲੇ 'ਤੇ ਸਾਰੇ ਸਟੇਕ ਹੋਲਟਰਾਂ ਨੂੰ ਨਾਲ ਲੈ ਕੇ ਉਨ੍ਹਾਂ ਦੇ ਵਿਚਾਰਾਂ ਨੂੰ ਸਮਝਣ ਦੀ ਲੋੜ ਹੈ। "33 'ਤੇ ਨਿਤੀਸ਼ ਕੁਮਾਰ ਨੇ ਲਾਅ ਕਮਿਸ਼ਨ ਦੇ ਚੇਅਰਮੈਨ ਨੂੰ ਪੱਤਰ ਲਿਖ ਕੇ ਕਿਹਾ ਸੀ ਕਿ ਅਸੀਂ ਇਸ ਦੇ ਖਿਲਾਫ ਨਹੀਂ ਹਾਂ ਪਰ ਇਸ 'ਤੇ ਵਿਆਪਕ ਚਰਚਾ ਦੀ ਲੋੜ ਹੈ। ਇਸ ਤੋਂ ਇਲਾਵਾ ਅਗਨੀਵੀਰ ਯੋਜਨਾ ਦਾ ਜ਼ਿਕਰ ਕਰਦੇ ਹੋਏ ਕੇਸੀ ਤਿਆਗੀ ਨੇ ਕਿਹਾ, 'ਅਗਨੀਵੀਰ ਯੋਜਨਾ ਨੂੰ ਲੈ ਕੇ ਕਾਫੀ ਵਿਰੋਧ ਹੋਇਆ ਸੀ ਤੇ ਇਸ ਦਾ ਅਸਰ ਚੋਣਾਂ 'ਚ ਵੀ ਦੇਖਣ ਨੂੰ ਮਿਲਿਆ। ਇਸ 'ਤੇ ਮੁੜ ਵਿਚਾਰ ਕਰਨ ਦੀ ਲੋੜ ਹੈ। ਅਗਨੀਵੀਰ ਯੋਜਨਾ ਬਾਰੇ ਨਵੇਂ ਤਰੀਕੇ ਨਾਲ ਸੋਚਣ ਦੀ ਲੋੜ ਹੈ। ਜਦੋਂ ਅਗਨੀਵੀਰ ਸਕੀਮ ਆਈ ਤਾਂ ਇੱਕ ਵੱਡੇ ਵਰਗ ਵਿੱਚ ਅਸੰਤੋਸ਼ ਸੀ। ਮੇਰਾ ਮੰਨਣਾ ਹੈ ਕਿ ਚੋਣਾਂ ਵਿੱਚ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਵੀ ਵਿਰੋਧ ਕੀਤਾ। ਇਸ ਲਈ ਅੱਜ ਇਸ ਬਾਰੇ ਨਵੇਂ ਤਰੀਕੇ ਨਾਲ ਚਰਚਾ ਕਰਨ ਦੀ ਲੋੜ ਹੈ। ਵਨ ਨੇਸ਼ਨ, ਵਨ ਇਲੈਕਸ਼ਨ ਦਾ ਸਮਰਥਨ ਕਰਦੇ ਹੋਏ ਕੇਸੀ ਤਿਆਗੀ ਨੇ ਕਿਹਾ ਕਿ ਜਿੱਥੋਂ ਤੱਕ ਇਕ ਦੇਸ਼, ਇੱਕ ਚੋਣ ਦਾ ਸਵਾਲ ਹੈ, ਅਸੀਂ ਇਸ ਦੇ ਸਮਰਥਨ ਵਿੱਚ ਹਾਂ। ਕੇਸੀ ਤਿਆਗੀ ਨੇ ਕਿਹਾ ਕਿ ਅਸੀਂ ਲੰਬੇ ਸਮੇਂ ਤੋਂ ਮੰਗ ਕਰ ਰਹੇ ਹਾਂ ਕਿ ਜੇਕਰ ਬਿਹਾਰ ਤੋਂ ਪਰਵਾਸ ਰੋਕਣਾ ਹੈ ਤਾਂ ਇਸ ਨੂੰ ਵਿਸ਼ੇਸ਼ ਰਾਜ ਦਾ ਦਰਜਾ ਦਿੱਤਾ ਜਾਵੇ।

## ਵਧ ਸਕਦੀਆਂ ਨੇ ਰਾਹੁਲ ਗਾਂਧੀ ਦੀਆਂ ਮੁਸ਼ਕਲਾਂ, ਗ਼ੈਰ-ਜ਼ਮਾਨਤੀ ਵਾਰੰਟ ਜਾਰੀ ਕਰਨ ਦੀ ਮੰਗ

**ਨਵੀਂ ਦਿੱਲੀ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਦੇ ਨਤੀਜਿਆਂ ਤੋਂ ਬਾਅਦ, ਕਾਂਗਰਸ ਨੇਤਾ ਰਾਹੁਲ ਗਾਂਧੀ ਸ਼ੁੱਕਰਵਾਰ (7 ਜੂਨ) ਨੂੰ ਬੈਂਗਲੂਰੂ ਦੀ ਇੱਕ ਅਦਾਲਤ ਵਿੱਚ ਪੇਸ਼ ਹੋਣਗੇ। ਅੰਗਰੇਜ਼ੀ





ਵੈੱਬਸਾਈਟ ਇੰਡੀਆ ਟੂਡੇ ਦੀ ਰਿਪੋਰਟ ਮੁਤਾਬਕ, ਭਾਜਪਾ ਦੇ ਐਮਐਲਸੀ ਕੇਸ਼ਵ ਪ੍ਰਸਾਦ ਨੇ ਕਾਂਗਰਸੀ ਆਗੂ ਖ਼ਿਲਾਫ਼ ਮਾਣਹਾਨੀ ਦਾ ਕੇਸ ਦਰਜ ਕਰਵਾਇਆ ਸੀ। ਉਨ੍ਹਾਂ ਨੇ ਭਾਜਪਾ ਨੂੰ ਭ੍ਰਿਸ਼ਟ ਦੱਸਦੇ ਹੋਏ ਸਥਾਨਕ ਅਖਬਾਰਾਂ 'ਚ ਦਿੱਤੇ ਇਸ਼ਤਿਹਾਰ ਨੂੰ ਲੈ ਕੇ ਪਟੀਸ਼ਨ ਦਾਇਰ ਕੀਤੀ ਸੀ। ਭਾਜਪਾ ਵੱਲੋਂ ਦਾਇਰ ਮਾਣਹਾਨੀ ਦੇ ਮਾਮਲੇ ਵਿੱਚ ਰਾਹੁਲ ਗਾਂਧੀ ਭਲਕੇ ਬੇਂਗਲੁਰੂ ਦੀ ਸਥਾਨਕ ਅਦਾਲਤ ਵਿੱਚ ਪੇਸ਼ ਹੋਣਗੇ। ਇਸ ਤੋਂ ਪਹਿਲਾਂ ਅਦਾਲਤ ਨੇ ਕਰਨਾਟਕ ਦੇ ਮੁੱਖ ਮੰਤਰੀ ਸਿੱਧਰਮਈਆ ਅਤੇ ਸੂਬਾ ਕਾਂਗਰਸ ਪ੍ਰਧਾਨ ਡੀਕੇ ਸ਼ਿਵਕੁਮਾਰ ਨੂੰ ਜ਼ਮਾਨਤ ਦੇ ਦਿੱਤੀ ਸੀ। ਰਾਹੁਲ ਗਾਂਧੀ ਇਸ ਮਾਮਲੇ ਵਿੱਚ ਚੌਥੇ ਮੁਲਜ਼ਮ ਹਨ, ਜਦਕਿ ਕੇਰਲ ਪ੍ਰਦੇਸ਼ ਕਾਂਗਰਸ ਕਮੇਟੀ (ਕੇਪੀਸੀਸੀ), ਸ਼ਿਵਕੁਮਾਰ ਅਤੇ ਸਿੱਧਰਮਈਆ ਪਹਿਲੇ ਤਿੰਨ ਮੁਲਜ਼ਮ ਹਨ। ਕਰਨਾਟਕ ਦੀ ਭਾਜਪਾ ਇਕਾਈ ਨੇ ਅਦਾਲਤ ਤੋਂ ਰਾਹੁਲ ਗਾਂਧੀ ਵਿਰੁੱਧ ਗ਼ੈਰ-ਜ਼ਮਾਨਤੀ ਵਾਰੰਟ ਜਾਰੀ ਕਰਨ ਦੀ ਮੰਗ ਕੀਤੀ ਹੈ ਕਿਉਂਕਿ ਉਹ 1 ਜੂਨ ਨੂੰ ਅਦਾਲਤ ਵਿਚ ਪੇਸ਼ ਨਹੀਂ ਹੋਏ ਸਨ। ਹਾਲਾਂਕਿ ਕਾਂਗਰਸ ਨੇ ਕਿਹਾ ਸੀ ਕਿ ਰਾਹੁਲ ਗਾਂਧੀ ਇਸ਼ਤਿਹਾਰ ਦੇ ਪ੍ਰਕਾਸ਼ਨ ਵਿੱਚ ਸ਼ਾਮਲ ਨਹੀਂ ਸਨ, ਪਰ ਅਦਾਲਤ ਨੇ ਕਿਹਾ ਸੀ ਕਿ ਉਨ੍ਹਾਂ ਨੂੰ 7 ਜੂਨ ਨੂੰ ਪੇਸ਼ ਹੋਣਾ ਪਵੇਗਾ। ਭਾਜਪਾ ਐਮਐਲਸੀ ਤੇ ਜਨਰਲ ਸਕੱਤਰ ਕੇਸ਼ਵ ਪ੍ਰਸਾਦ ਨੇ ਕਾਂਗਰਸ ਦੇ ਇਸ਼ਤਿਹਾਰ ਨੂੰ ਲੈ ਕੇ ਮਾਣਹਾਨੀ ਦਾ ਕੇਸ ਦਾਇਰ ਕੀਤਾ ਸੀ। ਕਾਂਗਰਸ ਨੇ ਆਪਣੇ ਇਸ਼ਤਿਹਾਰ ਵਿੱਚ ਦੋਸ਼ ਲਾਇਆ ਸੀ ਕਿ ਸਾਰੇ ਜਨਤਕ ਕੰਮਾਂ ਨੂੰ ਚਲਾਉਣ ਲਈ 40 ਫੀਸਦੀ ਕਮਿਸ਼ਨ ਲਿਆ ਜਾਂਦਾ ਹੈ। ਇਸ਼ਤਿਹਾਰ 'ਚ ਸਾਬਕਾ ਭਾਜਪਾ ਸਰਕਾਰ 'ਤੇ ਸਵਾਲ ਉਠਾਏ ਗਏ ਸਨ ਅਤੇ ਇਸ ਨੂੰ ਭ੍ਰਿਸ਼ਟਾਚਾਰ ਦਾ ਰੇਟ ਕਾਰਡ ਦੱਸਿਆ ਗਿਆ ਸੀ। ਕੇਸ਼ਵ ਪ੍ਰਸਾਦ ਨੇ ਮਾਣਹਾਨੀ ਮਾਮਲੇ 'ਚ ਦੋਸ਼ ਲਗਾਇਆ ਹੈ ਕਿ ਕਾਂਗਰਸ ਨੇ ਸਰਕਾਰੀ ਪ੍ਰੋਜੈਕਟਾਂ 'ਚ ਭਾਜਪਾ 'ਤੇ 40 ਫੀਸਦੀ ਕਮਿਸ਼ਨ ਦੇਣ ਦਾ ਦੋਸ਼ ਲਗਾਉਂਦੇ ਹੋਏ ਪੂਰੇ ਪੰਨੇ ਦਾ ਇਸ਼ਤਿਹਾਰ ਛਾਪ ਕੇ ਗੁੰਮਰਾਹਕੁੰਨ ਪ੍ਰਚਾਰ ਕੀਤਾ।

## ਰਾਜਾ ਵੜਿੰਗ ਦਾ ਵੱਡਾ ਐਕਸ਼ਨ, ਪੰਜਾਬ ਕਾਂਗਰਸ ਦੇ ਇਸ ਨੇਤਾ ਨੂੰ ਕੱਢਿਆ ਪਾਰਟੀ ਤੋਂ ਬਾਹਰ





**ਚੰਡੀਗੜ੍ਹ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਹਾਲ ਦੇ ਵਿੱਚ ਲੋਕ ਸਭਾ ਚੋਣਾਂ ਦੇ ਨਤੀਜੇ ਸਾਹਮਣੇ ਆਏ ਹਨ। ਇਸ ਵਾਰ ਪੰਜਾਬ ਲੋਕ ਸਭਾ ਚੋਣਾਂ ਦੇ ਵਿੱਚ ਕਾਂਗਰਸ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਰਿਹਾ ਹੈ। ਹੁਣ ਪੰਜਾਬ ਕਾਂਗਰਸ ਪਾਰਟੀ ਤੋਂ ਇੱਕ ਵੱਡੀ ਖ਼ਬਰ ਨਿਕਲ ਕੇ ਸਾਹਮਣੇ ਆ ਰਹੀ ਹੈ ਕਿ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੱਡਾ ਐਕਸ਼ਨ ਲਿਆ ਹੈ ਅਤੇ ਪਾਰਟੀ ਵਿਰੋਧੀ ਗਤੀਵਿਧੀਆਂ ਕਾਰਨ ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ ਨੂੰ ਪਾਰਟੀ ਤੋਂ ਬਾਹਰ ਦਾ ਰਾਹ ਦਿਖਾ ਦਿੱਤਾ ਹੈ। ਜ਼ਿਕਰਯੋਗ ਹੈ ਕਿ ਬਾਘਾ ਪੁਰਾਣਾ ਦੇ ਸਾਬਕਾ ਵਿਧਾਇਕ ਸਨ ਦਰਸ਼ਨ ਸਿੰਘ ਬਰਾੜ, ਜਿਨ੍ਹਾਂ ਦੀ ਹੁਣ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਖਾਰਜ ਕਰ ਦਿੱਤੀ ਗਈ ਹੈ। ਇਹ ਜਾਣਕਾਰੀ ਪੰਜਾਬ ਕਾਂਗਰਸ ਦੇ ਆਫੀਸ਼ੀਅਲ ਐਕਸ ਯਾਨੀਕਿ ਟਵਿੱਟਰ ਉੱਤੇ ਪੋਸਟ ਪਾ ਕੇ ਸਾਂਝੀ ਕੀਤੀ ਗਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --★ ਪ੍ਰੋਗਰਾਮ ★--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI KA KHALSA
WAHEGURU JI KI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

☛ ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਅੰਮ੍ਰਿਤ ਛਕੋ ਸ੍ਰੀ ਅਕਾਲ ਸਹਾਇ ਸਿੰਘ ਸਜੋ

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

# ਗੁਰਮਤਿ ਸਿਖਲਾਈ ਕੈਂਪ- 2024

ਮਿਤੀ 2 ਜੂਨ ਤੋਂ 30 ਜੂਨ ਤੱਕ ਰੋਜ਼ਾਨਾ

ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ - ਸਵੇਰੇ 09:00 ਤੋਂ 11:00 ਵਜੇ ਤੱਕ

ਗੁਰਦੁਆਰਾ ਕਿਰਾਰੋਦ ਨਾਰਨੌਲ - ਸ਼ਾਮ 05:00 ਤੋਂ 07:00 ਵਜੇ ਤੱਕ

ਇਸ ਕੈਂਪ ਵਿੱਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁੱਧ ਉਚਾਰਣ ਅਤੇ ਗੁਰਮੁਖੀ ਲਿਪੀ ਦੀ ਜਾਣਕਾਰੀ ਦਿੱਤੀ ਜਾਵੇਗੀ।

ਵਿਸ਼ੇਸ਼ - ਕੈਂਪ ਦੀ ਸਮਾਪਤੀ ਤੋਂ ਉਪਰੰਤ 30 ਜੂਨ 2024 ਨੂੰ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।

ਜਿਸ ਵਿੱਚ ਕਥਾਵਾਚਕ, ਢਾਡੀ, ਕਵੀਸ਼ਰ ਅਤੇ ਹਜੂਰੀ ਰਾਗੀ ਜਥੇ ਹਾਜਰੀ ਭਰਨਗੇ। ਇਸ ਤੋਂ ਉਪਰੰਤ ਬੱਚਿਆਂ ਅਤੇ ਪ੍ਰਬੰਧਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਕਮੇਟੀ ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ :- ਸਮੂਹ ਸਾਧ ਸੰਗਤ ਨਾਰਨੌਲ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)

ਅੰਮ੍ਰਿਤ ਛਕੋ ਸ੍ਰੀ ਅਕਾਲ ਸਹਾਇ ਸਿੰਘ ਸਜੋ

ਗੁਰਮਤਿ ਸਿੱਖ ਕੇ ਅਸੀਂ ਸਿਖਾਉਣੀ ਅੰਮ੍ਰਿਤਧਾਰੀ ਕੌਮ ਬਣਾਉਣੀ ਕਰਨਾ ਸਿੱਖੀ ਦਾ ਪ੍ਰਚਾਰ ਸਾਰੀ ਦੁਨੀਆਂ ਦੇ ਵਿਚਕਾਰ

ਸ੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

ਅੰਬਾਲਾ ਜਿਲੇ ਦੀ ਸਮੁੱਚੀ ਸਿੱਖ ਸੰਗਤ ਦੇ ਸਹਿਯੋਗ ਸਦਕਾ

8ਵੀਂ ਜਮਾਤ ਤੋਂ 12ਵੀਂ ਜਮਾਤ ਤੱਕ ਦੇ ਬੱਚਿਆਂ ਨੂੰ ਸਿੱਖੀ ਤੇ ਮਾਣ ਮਹਿਸੂਸ ਕਰਵਾਉਣ ਦੇ ਯਤਨ ਵਜੋਂ

# ਦੂਸਰਾ ਬਾਲਾ ਪ੍ਰੀਤਮ ਗੁਰਮਤਿ ਸਿਖਲਾਈ ਕੈਂਪ

ਸਥਾਨ – ਗੁਰਦੁਆਰਾ ਪੰਜੋਖਰਾ ਸਾਹਿਬ, ਪਾ: ੯ਵੀਂ ਅੰਬਾਲਾ ਹਰਿਆਣਾ

ਮਿਤੀ – 12 ਜੂਨ 2024 ਤੋਂ 15 ਜੂਨ 2024 ਤੱਕ, ਸਮਾਂ – ਸਵੇਰੇ 09:00 ਵਜੇ ਤੋਂ ਦੁਪਹਿਰ 02:00 ਵਜੇ ਤੱਕ

ਗੁਰਮਤਿ ਕੈਂਪ ਦੇ ਅਖੀਰਲੇ ਦਿਨ ਵਿਦਿਆਥੀਆਂ ਦਾ ਧਾਰਮਿਕ ਪੇਪਰ ਵੀ ਲਿਆ ਜਾਵੇਗਾ।

ਜਾਣਕਾਰੀ ਲਈ ਸੰਪਰਕ – ਮੈਨੇਜਰ ਗੁ: ਪੰਜੋਖਰਾ ਸਾਹਿਬ ਅੰਬਾਲਾ (9991037375) , ਹੈਡ ਗ੍ਰੰਥੀ ਬਾਬਾ ਬੂਟਾ ਸਿੰਘ ਜੀ (9728333218), ਪ੍ਰਚਾਰਕ ਮਨਪ੍ਰੀਤ ਸਿੰਘ ਜਨਸੂਆ (8221858675)

ਸਵਾਲ ਜਬਾਬ ਮੁਕਾਬਲਾ

ਕਵਿਤਾ ਲੈਕਚਰ ਮੁਕਾਬਲਾ

ਦਸ ਗੁਰੂ ਸਾਹਿਬਾਨਾਂ ਦਾ ਜੀਵਨ ਬਿਓਰਾ

ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਲਈ ਰੈਫਰੇਸ਼ਮੈਂਟ ਅਤੇ ਗੁਰੂ ਕੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇਗਾ।

- ਬੱਚਿਆਂ ਨੂੰ ਲਿਆਉਣ ਲਈ ਬੱਸਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।
- ਕੈਂਪ ਦੀ ਰਜਿਸਟਰੇਸ਼ਨ 10 ਜੂਨ ਤੱਕ ਹੋਵੇਗੀ।
- ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਸੁਦਰਸ਼ਨ ਸਿੰਘ ਅੰਬਾਲਾ
ਸੀਨੀਅਰ ਮੀਤ ਪ੍ਰਧਾਨ HSGMC



ਸ. ਬੀ. ਐਸ. ਅੰਬਾਲਾ
ਮੈਂਬਰ HSGMC



ਸ. ਟੀ. ਪੀ. ਸਿੰਘ ਅੰਬਾਲਾ
ਅੰਤ੍ਰਿੰਗ ਮੈਂਬਰ HSGMC



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ – ਸਮੂੰਹ ਮੈਂਬਰ ਸਾਹਿਬਾਨ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)

ਦੇਗ ਤੇਗ ਫਤਿਹ

ਪੰਥ ਕੀ ਜੀਤ

ਅੰਮ੍ਰਿਤ ਛਕੋ – ਸਿੰਘ ਸਜੋ

ਵਿੱਦਿਆ ਸਭ ਦਾ ਮਾਣ ਹੈ, ਵਿੱਦਿਆ ਦਿੰਦੀ ਗਿਆਨ ॥
ਵਿੱਦਿਆ ਪੜ੍ਹੀਏ ਚਿੱਤ ਲਾ, ਵਿੱਦਿਆ ਦੇਈਏ ਦਾਨ ॥

ਧਰਮ ਪ੍ਰਚਾਰ ਕਮੇਟੀ H.S.G.M.C ਕੁਰੂਕਸ਼ੇਤਰ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ–2024

ਇਸ ਕੈਂਪ ਵਿਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁਧ ਉਚਾਰਣ, ਸਿਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ ਕੀਰਤਨ ਦੀ ਸਿਖਲਾਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼੍ਰੀ ਅਖੰਡ ਪਾਠ, ਸਹਿਜ ਪਾਠ, ਸਪਤਾਹਿਕ ਸਹਿਜ ਪਾਠ ਕਰਨ ਦੇ ਨਿਯਮ ਬਾਰੇ ਜਾਣਕਾਰੀ ਦਿਤੀ ਜਾਵੇਗੀ । ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿਤੀ ਜਾਵੇਗੀ ।

ਇਹ ਗੁਰਮਤਿ ਕੈਂਪ ਗੁ॰ ਬੰਗਲਾ ਸਾਹਿਬ, ਰੋਹਤਕ ਵਿਖੇ **26 ਮਈ ਤੋਂ 29 ਜੂਨ 2024** ਤਕ ਰੋਜ਼ਾਨਾ ਸ਼ਾਮ **4:00 ਵਜੇ ਤੋਂ 7:00 ਵਜੇ ਤਕ** ਚਲੇਗਾ ।

ਗੁਰਮਤਿ ਕੈਂਪ ਦੀ ਸਮਾਪਤੀ 30 ਜੂਨ 2024 ਐਤਵਾਰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸਵੇਰੇ 10 ਤੋਂ 1:00 ਵਜੇ ਤਕ ਹੋਵੇਗੀ । ਜਿਸ ਵਿਚ ਬਚਿਆਂ ਦੁਆਰਾ ਕੀਰਤਨ, ਸਿੱਖ ਇਤਿਹਾਸ ਅਤੇ ਗੁਰਬਾਣੀ ਪ੍ਰਤਿਯੋਗਤਾ ਹੋਵੇਗੀ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨੀ ਲਗਾਇਆ ਜਾਵੇਗਾ ।

ਸਮਾਪਤੀ ਉਪਰੰਤ ਕਲਗੀਧਰ ਪਿਤਾ ਅੰਮ੍ਰਿਤਦਾਤਾ ਦੀ ਬਖਸ਼ੀਸ਼ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ ।

ਨੋਟ : ਨੌਜਵਾਨ ਬੱਚੇ ਤੇ ਬੱਚੀਆਂ ਨੂੰ ਕੇਸਾਂ ਦੀ ਬੇਅਦਬੀ ਤੇ ਨਸ਼ਿਆਂ ਤੋਂ ਦੂਰ ਰਖਣ ਲਈ ਗੁਰਮਤਿ ਕੈਂਪ ਵਿੱਚ ਜਰੂਰ ਭੇਜੋ ਜੀ

ਗੁਰਚਰਨ ਸਿੰਘ ਖਾਲਸਾ ਇੰਚਾਰਜ ਗੁਰਮਤਿ ਕਲਾਸਿਸ



## ਅੰਮ੍ਰਿਤ ਸੰਚਾਰ

ਮਿਤੀ 30 ਜੂਨ 2024 ਦਿਨ ਐਤਵਾਰ ਦੁਪਹਿਰ 12:30 ਵਜੇ

ਨੋਟ : ਕਕਾਰ ਮੁਫਤ ਦਿੱਤੇ ਜਾਣਗੇ



ਸ. ਭੁਪਿੰਦਰ ਸਿੰਘ ਜੀ ਅਸੰਧ
(ਪ੍ਰਧਾਨ H.S.G.M.C.)



ਸ॰ ਹਰਭਜਨ ਸਿੰਘ ਰਾਠੌਰ
ਮੈਂਬਰ H.S.G.M.C.
M. 9896003836



ਜ॰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
H.S.G.M.C.

ਬੇਨਤੀ ਕਰਤਾ : ਸਕਤਰ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੇਂਟ ਕਮੇਟੀ
ਮੈਨੇਜਰ, ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ (ਹਰਿਆਣਾ)
ਸੰਪਰਕ ਨੰ॰ 9813230906, 9728715453, 9896828411, 9896003836, 9911325568

* Arun Printers, Quilla Mohalla, Rohtak. Ph. 9896455615



ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ ’ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









www.khalsaforge.com





pakistan gurdwara yatra

6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

£1095

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223


ਦਮਦਮੀ ਟਕਸਾਲ ਵੱਲੋ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜੂਰੀਏ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੋ ਸ਼ੁੱਕਰਵਾਰ ਸਮਾ 6pm ਤੋ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋਂ 3.30pm ਅਤੇ 4pm ਤੋ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
07454 023 665
07940 368926
07478 804 044


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ
ਜੂਨ 1984 ਦੇ ਸਮੂੰਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ
20ਵੀਂ ਸਦੀ ਦੇ ਮਹਾਨ ਸਿੱਖ ਸ਼ਹੀਦ ਸੰਤ ਗਿ: ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ
ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ
ਅਮਰ ਸ਼ਹੀਦ ਬਾਬਾ ਠਾਰਾ ਸਿੰਘ ਜੀ
ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ
40ਵਾਂ ਘੱਲੂਘਾਰਾ ਸ਼ਹੀਦੀ ਸਮਾਗਮ
ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਨਾਢਾ ਸਾਹਿਬ ਪੰਚਕੂਲਾ (ਹਰਿਆਣਾ) ਵਿਖੇ
ਮਿਤੀ 9 ਜੂਨ 2024 ਦਿਨ ਐਤਵਾਰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ
ਘੱਲੂਘਾਰਾ ਸ਼ਹੀਦੀ ਸਮਾਗਮ ਵਿੱਚ ਪੰਥ ਪ੍ਰਸਿੱਧ ਕੀਰਤਨੀਏ ਪ੍ਰਚਾਰਕ ਢਾਡੀ ਜੱਥੇ
ਪੰਥਕ ਆਗੂ ਸਾਹਿਬਾਨ ਸੰਤ ਮਹਾਂਪੁਰਸ਼ ਪੁੱਜ ਕੇ ਗੁਰਬਾਣੀ ਕਥਾ ਕੀਰਤਨ
ਗੁਰਮਤਿ ਵਿਚਾਰਾਂ ਦੁਆਰਾ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨਗੇ
ਸਰਬੱਤ ਸੰਗਤਾਂ ਸਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ
ਲਈ ਵਹੀਰਾਂ ਘੱਤ ਕੇ ਪੁੱਜੋ ਜੀ।
ਬੇਨਤੀ ਕਰਤਾ - ਸਕੱਤਰ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਮੈਨੇਜਰ ਗੁਰਦੁਆਰਾ ਨਾਢਾ ਸਾਹਿਬ ਅਤੇ ਸਾਧਸੰਗਤ ਹਰਿਆਣਾ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

### ਸਾਕਾ ਨੀਲਾ ਤਾਰਾ ਦੀ 40ਵੀਂ ਵਰ੍ਹੇਗੰਢ ਮੌਕੇ

# ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਵੀ ਹੋਏ ਧਾਰਮਿਕ ਸਮਾਗਮ



ਤਲਵੰਡੀ ਸਾਬੋ, 06 ਜੂਨ (ਗੁਰਜੰਟ ਸਿੰਘ ਨਥੇਹਾ)– ਜੂਨ 1984 ਵਿੱਚ ਕੇਂਦਰ ਦੀ ਤਤਕਾਲੀ ਇੰਦਰਾ ਗਾਂਧੀ ਸਰਕਾਰ ਵੱਲੋਂ 'ਸਾਕਾ ਨੀਲਾ ਤਾਰਾ' ਦੇ ਨਾਂ ਹੇਠ ਸ੍ਰੀ ਅਕਾਲ ਤਖਤ ਸਾਹਿਬ ਤੇ ਕੀਤੀ ਗਈ ਫੌਜੀ ਕਾਰਵਾਈ ਦੀ 40ਵੀਂ ਵਰ੍ਹੇਗੰਢ ਜਿੱਥੇ ਸਮੁੱਚੇ ਸਿੱਖ ਜਗਤ ਵਿੱਚ ਮਨਾਈ ਜਾ ਰਹੀ ਹੈ ਉੱਥੇ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਵੀ ਇਸ ਮੌਕੇ ਧਾਰਮਿਕ ਸਮਾਗਮ ਕਰਵਾਏ ਗਏ ਅਤੇ ਫੌਜੀ ਕਾਰਵਾਈ ਦਾ ਮੁਕਾਬਲਾ ਕਰਦਿਆਂ ਸ਼ਹਾਦਤ ਹਾਸਿਲ ਕਰਨ ਵਾਲੇ ਕੌਮੀ ਯੋਧਿਆਂ ਨੂੰ ਨਮਨ ਕੀਤਾ ਗਿਆ। ਅੱਜ ਸਭ ਤੋਂ ਪਹਿਲਾਂ ਤਖਤ ਸਾਹਿਬ ਦੇ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਬੀਤੇ ਤਿੰਨ ਦਿਨਾਂ ਤੋਂ ਪ੍ਰਕਾਸ਼ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਤਖਤ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਸ਼ਬਦ ਗਾਇਨ ਕੀਤੇ ਗਏ ਜਦੋਂਕਿ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਅਰਦਾਸ ਕੀਤੀ। ਉਕਤ ਸਮਾਗਮ ਵਿੱਚ ਜਿੱਥੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਉੱਥੇ ਵੱਡੀ ਗਿਣਤੀ ਸੰਗਤਾਂ ਨੇ ਵੀ ਹਾਜ਼ਿਰੀ ਭਰੀ। ਅਰਦਾਸ ਉਪਰੰਤ ਤਖਤ ਸਾਹਿਬ ਕੰਪਲੈਕਸ ਅੱਗੇ ਕਰਵਾਏ ਢਾਡੀ ਦਰਬਾਰ ਚ ਢਾਡੀ ਜਥਿਆਂ ਨੇ 'ਸਾਕਾ ਨੀਲਾ ਤਾਰਾ' ਦੌਰਾਨ ਫੌਜੀ ਜਬਰ ਦਾ ਹਥਿਆਰਬੰਦ ਸੰਘਰਸ਼ ਦੌਰਾਨ ਮੁਕਾਬਲਾ ਕਰਦਿਆਂ ਸ਼ਹਾਦਤ ਹਾਸਲ ਕਰਨ ਵਾਲੇ ਵੀਹਵੀ ਸਦੀਂ ਦੇ ਮਹਾਨ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਸ਼ੂਰਬੀਰਤਾ ਦੀਆਂ ਵਾਰਾਂ ਨਾਲ ਸੰਗਤਾਂ ਚ ਜੋਸ਼ ਭਰਿਆ।

### ਸਾਕਾ ਨੀਲਾ ਤਾਰਾ ਸਿੱਖਾਂ ਲਈ ਕਦੇ ਨਾ ਭਰਨ ਵਾਲਾ ਜਖਮ- ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ



ਸਮਾਗਮ ਉਪਰੰਤ ਗੱਲਬਾਤ ਕਰਦਿਆਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਾਕਾ ਨੀਲਾ ਤਾਰਾ ਸਿੱਖਾਂ ਲਈ ਅਜਿਹਾ ਜਖਮ ਹੈ ਜੋ ਕਦੇ ਵੀ ਭਰੇਗਾ ਨਹੀ। ਉਨਾਂ ਕਿਹਾ ਕਿ ਤਤਕਾਲੀ ਹਿੰਦ ਹਕੂਮਤ ਨੇ ਸਿੱਖਾਂ ਨੂੰ ਦਬਾਉਣ ਦੀ ਕੋਝੀ ਚਾਲ ਚਲਦਿਆਂ ਜੂਨ 1984 ਚ ਸ੍ਰੀ ਅਕਾਲ ਤਖਤ ਸਾਹਿਬ ਅਤੇ 35 ਹੋਰ ਗੁਰਧਾਮਾਂ ਤੇ ਫੌਜ ਚੜਾਈ।ਸਾਕਾ ਨੀਲਾ ਤਾਰਾ ਦੌਰਾਨ ਸਿੱਖ ਕੌਮ ਦੀ ਅਣਖ ਦੀ ਰਾਖੀ ਲਈ ਲੜਦਿਆਂ ਸੰਤ ਜਰਨੈਲ ਸਿੰਘ ਸਮੇਤ ਕੌਮ ਦੇ ਮਹਾਨ ਯੋਧਿਆਂ ਨੇ ਕੁਰਬਾਨੀ ਦਿੱਤੀ ਉੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨਾਂ ਲਈ ਪੁੱਜੇ ਸਿੰਘ/ਸਿੰਘਣੀਆਂ ਅਤੇ ਭੁਝੰਗੀਆਂ ਨੂੰ ਭਾਰਤੀ ਫੌਜ ਨੇ ਮੌਤ ਦੇ ਘਾਟ ਉਤਾਰ ਦਿੱਤਾ। ਉਨਾਂ ਕਿਹਾ ਕਿ ਸਾਕੇ ਦੇ 40 ਵਰ੍ਹਿਆਂ ਬਾਅਦ ਵੀ ਕੌਮ ਆਪਣੇ ਸ਼ਹੀਦਾਂ ਨੂੰ ਯਾਦ ਕਰਨ ਲਈ ਵਧ ਚੜ੍ਹ ਕੇ ਅੱਜ ਦੇ ਸਮਾਗਮਾਂ 'ਚ ਪੁੱਜੀ ਹੈ ਅਤੇ ਰਹਿੰਦੀ ਦੁਨੀਆਂ ਤੱਕ ਸਿੱਖ ਸੰਗਤ ਇਸ ਸਾਕੇ ਨੂੰ ਯਾਦ ਰੱਖੇਗੀ। ਇਸ ਮੌਕੇ ਤਖਤ ਸਾਹਿਬ ਮੀਤ ਮੈਨੇਜਰ ਭਾਈ ਗੁਰਦੇਵ ਸਿੰਘ, ਗੁਰਸੇਵਕ ਸਿੰਘ ਕਿੰਗਰਾ, ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ ਆਦਿ ਮੌਜੂਦ ਸਨ।

### ਦਿੱਲੀ ਗੁਰਦੁਆਰਾ ਕਮੇਟੀ ਨੇ ਅਪਰੇਸ਼ਨ ਬਲੂ ਸਟਾਰ ਦੀ

# 40ਵੀਂ ਵਰ੍ਹੇਗੰਢ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ

ਨਵੀਂ ਦਿੱਲੀ, 6 ਜੂਨ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਤੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਕਮੇਟੀ ਵੱਲੋਂ ਅਪਰੇਸ਼ਨ ਬਲੂ ਸਟਾਰ ਦੀ 40ਵੀਂ ਵਰ੍ਹੇਗੰਢ ਮੌਕੇ ਗੁਰਦੁਆਰਾ ਬੰਗਲਾ ਸਾਹਿਬ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾ ਕੇ ਉਹਨਾਂ ਦਿਨਾਂ ਨੂੰ ਚੇਤੇ ਕਰਦਿਆਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ ਹਨ।

ਇਥੇ ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਹਰਮੀਤ ਸਿੰਘ ਕਾਲਕਾ, ਸਰਦਾਰ ਜਗਦੀਪ ਸਿੰਘ ਕਾਹਲੋਂ ਤੇ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਜਿਸ ਤਰੀਕੇ ਅੱਜ ਕੱਲ੍ਹ ਦੇ ਦਿਨਾਂ ਵਿਚ ਸ੍ਰੀ ਅਕਾਲ ਤਖਤ ਸਾਹਿਬ ਤੇ ਸ੍ਰੀ ਦਰਬਾਰ ਸਾਹਿਬ ਨੂੰ ਟੈਂਕਾਂ ਤੇ ਤੋਪਾਂ ਨਾਲ ਹਮਲਾ ਕਰ ਕੇ ਤਬਾਹ ਕੀਤਾ ਗਿਆ, ਬੇਕਸੂਰ ਸਿੰਘਾਂ ਸਿੰਘਣੀਆਂ ਤੇ ਮਾਸੂਮ ਬੱਚਿਆਂ ਦਾ ਕਤਲ ਕੀਤਾ ਗਿਆ ਤੇ ਫਿਰ ਇਸ ਮਗਰੋਂ ਦਿੱਲੀ ਤੇ ਦੇਸ਼ ਦੇ ਹੋਰ ਸ਼ਹਿਰਾਂ ਵਿਚ ਸਿੱਖਾਂ ਦਾ ਕਤਲੇਆਮ ਕੀਤਾ ਗਿਆ, ਉਸਨੂੰ ਸਿੱਖ ਕੌਮ ਕਦੇ ਭੁੱਲ ਨਹੀਂ ਸਕਦੀ। ਉਹਨਾਂ ਕਿਹਾ ਕਿ ਉਸ ਵੇਲੇ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਇਕ ਸੋਚੀ ਸਮਝੀ ਸਾਜ਼ਿਸ਼ ਤਹਿਤ ਇਹ ਹਮਲਾ ਕੀਤਾ ਜਿਸਦਾ ਮਕਸਦ ਸਿੱਖਾਂ ਦੀ ਨਸਲਕੁਸ਼ੀ ਸੀ। ਉਹਨਾਂ ਕਿਹਾ ਕਿ ਸ੍ਰੀ ਹਰਿਮੰਦਿਰ ਸਾਹਿਬ ਤੇ ਸ੍ਰੀ ਅਕਾਲ ਤਖਤ ਸਾਹਿਬ ਸਿੱਖ ਕੌਮ ਲਈ ਸ਼ਕਤੀ ਦੇ ਸੋਮੇ ਹਨ ਤੇ ਇੰਦਰਾ ਗਾਂਧੀ ਨੇ ਇਹ ਸੋਮੇ ਖਤਮ ਕਰਨ ਦਾ ਯਤਨ ਕੀਤਾ ਪਰ ਉਹ ਆਪਣੇ ਮਕਸਦ ਵਿਚ ਕਾਮਯਾਬ ਨਾ ਹੋਈ।

ਆਵਾਜ਼ਿ ਕੌਮ AWAZE QAUM International Newspaper & WEB TV



ਉਹਨਾਂ ਕਿਹਾ ਕਿ ਅੱਜ ਵੀ ਸਿੱਖ ਕੌਮ ਨੂੰ ਆਪਣੇ ਟੀਚਿਆਂ ਦੀ ਪ੍ਰਾਪਤੀ, ਸਿੱਖ ਕੌਮ ਦੀ ਚੜ੍ਹਦੀਕਲਾ ਵਾਸਤੇ ਇਕਜੁੱਟ ਹੋਣ ਦੀ ਜ਼ਰੂਰਤ ਹੈ ਤੇ ਦਿੱਲੀ ਗੁਰਦੁਆਰਾ ਕਮੇਟੀ ਹਮੇਸ਼ਾ ਹੀ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਮੁਤਾਬਕ ਸਿੱਖ ਕੌਮ ਦੀ ਬੇਹਤਰੀ ਤੇ ਭਲੇ ਤੇ ਚੜ੍ਹਦੀਕਲਾ ਤੇ ਸਰਬੱਤ ਦੇ ਭਲੇ ਵਾਸਤੇ ਕੰਮ ਕਰਨ ਲਈ ਵਚਨਬੱਧ ਹੈ।

ਉਹਨਾਂ ਕਿਹਾ ਕਿ ਅੱਜ ਵੀ ਕੌਮ ਨੂੰ ਅਜਿਹੀ ਲੀਡਰਸ਼ਿਪ ਦੀ ਲੋੜ ਹੈ ਜੋ ਆਪਣੇ ਨਿੱਜੀ ਮੁਫਾਦਾਂ ਨੂੰ ਪਿੱਛੇ ਰੱਖ ਕੇ ਕੌਮ ਦੀ ਚੜ੍ਹਦੀਕਲਾ ਵਾਸਤੇ ਸੋਚੇ, ਸਮਝੇ ਤੇ ਕੰਮ ਕਰੇ। ਉਹਨਾਂ ਕਿਹਾ ਕਿ ਅਸੀਂ ਹਮੇਸ਼ਾ ਕੌਮ ਦੇ ਭਲੇ ਵਾਸਤੇ ਕਿਸੇ ਨਾਲ ਵੀ ਮਿਲ ਕੇ ਕੰਮ ਕਰਨ ਨੂੰ ਤਿਆਰ ਹਾਂ ਪਰ ਕੌਮ ਦੇ ਦੋਖੀਆਂ ਨਾਲ ਰਲ ਕੇ ਕੰਮ ਨਹੀਂ ਕਰ ਸਕਦੇ। ਇਸ ਮੌਕੇ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਦੁਨੀਆਂ ਵਿਚ ਅਜਿਹੀ ਕੋਈ ਹੋਰ ਮਿਸਾਲ ਨਹੀਂ ਮਿਲਦੀ ਜਿਥੇ ਸਿਰਫ ਇਕ ਕੌਮ ਨੂੰ ਨਿਸ਼ਾਨਾ ਬਣਾਉਂਦਿਆਂ ਉਹਨਾਂ ਦੇ ਆਸਥਾ ਦੇ ਸਥਾਨ ਢਹਿ ਢੇਰੀ ਕੀਤੇ ਗਏ ਹੋਣ ਤੇ ਉਹਨਾਂ ਦੇ ਮਾਸੂਮ ਤੇ ਨਿਰਦੋਸ਼ ਲੋਕਾਂ ਦਾ ਕਤਲੇਆਮ ਕੀਤਾ ਗਿਆ ਹੋਵੇ ਜਿਸਦੇ ਦੋਸ਼ੀਆਂ ਨੂੰ ਕਦੇ ਸਜ਼ਾ ਨਾ ਮਿਲੀ ਹੋਵੇ। ਉਹਨਾਂ ਕਿਹਾ ਕਿ ਅਸੀਂ 1984 ਦੇ ਸਿੱਖ ਕਤਲੇਆਮ ਦੇ ਇਕ-ਇਕ ਕੇਸ ਵਿਚ ਦੋਸ਼ੀਆਂ ਨੂੰ ਸਜ਼ਾ ਮਿਲਣੀਆਂ ਯਕੀਨੀ ਬਣਾਵਾਂਗੇ ਤੇ ਇਸ ਵਾਸਤੇ ਹਮੇਸ਼ਾ ਕੌਮ ਦੀ ਸੇਵਾ ਵਾਸਤੇ ਹਾਜ਼ਰ ਹਾਂ। ਇਸ ਮੌਕੇ ਵੱਡੀ ਗਿਣਤੀ ਵਿਚ ਸਿੱਖ ਸੰਗਤਾਂ ਹਾਜ਼ਰ ਸਨ।

# ਅਖੌਤੀ ਰਾਸ਼ਟਰਵਾਦੀ ਵਲੋਂ ਲਗਾਤਾਰ ਸੋਸ਼ਲ ਮੀਡੀਆ ਪਲੈਟਫਾਰਮ ਤੇ ਚੀਕ ਚਗਿਆੜਾ ਪਾਇਆ ਜਾ ਰਿਹਾ ਹੈ



ਜੂਨ 1984 ਦੇ ਸ਼ਹਾਦਤਾਂ ਦੇ ਦਿਨ ਮਨਾਉਂਦੀਆਂ ਸੰਗਤਾਂ ਵੱਲੋਂ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਲਾਏ ਪੋਸਟਰਾਂ ਤੇ ਚੀਕਾਂ ਮਾਰਨ ਵਾਲੇ ਅਖੌਤੀ ਰਾਸ਼ਟਰਵਾਦੀਆਂ ਨੂੰ ਸ਼ਾਇਦ ਨਹੀਂ ਪਤਾ ਕਿ 1984 ਦੇ ਸਮੂਹ ਸ਼ਹੀਦ ਤੇ ਸੰਤ ਜੀ ਦੀ ਯਾਦਗਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਖੱਬੇ ਪਾਸੇ ਸਿੱਖ ਕੌਮ ਵੱਲੋਂ ਹਕੂਮਤ ਦੀ ਹਿੱਕ ਤੇ ਬਣਾਈ ਗਈ ਹੈ ।ਅਖੌਤੀ ਰਾਸ਼ਟਰਵਾਦੀਆਂ ਵੱਲੋਂ ਲਗਾਤਾਰ ਇਸ ਗੱਲ ਤੇ ਚੀਕ-

ਆਵਾਜ਼ਿ ਕੌਮ AWAZE QAUM International Newspaper & WEB TV

ਚਖਿਆੜਾ ਪਾਇਆ ਜਾ ਰਿਹਾ ਹੈ ਕਿ ਹਾਏ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਪੋਸਟਰ ਕਿਉਂ ਲਾਏ ਗਏ ਨੇ । ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਵੀਰ ਸਿੰਘ ਜੀ ਦੇ ਹੁਕਮਾਂ ਦੇ ਮੁਤਾਬਕ ਸਮੂਹ ਨਾਨਕ ਨਾਮਲੇਵਾ ਸੰਗਤਾਂ ਵੱਲੋਂ 1984 ਦੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਮਨਾਉਂਦੇ ਹੋਏ ਸੰਸਾਰ ਦੇ ਕੋਨੇ ਕੋਨੇ ਵਿੱਚ ਸ਼ਹੀਦਾਂ ਦੇ ਪੋਸਟਰ ਲਗਾਏ ਗਏ ਹਨ । ਸੰਸਾਰ ਭਰ ਵਿੱਚ 1984 ਦੇ ਸ਼ਹੀਦਾਂ ਦਾ ਦਿਹਾੜਾ ਸਿੱਖ ਕੌਮ ਵੱਲੋਂ ਮਨਾਇਆ ਜਾ ਰਿਹਾ । ਜਿਸ ਗੱਲ ਤੇ ਅਖੌਤੀ ਰਾਸ਼ਟਰਵਾਦੀ ਵਲੋਂ ਲਗਾਤਾਰ ਸੋਸ਼ਲ ਮੀਡੀਆ ਪਲੈਟਫਾਰਮ ਤੇ ਚੀਕ ਚਗਿਆੜਾ ਪਾਇਆ ਜਾ ਰਿਹਾ ਹੈ । ਉਹਨਾਂ ਨੂੰ ਕੌਣ ਸਮਝਾਵੇ ਕਿ ਸਿੱਖ ਕੌਮ ਦੀ ਨੀਹ ਸ਼ਹਾਦਤਾਂ ਦੇ ਸਿਰ ਤੇ ਹੀ ਖੜੀ ਹੈ । ਸਰਹੰਦ ਦੀ ਦੀਵਾਰ ਤੋਂ ਲੈ ਕੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਬਣੀ ਯਾਦਗਾਰ ਤੱਕ ਇਤਿਹਾਸ ਦੇ ਪੰਨੇ ਲਸਾਨੀ ਸ਼ਹਾਦਤਾਂ ਨਾਲ ਭਰੇ ਪਏ ਹਨ । ਗੁਰੂ ਸਾਹਿਬ ਤੋਂ ਲੈ ਕੇ ਹੁਣ ਤੱਕ ਬਹੁਤ ਸਾਰੀਆਂ ਹਕੂਮਤਾਂ ਐਸੀਆਂ ਆਈਆਂ ਤੇ ਗਈਆਂ ਜਿਨਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਨਾਲ ਮੱਥਾ ਲਾਇਆ , ਬੁਰੀ ਨਜ਼ਰ ਰੱਖੀ ਪਰ ਕੌਮ ਸਦਾ ਹੀ ਚੜ੍ਹਦੀ ਕਲਾ ਵਿੱਚ ਰਹੀ ਹੈ ਤੇ ਰਹੇਗੀ । ਹਕੂਮਤਾਂ ਪਹਿਲਾਂ ਵੀ ਆਉਂਦੀਆਂ ਜਾਂਦੀਆਂ ਰਹੀਆਂ ਸੀ ਤੇ ਆਉਣ ਵਾਲੇ ਟਾਈਮ ਵੀ ਆਉਂਦੀਆਂ ਜਾਂਦੀਆਂ ਰਹਿਣਗੀਆਂ ।ਅਖੌਤੀ ਰਾਸ਼ਟਰਵਾਦੀਆਂ ਨੂੰ ਕੌਣ ਸਮਝਾਵੇ ਕਿ ਸ਼ਹਾਦਤਾਂ ਤੇ ਜੈਕਾਰੇ ਛੱਡਣ ਵਾਲੀ ਕੌਮ ਨੂੰ ਕੌਣ ਖਤਮ ਕਰ ਦੂਗਾ ?

**-ਪਰਗਟ ਸਿੰਘ ਬਲ੍ਹਬੇੜ੍ਹਾ, 9022000070**

# ਪਿੰਡ ਤਨੇਲ ਵਿਖੇ ਗੁਰਮਤਿ ਸਿੱਖਿਆ ਸਮਾਗਮ ਕਰਵਾਇਆ ਗਿਆ



ਚੌਕ ਮਹਿਤਾ, 6 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)--ਬੀਤੇ ਦਿਨੀ ਪਿੰਡ ਪੁਰਾਣਾ ਤਨੇਲ ਵਿਖੇ ਜੂਨ 1984 ਘੱਲੂਘਾਰਾਂ ਦਿਵਸ਼ ਅਤੇ ਸੰਤ ਜਰਨੈਲ ਸਿੰਘ ਖਾਲਸਾਂ ਭਿੰਡਰਾਂਵਾਲਿਆ ਸਮੂਹ ਸ਼ਹੀਦਾਂ ਦੀ ਸ਼ਹੀਦੀ ਨੂੰ ਸਮਰਪਿਤ ਮਹਾਰਾਜ਼ਾ ਦਲੀਪ ਸਿੰਘ ਸਪੋਰਟਸ਼ ਕਲੱਬ ਅੰਮ੍ਰਿਤਸਰ ਵੱਲੋਂ ਗੁਰਮਤਿ ਸਿੱਖਿਆ ਸਮਾਗਮ ਕਰਵਾਇਆ ਗਿਆ। ਜਾਣਕਾਰੀ ਦੇਂਦੇ ਹੋਏ ਪ੍ਰਮਜੀਤ ਸਿੰਘ ਗੋਲਡੀ ਪੁਰਾਣਾ ਤਨੇਲ ਜਿਸ ਵਿੱਚ ਪਹਿਲੇ ਸਥਾਨ ਤੇ ਗੁਰਵਿੰਦਰ ਸਿੰਘ ਦੂਜ਼ੇ ਸਥਾਨ ਤੇ ਅਨਮੋਲ ਸਿੰਘ ਅਤੇ ਤੀਜੇ ਸਥਾਨ ਤੇ ਦਲਜੀਤ ਸਿੰਘ ਨੂੰ ਸਨਮਾਨਤ ਕੀਤਾ ਗਿਆ ਬਾਕੀਆਂ ਵਿਦਿਆਰਥੀਆ ਨੂੰ ਬਾਣੀ ਕੰਠ ਅਤੇ ਅਭਿਆਸ ਕਰਨ ਲਈ ਪ੍ਰੇਰਣਾ ਦਿਤੀ ਗਈ। ਇਸ ਮੋਕੇ ਗੁਰਇੱਕਬਾਲ ਸਿੰਘ,ਮਨਜੀਤ ਸਿੰਘ ਤਨੇਲ, ਪਵਿੱਤਰਜੀਤ ਸਿੰਘ ਤਨੇਲ,ਗੁਰਜੰਟ ਸਿੰਘ ਤਨੇਲ ਅੰਮ੍ਰਿਤਪਾਲ ਸਿੰਘ ਤਾਹਰਪੁਰ, ਸਾਜਨਬੀਰ ਸਿੰਘ,ਗੁਰਜੰਟ ਸਿੰਘ,ਜਸਕਰਨ ਸਿੰਘ ਆਦਿ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦੀ ਦਿਹਾੜੇ ਨੂੰ ਮੁੱਖ ਕੇ ਅਲਗ ਅਲਗ ਹਸਪਤਾਲਾਂ ਵੱਲੋਂ ਦਾਨ ਕੈਂਪ ਲਾਏ ਗਏ



ਚੌਕ ਮਹਿਤਾ 6ਜੂਨ( ਬਾਬਾ ਸੁਖਵੰਤ ਸਿੰਘ ਚੰਨਣਕੇ) ਤੀਸਰੇ ਘੱਲੂਘਾਰੇ 40ਵੇ' ਸਹੀਦੀ ਦਿਹਾੜੇ ਨੂੰ ਮੁੱਖ ਕੇ ਅਲਗ ਅਲਗ ਹਸਪਤਾਲਾਂ ਵੱਲੋਂ ਖੂਨ ਦਾਨ ਕੈਂਪ ਲਾਏ ਗਏ। ਬਾਂਸਲ ਹਸਪਤਾਲ, ਸ੍ਰੀ ਮਤੀ ਪਾਰਬਤੀ ਦੇਵੀ ਹਸਪਤਾਲਾਂ ਵੱਲੋਂ ਖ਼ੂਨ ਦਾਨ ਕੈਂਪ ਲਾਏ ਗਏ। ਇਸ ਦੌਰਾਨ ਤਕਰੀਬਨ 100 ਦੇ ਲੱਗ ਭੱਗ ਲੋਕਾਂ ਨੇ ਖ਼ੂਨ ਦਾਨ ਕੀਤਾ ਗਿਆ। ਅਤੇ ਬਹੁਤ ਸਾਰੇ ਦਸਤਾਰ ਮੁਕਾਬਲੇ ਕਰਵਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

## ਤੀਜੇ ਘੱਲੂਘਾਰੇ ਦੇ 40 ਸਾਲ ਸ਼ਹੀਦਾਂ ਦੀ ਯਾਦ 'ਚ

# ਸੁਲਤਾਨਵਿੰਡ ਵਿਖੇ ਸਜਿਆ ਪੰਥਕ ਦੀਵਾਨ






**ਨਵੀਂ ਦਿੱਲੀ, 6 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਪੰਥ ਸੇਵਕ ਸ਼ਖ਼ਸੀਅਤਾਂ ਵੱਲੋਂ ਤੀਜੇ ਘੱਲੂਘਾਰੇ (ਜੂਨ 1984) ਦੇ ਸਮੂਹ ਸ਼ਹੀਦਾਂ ਦੀ ਯਾਦ ਵਿਚ ਅੱਜ 'ਪੰਥਕ ਦੀਵਾਨ' ਗੁਰਦੁਆਰਾ ਅਟਾਰੀ ਸਾਹਿਬ, ਪਾਤਿਸ਼ਾਹੀ ਛੇਵੀਂ, ਸੁਲਤਾਨਵਿੰਡ (ਅੰਮ੍ਰਿਤਸਰ) ਵਿਖੇ ਕਰਵਾਇਆ ਜਿਸ ਵਿਚ ਸਿੱਖ ਸੰਗਤ, ਸ਼ਹੀਦਾਂ ਦੇ ਪਰਿਵਾਰਾਂ, ਪੰਥ ਸੇਵਕ ਸਖਸ਼ੀਅਤਾਂ, ਅਤੇ ਸਿੱਖ ਸੰਸਥਾਵਾਂ ਅਤੇ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ। ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀਆਂ ਵਲੋ ਰਸ ਭਿੰਨਾ ਕੀਰਤਨ ਕੀਤਾ ਗਿਆ। ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਭਾਈ ਦਲਜੀਤ ਸਿੰਘ, ਭਾਈ ਸਤਨਾਮ ਸਿੰਘ ਖੰਡੇਵਾਲਾ ਅਤੇ ਭਾਈ ਹਰਦੀਪ ਸਿੰਘ ਮਹਿਰਾਜ ਨੇ ਕਿਹਾ ਕਿ ਤੀਜੇ ਘੱਲੂਘਾਰੇ ਮੌਕੇ ਗੁਰਧਾਮਾਂ ਉੱਤੇ ਕੀਤੇ ਗਏ ਫੌਜੀ ਹਮਲੇ ਦੌਰਾਨ ਬਿਪਰਵਾਦੀ ਦਿੱਲੀ ਹਕੂਮਤ ਨੇ ਸਿੱਖਾਂ ਨਾਲ ਆਪਣਾ ਪੰਜ ਸਦੀਆਂ ਦਾ ਵੈਰ ਪਰਗਟ ਕੀਤਾ ਸੀ ਅਤੇ ਖਾਲਸਾ ਪੰਥ ਦੇ ਯੋਧਿਆਂ ਨੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਵਿਚ ਗੁਰਧਾਮਾਂ ਦੀ ਅਜ਼ਮਤ ਲਈ ਸ਼ਹਾਦਤਾਂ ਪਾ ਕੇ ਖਾਲਸਾ ਪੰਥ ਦੀ ਇਤਿਹਾਸਕ ਪੈੜ ਅੱਜ ਦੇ ਸਮੇਂ ਵਿਚ ਮੁੜ ਪਰਗਟ ਕੀਤੀ। ਉਹਨਾ ਕਿਹਾ ਕਿ ਦੁਨੀਆ ਭਰ ਦੀਆਂ ਸਿੱਖ ਸੰਗਤਾਂ, ਜਥਿਆਂ, ਸੰਸਥਾਵਾਂ, ਗੁਰਦੁਆਰਾ ਸਾਹਿਬਾਨ ਦੀ ਸੇਵਾ-ਸੰਭਾਲ ਕਰਨ ਵਾਲੀਆਂ ਕਮੇਟੀਆਂ ਵੱਲੋਂ ਤੀਜੇ ਘੱਲੂਘਾਰੇ ਦੀ 40ਵੀਂ ਵਰੇ ਗੰਢ ਮੌਕੇ ਸ਼ਹੀਦੀ ਸਮਾਗਮ, ਗੁਰਮਤਿ ਸਮਾਗਮ, ਸੈਮੀਨਾਰ, ਵਿਚਾਰ-ਗੋਸ਼ਟੀਆਂ ਅਤੇ ਹੋਰ ਅਜਿਹੇ ਸਮਾਗਮ ਉਲੀਕੇ ਜਾ ਰਹੇ ਹਨ ਜਿਨ੍ਹਾਂ ਰਾਹੀਂ ਸਿੱਖ ਨੌਜਵਾਨ ਪੀੜ੍ਹੀ ਅਤੇ ਸੰਸਾਰ ਸਾਹਮਣੇ ਘੱਲੂਘਾਰੇ ਦਾ ਸੱਚ ਤੇ ਸ਼ਹੀਦਾਂ ਦਾ ਪ੍ਰੇਰਣਾਮਈ ਇਤਿਹਾਸ ਰੱਖਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਅਜਿਹੇ ਸੰਗਤੀ ਉੱਦਮ ਸਵਾਗਤਯੋਗ ਹਨ ਅਤੇ ਇਹ ਯਤਨ ਅਗਾਂਹ ਵੀ ਜਾਰੀ ਰਹਿਣੇ ਚਾਹੀਦੇ ਹਨ। ਇਸ ਮੌਕੇ ਭਾਈ ਰਾਜਿੰਦਰ ਸਿੰਘ ਮੁਗਲਵਾਲ, ਭਾਈ ਮਹਾਂਵੀਰ ਸਿੰਘ ਸੁਲਤਾਨਵਿੰਡ, ਸੁਖਦੀਪ ਸਿੰਘ ਮੀਕੇ, ਪੰਥ ਸੇਵਕ ਜਥਾ ਦੋਆਬਾ ਵਲੋਂ ਭਾਈ ਮਨਧੀਰ ਸਿੰਘ, ਬਾਬਾ ਬਖਸੀਸ ਸਿੰਘ, ਭਾਈ ਪਲਵਿੰਦਰ ਸਿੰਘ ਤਲਵਾੜਾ, ਦਵਿੰਦਰ ਸਿੰਘ ਸੇਖੋਂ ਮਿਸਲ ਸਤਲੁਜ, ਪਰਦੀਪ ਸਿੰਘ ਇਆਲੀ, ਅੰਗਤ ਸਿੰਘ ਜੰਮੂ, ਨਿਰਭੈਅ ਸਿੰਘ ਹਜ਼ੂਰੀ ਰਾਗੀ, ਨਿਸ਼ਾਨ ਸਿੰਘ ਸਿਆਲ ਕਾ, ਸ਼ਹੀਦ ਪਰਿਵਾਰਾਂ ਚੋਂ ਮਾਤਾ ਸੁਰਜੀਤ ਕੌਰ, ਬੀਬੀ ਸਰਬਜੀਤ ਕੌਰ, ਨਿਹੰਗ ਸਿੰਘ ਜਥਾ ਬਿਧੀ ਚੰਦ ਸਮੇਤ ਸੰਗਤ ਹਾਜ਼ਰ ਸੀ।

## ਸਹੀਦੀ ਦਿਹਾੜੇ ਨੂੰ ਮੁੱਖ ਕੇ ਵੱਖ-ਵੱਖ

# ਹਸਪਤਾਲਾਂ ਵੱਲੋਂ ਦਾਨ ਕੈਂਪ ਲਾਏ ਗਏ









ਚੌਂਕ ਮਹਿਤਾ, 6 ਜੂਨ( ਬਾਬਾ ਸੁਖਵੰਤ ਸਿੰਘ ਚੰਨਣਕੇ) ਤੀਸਰੇ ਘੱਲੂਘਾਰੇ 40ਵੇ' ਸਹੀਦੀ ਦਿਹਾੜੇ ਨੂੰ ਮੁੱਖ ਕੇ ਅਲਗ ਅਲਗ ਹਸਪਤਾਲਾਂ ਵੱਲੋਂ ਖ਼ੂਨ ਦਾਨ ਕੈਂਪ ਲਾਏ ਗਏ। ਬਾਂਸਲ ਹਸਪਤਾਲ, ਸ੍ਰੀ ਮਤੀ ਪਾਰਬਤੀ ਦੇਵੀ ਹਸਪਤਾਲਾਂ ਵੱਲੋਂ ਖ਼ੂਨ ਦਾਨ ਕੈਂਪ ਲਾਏ ਗਏ। ਇਸ ਦੌਰਾਨ ਤਕਰੀਬਨ 100 ਦੇ ਲੱਗ ਭੱਗ ਲੋਕਾਂ ਨੇ ਖ਼ੂਨ ਦਾਨ ਕੀਤਾ ਗਿਆ। ਅਤੇ ਬਹੁਤ ਸਾਰੇ ਦਸਤਾਰ ਮੁਕਾਬਲੇ ਕਰਵਾਏ ਗਏ।

# ਜੂਨ 1984 ਦਾ ਘੱਲੂਆਰਾ ਭੁੱਲ ਨਹੀਂ ਸਕਦੀ ਸਿੱਖ ਕੌਮ -ਐਡਵੋਕੇਟ ਧਾਮੀ




ਨਵੀਂ ਦਿੱਲੀ 6 ਜੂਨ (ਮਨਪ੍ਰੀਤ ਸਿੰਘ ਖਾਲਸਾ):-ਜੂਨ 1984 ਦੇ ਘੱਲੂਘਾਰੇ ਦੇ ਸਾਲਾਨਾ ਸਮਾਗਮ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਕਾਂਗਰਸ ਹਕੂਮਤ ਵੱਲੋਂ ਸਿੱਖ ਕੌਮ 'ਤੇ 1984 ਦੇ ਜੂਨ ਮਹੀਨੇ ਵਿਚ ਕੀਤਾ ਗਿਆ ਜੁਲਮ ਕਦੇ ਨਹੀਂ ਭੁਲਾਇਆ ਜਾ ਸਕਦਾ। ਉਨ੍ਹਾਂ ਆਖਿਆ ਕਿ ਸਿੱਖ ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਵਿਰੋਧੀ ਸ਼ਕਤੀਆਂ ਅਤੇ ਜਾਲਮ ਸਰਕਾਰਾਂ ਦੇ ਜੁਲਮ ਦਾ ਸਿੱਖ ਕੌਮ ਨੇ ਹਮੇਸ਼ਾ ਮੂੰਹ ਤੋੜ ਜਵਾਬ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜੂਨ 1984 ਦੇ ਸ਼ਹੀਦ ਕੌਮ ਦਾ ਸਰਮਾਇਆ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਕ ਸਵਾਲ ਦੇ ਜਵਾਬ ਵਿਚ ਕਿਹਾ ਕਿ ਭਾਰਤੀ ਸੰਸਦ ਵਿਚ ਕਿਸੇ ਵੀ ਸਰਕਾਰ ਨੇ ਘੱਲੂਘਾਰੇ ਦੀ ਮੁਆਫ਼ੀ ਤਾਂ ਕੀ ਮੰਗਣੀ ਸੀ, ਸਗੋਂ ਕੌਮੀ ਸੰਸਥਾਵਾਂ ਨੂੰ ਕਮਜ਼ੋਰ ਕਰਨ ਲਈ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ। ਸਰਕਾਰਾਂ ਵੱਲੋਂ ਜਾਣਬੁਝ ਕੇ ਸਿੱਖਾਂ ਨੂੰ ਹਮੇਸ਼ਾਂ ਨਿਸ਼ਾਨੇ 'ਤੇ ਲਿਆ ਜਾਂਦਾ ਹੈ, ਜਦਕਿ ਦੇਸ਼ ਦੇ ਸੱਭਿਆਚਾਰ ਨੂੰ ਬਚਾਉਣ ਲਈ ਸਿੱਖਾਂ ਦਾ ਯੋਗਦਾਨ ਇਤਿਹਾਸ ਦਾ ਹਿੱਸਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜੂਨ 1984 ਦੇ ਹਮਲੇ ਅਤੇ ਸਿੱਖ ਨਸਲਕੁਸ਼ੀ ਲਈ ਦੋਸ਼ੀਆਂ ਨੂੰ ਸਜ਼ਾਵਾਂ ਨਹੀਂ ਦਿੱਤੀਆਂ ਗਈਆਂ, ਜਿਸ ਕਾਰਨ ਕੌਮ ਅੰਦਰ ਰੋਸ ਹੈ।

# ਬਿਜਲੀ ਬੋਰਡ ਦਾ ਲਾਈਨਮੈਨ 5,000 ਰੁਪਏ ਰਿਸ਼ਵਤ ਲੈਂਦਾ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 6 ਜੂਨ (ਕੁਲਜੀਤ ਸਿੰਘ ਖੋਖਰ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਵੀਰਵਾਰ ਨੂੰ ਪੀ.ਐਸ.ਪੀ.ਸੀ.ਐਲ. ਦਫ਼ਤਰ, ਫੋਕਲ ਪੁਆਇੰਟ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਤਾਇਨਾਤ ਲਾਈਨਮੈਨ ਸੁਖਵਿੰਦਰ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਲਾਈਨਮੈਨ ਨੂੰ ਬਲਕਾਰ ਸਿੰਘ ਵਾਸੀ ਫੈਜ਼ਪੁਰਾ, ਤਹਿਸੀਲ ਬਟਾਲਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਪਰੋਕਤ ਲਾਈਨਮੈਨ ਨੇ ਉਸਦੇ ਨਵੇਂ ਲੱਗਣ ਵਾਲੇ ਘਰੇਲੂ ਬਿਜਲੀ ਕੁਨੈਕਸ਼ਨ ਬਾਰੇ ਠੀਕ ਰਿਪੋਰਟ ਭੇਜਣ ਬਦਲੇ 5,000 ਰੁਪਏ ਦੀ ਮੰਗ ਕੀਤੀ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਵੱਲੋਂ ਜਾਲ ਵਿਛਾਇਆ ਗਿਆ ਅਤੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਮੁਲਜ਼ਮ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਹੋਰ ਪੁੱਛਗਿੱਛ ਜਾਰੀ ਹੈ।

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ "ਅੰਤਰ-ਰਾਸ਼ਟਰੀ ਕਾਨਫਰੰਸ ਸੀਟਾਸ-2024" ਦਾ ਪੋਸਟਰ ਰੀਲੀਜ਼




ਤਲਵੰਡੀ ਸਾਬੋ, 06 ਜੂਨ (ਗੁਰਜੰਟ ਸਿੰਘ ਨਥੇਹਾ)- ਖੇਤੀ ਦੇ ਵਿਕਾਸ, ਇਸ ਨੂੰ ਲਾਹੇਵੰਦ ਬਣਾਉਣ, ਇਸ ਖੇਤਰ ਵਿੱਚ ਹੋ ਰਹੀਆਂ ਨਵੀਂਆਂ ਕਾਢਾਂ ਦੀ ਹੌਂਸਲਾ ਅਫਜ਼ਾਈ ਅਤੇ ਇਸ ਪ੍ਰਤੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਮਿਤੀ 29 ਅਗਸਤ 2024 ਤੋਂ 31 ਅਗਸਤ 2024 ਨੂੰ ਹੋਣ ਵਾਲੀ "ਅੰਤਰ ਰਾਸ਼ਟਰੀ ਕਾਨਫਰੰਸ ਸੀਟਾਸ-2024" ਦਾ ਪੋਸਟਰ ਵਿਸ਼ੇਸ਼ ਸਕੱਤਰ, ਖੇਤੀਬਾੜੀ ਤੇ ਕਿਸਾਨ ਭਲਾਈ, ਕੇ.ਏ.ਪੀ. ਸਿਨਹਾ, ਆਈ.ਏ.ਐਸ, ਸਕੱਤਰ, ਖੇਤੀਬਾੜੀ ਕਿਸਾਨ ਭਲਾਈ ਅਤੇ ਬਾਗਬਾਨੀ ਪੰਜਾਬ ਸਰਕਾਰ ਅਜੀਤ ਬਾਲਾਜੀ ਜੋਸ਼ੀ, ਆਈ.ਏ.ਐਸ. ਵੱਲੋਂ ਪ੍ਰੋ.(ਡਾ.) ਵਰਿੰਦਰ ਸਿੰਘ ਪਾਹਿਲ, ਐਡਵਾਈਜ਼ਰ ਟੂ ਚਾਂਸਲਰ (ਜੀ.ਕੇ.ਯੂ.) ਦੀ ਹਾਜ਼ਰੀ ਵਿੱਚ ਰੀਲੀਜ਼ ਕੀਤਾ ਗਿਆ। ਕਾਨਫਰੰਸ ਬਾਰੇ ਜਾਣਕਾਰੀ ਦਿੰਦਿਆਂ ਸਿਨਹਾ ਨੇ ਦੱਸਿਆ ਕਿ ਕਿਸਾਨਾਂ ਨੂੰ ਵਾਤਾਵਰਣ ਪੱਖੀ, ਆਧੁਨਿਕ ਖੇਤੀ ਅਤੇ ਬਦਲਵੇਂ ਫਸਲੀ ਚੱਕਰ ਨੂੰ ਉਤਸਾਹਿਤ ਕਰਨ ਲਈ ਜੀ.ਕੇ.ਯੂ. ਵੱਲੋਂ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਇਹ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਖੇਤੀ ਨੂੰ ਸਮੇਂ ਦੇ ਅਨੁਕੂਲ, ਜ਼ਿਹਰਾਂ ਮੁਕਤ ਅਤੇ ਵੱਧ ਝਾੜ ਲੈਣ ਦੇ ਨੁਕਤੇ ਸਾਂਝੇ ਕਰਨ ਲਈ ਕਾਨਫਰੰਸ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿੱਚ ਜਾਪਾਨ, ਅਮਰੀਕਾ, ਜਰਮਨੀ, ਕੈਨੇਡਾ ਤੋਂ ਇਲਾਵਾ ਕਈ ਦੇਸ਼ਾਂ ਦੇ ਲਗਭਗ 500 ਮਾਹਿਰਾਂ ਦੇ ਖੋਜ ਪੱਤਰ ਪੜੇ ਜਾਣਗੇ ਤੇ ਉਨ੍ਹਾਂ ਦੇ ਬਣਾਏ ਪੋਸਟਰ ਵੀ ਰੀਲੀਜ਼ ਕੀਤੇ ਜਾਣਗੇ। ਕਾਨਫਰੰਸ ਵਿੱਚ 70 ਸ਼੍ਰੇਣੀਆਂ ਦੇ ਮਾਹਿਰਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਡਾ. ਪਾਹਿਲ ਨੇ ਦੱਸਿਆ ਕਿ ਕਾਨਫਰੰਸ ਵਿੱਚ ਡਾ. ਹਿਮਾਂਸ਼ੂ ਪਾਠਕ, ਸਕੱਤਰ, ਖੇਤੀਬਾੜੀ ਖੋਜ ਅਤੇ ਸਿੱਖਿਆ ਵਿਭਾਗ, ਮਹਾਂ ਨਿਰਦੇਸ਼ਕ ਆਈ.ਸੀ.ਏ.ਆਰ ਬਤੌਰ ਮੁੱਖ ਮਹਿਮਾਨ ਤੇ ਵਿਸ਼ਵ ਭੋਜਨ ਇਨਾਮ ਜੇਤੂ 2024 ਪ੍ਰੋ.(ਡਾ.) ਰਤਨ ਲਾਲ (ਅਮਰੀਕਾ) ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਉਨ੍ਹਾਂ ਇਹ ਵੀ ਦੱਸਿਆ ਕਿ ਆਈ.ਸੀ.ਏ.ਆਰ. ਵੱਲੋਂ ਪ੍ਰਾਯੋਜਿਤ ਇਸ ਕਾਨਫਰੰਸ ਵਿੱਚ ਬਾਗਬਾਨੀ ਵਿਭਾਗ ਪੰਜਾਬ, ਈਸਟਰ ਨੋਇਡਾ ਅਤੇ ਜਸਟ ਐਗਰੀਕਲਚਰ ਐਜੂਕੇਸ਼ਨ ਗਰੁੱਪ ਦਾ ਵਿਸ਼ੇਸ਼ ਸਹਿਯੋਗ ਰਹੇਗਾ। ਉਨ੍ਹਾਂ ਖੇਤੀ ਮਾਹਿਰਾਂ ਤੇ ਖੋਜੀਆਂ ਨੂੰ ਕਾਨਫਰੈਂਸ ਦਾ ਹਿੱਸਾ ਬਣਨ ਲਈ ਸੱਦਾ ਵੀ ਦਿੱਤਾ। ਉਨ੍ਹਾਂ ਇਸ ਉੱਦਮ ਲਈ ਡਾ. ਆਰ.ਪੀ.ਸਹਾਰਨ, ਡੀਨ, ਫੈਕਲਟੀ ਆਫ਼ ਐਗਰੀਕਲਚਰ, ਖੇਤੀ ਮਾਹਿਰਾਂ ਅਤੇ ਖੋਜਾਰਥੀਆਂ ਨੂੰ ਹਰ ਤਰ੍ਹਾਂ ਦੇ ਸਹਿਯੋਗ ਦੀ ਗੱਲ ਕੀਤੀ।

# ਜ਼ੀਰਕਪੁਰ ਵਿੱਚ ਪੰਜਾਬੀ ਫਿਲਸਤੀਨ ਵਾਲੀ ਸਥਿਤੀ ਵਿੱਚ

ਲੋਕ ਸਭਾ ਚੋਣਾਂ ਵਿੱਚ ਡੇਰਾ ਬੱਸੀ ਹਲਕੇ ਤੋਂ ਬੀਜੇਪੀ ਦੀ ਵੋਟਾਂ ਵਿੱਚ ਵਾਧਾ ਪਰਵਾਸੀ ਮੁੱਖ ਕਾਰਨ ਸ਼ਹਿਰੀ ਖੇਤਰਾਂ ਦੇ ਵਿੱਚ ਪ੍ਰਵਾਸੀਆਂ ਦੀ ਗਿਣਤੀ ਪੰਜਾਬ ਦੇ ਜੱਦੀ ਵਸਨੀਕਾਂ ਨਾਲੋਂ ਵੱਧ ਹੈ । ਇਸ ਦੀ ਜਿੰਮੇਵਾਰ ਵੀ ਰਾਜਨੀਤਿਕ ਸਥਾਪਿਤ ਧਿਰਾਂ ਨੇ, ਰਾਜਨੀਤੀ ਲਾਹਾ ਲੈਣ ਲਈ ਪ੍ਰਵਾਸੀਆਂ ਦੇ ਆਧਾਰ ਕਾਰਡ ਵੋਟਰ ਕਾਰਡ ਪੰਜਾਬ ਦੇ ਬਣਾਏ ਜਾਂਦੇ ਹਨ । ਕਿਸਾਨ ਜਥੇਬੰਦੀਆਂ ਦੇ ਲਗਾਤਾਰ ਵਿਰੋਧ ਦੇ ਬਾਵਜੂਦ ਲੋਕ ਸਭਾ ਹਲਕਾ ਪਟਿਆਲਾ ਦੀ ਬੀਜੇਪੀ ਦੀ ਕੈਂਡੀਡੇਟ ਮਹਾਰਾਣੀ ਪਰਨੀਤ ਕੌਰ ਨੂੰ ਡੇਰਾਵਸੀ ਹਲਕੇ ਚੋਂ ਜ਼ੀਰਕਪੁਰ ਦੇ ਵਸਨੀਕਾਂ ਨੇ ਜਿਤਾ ਕੇ ਭੇਜਿਆ । ਬੀਜੇਪੀ ਇਸ ਵਾਰ ਬਿਨਾਂ ਗੱਠਜੋੜ ਤੋਂ ਚੋਣ ਲੜ ਕੇ ਸ਼ਾਇਦ ਇਹ ਚੈੱਕ ਕਰ ਰਹੀ ਹੋਵੇ ਕਿ ਬੀਜੇਪੀ ਦਾ ਵਜੂਦ ਪੰਜਾਬ ਦੇ ਵਿੱਚ ਕਿਹੜੀ ਕਿਹੜੀ ਥਾਵਾਂ ਉੱਤੇ ਹੈ । ਹੋ ਸਕਦਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਵਿੱਚ ਡੇਰਾਬਸੀ ਹਲਕੇ ਤੋਂ ਬੀਜੇਪੀ ਦਾ ਉਮੀਦਵਾਰ ਜਿੱਤ ਵੀ ਜਾਵੇ । ਕਿਉਂਕਿ ਜਿਸ ਹਿਸਾਬ ਦੇ ਰੁਝਾਨ ਲੋਕ ਸਭਾ ਚੋਣਾਂ ਦੇ ਵਿੱਚ ਦੇਖਣ ਨੂੰ ਮਿਲੇ ਉਸ ਬੇਸ ਤੇ ਇਹ ਸਥਿਤੀ ਬਣ ਸਕਦੀ ਹੈ ।

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ

# ਜੂਨ 1984 ਘੱਲੂਘਾਰੇ ਦੀ 40ਵੀਂ ਸਾਲਾਨਾ ਯਾਦ ਮਨਾਈ



**ਨਵੀਂ ਦਿੱਲੀ, 6 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਜੂਨ 1984 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਭਾਰਤ ਦੀ ਕਾਂਗਰਸ ਸਰਕਾਰ ਵੱਲੋਂ ਕੀਤੇ ਗਏ ਫੌਜੀ ਹਮਲੇ (ਘੱਲੂਘਾਰੇ) ਦੀ 40ਵੀਂ ਸਾਲਾਨਾ ਯਾਦ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ ਕਰਕੇ ਮਨਾਈ ਗਈ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਰਾਗੀ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਇਸ ਮੌਕੇ ਸਿੱਖ ਕੌਮ ਨੂੰ ਸੰਦੇਸ਼ ਦਿੰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਜੂਨ 1984 ਘੱਲੂਘਾਰੇ ਦੇ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ, ਜਨਰਲ ਸ਼ੁਬੇਗ ਸਿੰਘ, ਭਾਈ ਠਾਰਾ ਸਿੰਘ ਸਮੇਤ ਸਮੂਹ ਸ਼ਹੀਦਾਂ ਪ੍ਰਤੀ ਕੌਮੀ ਭਾਵਨਾ ਦਾ ਪ੍ਰਗਟਾਵਾ ਕੀਤਾ ਅਤੇ ਸਿੱਖ ਪੰਥ ਨੂੰ ਇਸ ਘੱਲੂਘਾਰੇ ਦੇ ਜ਼ਖ਼ਮਾਂ ਨੂੰ ਸ਼ਕਤੀ ਬਣਾ ਕੇ ਅੱਗੇ ਤੁਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਨੂੰ ਰਿਹਾਅ ਨਾ ਕਰਨਾ ਅਤੇ ਨਵੰਬਰ 1984 ਦੀ ਸਿੱਖ ਨਸਲਕੁਸ਼ੀ ਦੇ ਦੋਸ਼ੀਆਂ ਨੂੰ 40 ਸਾਲਾਂ ਬਾਅਦ ਵੀ ਸਜ਼ਾਵਾਂ ਨਾ ਦੇਣਾ ਭਾਰਤੀ ਹਕੂਮਤ ਦਾ ਸਿੱਖਾਂ ਨਾਲ ਅਨਿਆਂਪੂਰਨ ਵਤੀਰਾ ਹੈ। ਇਸ ਲਈ ਪੰਥ ਅਤੇ ਪੰਜਾਬ ਦੇ ਰਾਜਨੀਤਕ, ਭੂਗੋਲਿਕ ਅਤੇ ਆਰਥਿਕ ਹੱਕਾਂ ਵਾਸਤੇ ਦਿੱਲੀ ਵੱਲ ਵਾਰ-ਵਾਰ ਹੱਥ ਅੱਡਣ ਦੀ ਬਜਾਏ ਅੱਜ ਖਾਲਸਈ ਹਲੇਮੀ ਰਾਜ ਦੇ ਸੰਕਲਪ ਨੂੰ ਪ੍ਰਣਾਈ ਸਿੱਖ ਰਾਜਨੀਤੀ ਨੂੰ ਪ੍ਰਫੁਲਤ ਕਰਨ ਦੀ ਲੋੜ ਹੈ।

## ਕੌਮੀ ਹੱਕਾਂ ਲਈ ਦਿੱਲੀ ਵੱਲ ਹੱਥ ਅੱਡਣ ਦੀ ਥਾਂ ਖਾਲਸਈ ਹਲੇਮੀ ਰਾਜ ਨੂੰ ਪ੍ਰਣਾਈ ਸਿੱਖ ਰਾਜਨੀਤੀ ਨੂੰ ਪ੍ਰਫੁੱਲਤ ਕਰਨ ਦੀ ਲੋੜ- ਗਿਆਨੀ ਰਘਬੀਰ ਸਿੰਘ

ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਸਿੱਖ ਇਤਿਹਾਸ ਦਾ ਹਵਾਲਾ ਦਿੰਦਿਆਂ ਆਖਿਆ ਕਿ ਅੰਗਰੇਜ਼ਾਂ ਨਾਲ ਦੇਸ਼ ਦੀ ਆਜ਼ਾਦੀ ਦੀ ਲੜਾਈ ਵਿਚ ਸਿੱਖਾਂ ਨੇ ਮੋਹਰੀ ਰੋਲ ਨਿਭਾਇਆ, ਪਰ ਆਪਣੇ ਹੀ ਦੇਸ਼ ਦੇ ਆਗੂਆਂ ਵੱਲੋਂ ਕੀਤੇ ਗਏ ਵਾਅਦੇ ਅਜ਼ਾਦੀ ਮਗਰੋਂ ਭੁਲਾ ਦਿੱਤੇ ਗਏ। ਇੱਥੋਂ ਤੱਕ ਕਿ ਸਿੱਖਾਂ ਨੂੰ ਜ਼ਰਾਇਮ ਪੇਸ਼ਾ ਤੱਕ ਆਖ ਕੇ ਸਰਕਾਰੀ ਅਧਿਕਾਰੀਆਂ ਨੂੰ ਇਨ੍ਹਾਂ 'ਤੇ ਸ਼ੱਕੀ ਨਿਗਾਹਾਂ ਰੱਖਣ ਦੇ ਫਰਮਾਨ ਜਾਰੀ ਕਰ ਦਿੱਤੇ ਗਏ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਿਹਾ ਕਿ ਕਰੜੇ ਸੰਘਰਸ਼ ਮਗਰੋਂ ਸਿੱਖਾਂ ਨੂੰ ਪੰਜਾਬੀ ਸੂਬਾ ਤਾਂ ਮਿਲਿਆ, ਪਰ ਪੰਜਾਬ ਨੂੰ ਦਰਿਆਈ ਪਾਣੀਆਂ, ਰਾਜਧਾਨੀ ਚੰਡੀਗੜ੍ਹ ਅਤੇ ਬਹੁਤ ਸਾਰੇ ਪੰਜਾਬੀ ਬੋਲਦੇ ਇਲਾਕਿਆਂ ਤੋਂ ਵਿਰਵਾ ਰੱਖਿਆ ਗਿਆ। ਪੰਜਾਬ ਦੇ ਇਨ੍ਹਾਂ ਮਸਲਿਆਂ ਅਤੇ ਸੂਬਾਈ ਖ਼ੁਦਮੁਖ਼ਤਿਆਰੀ ਵਾਲੇ ਸ੍ਰੀ ਅਨੰਦਪੁਰ ਸਾਹਿਬ ਦੇ ਮਤੇ ਨੂੰ ਲੈ ਕੇ ਸਿੱਖਾਂ ਨੂੰ ਧਰਮ ਯੁੱਧ ਮੋਰਚਾ ਲਗਾਉਣ ਲਈ ਮਜਬੂਰ ਹੋਣਾ ਪਿਆ, ਜਿਸ ਨੂੰ ਜਬਰ ਦੀ ਨੀਤੀ ਨਾਲ ਕੁਚਲਣ ਅਤੇ ਐਮਰਜੈਂਸੀ ਸਮੇਂ ਅਕਾਲੀ ਦਲ ਵੱਲੋਂ ਕੀਤੇ ਵਿਰੋਧ ਦਾ ਬਦਲਾ ਲੈਣ ਲਈ ਹੰਕਾਰੀ ਤੇ ਜਾਬਰ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵਲੋਂ 1 ਜੂਨ 1984 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿੱਚ ਫੌਜ ਵਾੜ ਕੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਮਨਾਉਣ ਆਈਆਂ ਸੰਗਤਾਂ 'ਤੇ ਗੋਲੀਆਂ ਚਲਾ ਕੇ ਸਿੰਘ-ਸਿੰਘਣੀਆਂ, ਬੱਚਿਆਂ ਅਤੇ ਬਜ਼ੁਰਗਾਂ ਨੂੰ ਬੇਰਹਿਮੀ ਦੇ ਨਾਲ ਸ਼ਹੀਦ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜੂਨ 1984 ਦਾ ਇਹ ਹਮਲਾ ਸਿੱਖ ਕੌਮ ਲਈ ਤੀਜਾ ਘੱਲੂਘਾਰਾ ਹੈ, ਜਿਸ ਦਾ ਦਰਦ ਅਤੇ ਜ਼ਖ਼ਮ ਸਿੱਖ ਅਵਚੇਤਨ ਵਿੱਚੋਂ ਕਦੇ ਵੀ ਮਨਫੀ ਨਹੀਂ ਹੋ ਸਕਣਗੇ।

ਗਿਆਨੀ ਰਘਬੀਰ ਸਿੰਘ ਨੇ ਜੂਨ 1984 ਘੱਲੂਘਾਰੇ ਦੇ ਸਮੂਹ ਸ਼ਹੀਦਾਂ ਅਤੇ ਬੈਰਕਾਂ ਛੱਡਣ ਵਾਲੇ ਧਰਮੀ ਫੌਜੀਆਂ ਦੇ ਤਿਆਗ ਅਤੇ ਕੁਰਬਾਨੀਆਂ ਨੂੰ ਵੀ ਯਾਦ ਕੀਤਾ। ਉਨ੍ਹਾਂ ਆਖਿਆ ਕਿ ਧਰਮੀ ਫੌਜੀਆਂ ਦੀ ਬਗਾਵਤ ਸਦਕਾ ਹੀ ਇੰਦਰਾ ਗਾਂਧੀ ਦੀ 'ਅਪਰੇਸ਼ਨ ਵੁੱਡਰੋਜ਼' ਤਹਿਤ ਸਿੱਖ ਨੌਜਵਾਨਾਂ ਦੀ ਨਸਲਕੁਸ਼ੀ ਲਈ ਗੁਪਤ ਯੋਜਨਾ ਕਾਮਯਾਬ ਨਾ ਹੋ ਸਕੀ।

ਉਨ੍ਹਾਂ ਸਿੱਖ ਕੌਮ ਦੇ ਮੌਜੂਦਾ ਸੰਕਟਾਂ ਦੀ ਨਿਸ਼ਾਨਦੇਹੀ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਰਬ-ਕਲਿਆਣਕਾਰੀ ਫ਼ਲਸਫ਼ੇ 'ਤੇ ਆਧਾਰਿਤ ਕੌਮੀ ਏਜੰਡਾ ਤੈਅ ਕਰਨ ਦੀ ਲੋੜ 'ਤੇ ਜੋਰ ਦਿੱਤਾ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਿਹਾ ਕਿ ਸਿੱਖਾਂ ਦੀ ਜਨਮ ਅਤੇ ਕਰਮ ਭੂਮੀ ਪੰਜਾਬ ਵਿਚੋਂ ਗੁਆਚ ਰਹੀਆਂ ਸਿੱਖ ਕਦਰਾਂ-ਕੀਮਤਾਂ, ਵਾਤਾਵਰਨ, ਸਿਹਤ, ਮਾਂ-ਬੋਲੀ ਅਤੇ ਸਿੱਖਿਆ ਦੇ ਗੰਭੀਰ ਸੰਕਟ ਦੇ ਨਾਲ-ਨਾਲ ਕਿਰਤ ਸੱਭਿਆਚਾਰ ਅਤੇ ਧਰਮ ਦੀਆਂ ਸੱਚੀਆਂ ਕਦਰਾਂ-ਕੀਮਤਾਂ ਤੋਂ ਟੁੱਟੀ ਰਾਜਨੀਤੀ ਨੂੰ ਨਰੋਈ ਦਿਸ਼ਾ ਦੇਣ ਲਈ ਸਮੂਹਿਕ ਯਤਨ ਕੀਤੇ ਜਾਣ। ਉਨ੍ਹਾਂ ਸ਼ਾਨਾਮੱਤੇ ਸਿੱਖ ਇਤਿਹਾਸ ਦੀ ਸੇਧ ਵਿੱਚ ਉੱਚੇ-ਸੁੱਚੇ ਸਿੱਖ ਕਿਰਦਾਰ ਦੇ ਧਾਰਨੀ ਬਣਨ ਦੀ ਅਪੀਲ ਕਰਦਿਆਂ ਕਿਹਾ ਕਿ ਸਿੱਖ ਕੌਮ ਦੀਆਂ ਅਗਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਗੰਭੀਰ ਯਤਨ ਕੀਤੇ ਜਾਣ।

ਇਸ ਮੌਕੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਭਾਈ ਈਸ਼ਰ ਸਿੰਘ, ਬੀਬੀ ਸਤਵੰਤ ਕੌਰ, ਭਾਈ ਮਨਜੀਤ ਸਿੰਘ, ਸ. ਬੇਅੰਤ ਸਿੰਘ, ਸ. ਭੁਪਿੰਦਰ ਸਿੰਘ ਭਲਵਾਨ ਅਤੇ ਹੋਰਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਨਿਹੰਗ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਬਾਬਾ ਅਵਤਾਰ ਸਿੰਘ ਸੁਰਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਗੁਰਮੀਤ ਸਿੰਘ ਬੂਹ, ਸ. ਹਰਪਾਲ ਸਿੰਘ ਜੱਲਾ, ਸ. ਅਮਰੀਕ ਸਿੰਘ ਵਿਛੋਆ, ਭਾਈ ਅਜਾਇਬ ਸਿੰਘ ਅਭਿਆਸੀ, ਸ. ਅਮਰੀਕ ਸਿੰਘ ਸ਼ਾਹਪੁਰ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਭਾਈ ਜਸਬੀਰ ਸਿੰਘ ਰੋਡੇ, ਗਿਆਨੀ ਕੇਵਲ ਸਿੰਘ, ਸ. ਸਿਮਰਨਜੀਤ ਸਿੰਘ ਮਾਨ, ਬਾਬਾ ਬਲਜੀਤ ਸਿੰਘ ਦਾਦੂਵਾਲ, ਸ. ਜਸਬੀਰ ਸਿੰਘ ਘੁੰਮਣ, ਸ. ਮਨਜੀਤ ਸਿੰਘ ਜੀਕੇ, ਸ. ਅਮਰਬੀਰ ਸਿੰਘ ਢੋਟ, ਸ. ਕੰਵਰਚੜ੍ਹਤ ਸਿੰਘ, ਸ. ਸਰਬਜੀਤ ਸਿੰਘ ਖਾਲਸਾ, ਭਾਈ ਸੁਖਵਿੰਦਰ ਸਿੰਘ ਅਗਵਾਨ, ਮਾਤਾ ਬਲਵਿੰਦਰ ਕੌਰ, ਸ. ਈਮਾਨ ਸਿੰਘ ਮਾਨ, ਸ. ਕੰਵਰਪਾਲ ਸਿੰਘ, ਸ. ਪਰਮਜੀਤ ਸਿੰਘ ਮੰਡ, ਸ. ਬਲਵੰਤ ਸਿੰਘ ਗੋਪਾਲਾ, ਸ. ਤਲਵਿੰਦਰ ਸਿੰਘ ਬੁੱਟਰ, ਸਕੱਤਰ ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਤੇਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਆਦਿ ਮੌਜੂਦ ਸਨ।

ਬੱਚਿਆਂ ਨੇ ਕਾਲੀਆਂ ਪੱਟੀਆਂ ਬੰਨ ਜੂਨ 84 ਘਲੂਘਾਰੇ ਦੀ

# ਸਰਕਾਰੀ ਦਹਿਸ਼ਤ ਗਰਦੀ ਦਾ ਕੀਤਾ ਵਿਰੋਧ: ਬੀਬੀ ਰਣਜੀਤ ਕੌਰ

**ਨਵੀਂ ਦਿੱਲੀ 6 ਜੂਨ (ਮਨਪ੍ਰੀਤ ਸਿੰਘ ਖਾਲਸਾ):** ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਸੰਤਗੜ੍ਹ ਵਿਖੇ ਬੱਚਿਆਂ ਨੂੰ ਗੁਰਮਤਿ ਸਿੱਖਿਆ ਨਾਲ ਜੋੜਨ ਲਈ ਨਿਰੰਤਰ ਸਮਰ ਕੈਂਪ ਚੱਲ ਰਹੇ ਹਨ । ਜਿਸ ਤਹਿਤ ਅੱਜ ਬੱਚਿਆਂ ਦੀ ਗੁਰਮਤਿ ਸਿੱਖਿਆ ਦੀ ਕਲਾਸ ਵਿੱਚ ਬੱਚਿਆਂ ਨੂੰ 1 ਜੂਨ ਤੋਂ 6 ਜੂਨ 1984 ਦੇ ਘੱਲੂਘਾਰੇ ਬਾਰੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ । ਇਸ ਵਿਸ਼ੇਸ਼ ਪ੍ਰੋਗਰਾਮ ਅੰਦਰ ਵਧੇਰੇ ਗਿਣਤੀ ਵਿੱਚ ਬੱਚਿਆਂ ਸਮੇਤ ਸੰਗਤਾਂ ਨੇਂ ਸ਼ਿਰਕਤ ਕੀਤੀ । ਕਲਾਸ ਅੰਦਰ ਬੱਚਿਆਂ ਨੇ ਸ੍ਰੀ ਦਰਬਾਰ ਸਾਹਿਬ ਅਤੇ ਹੋਰ ਗੁਰਦੁਆਰਿਆਂ ਤੇ ਕੀਤੀ ਗਈ ਸਰਕਾਰੀ ਦਹਿਸ਼ਤ ਗਰਦੀ ਵਿਰੁੱਧ ਰੋਹ ਪ੍ਰਗਟ



ਕਰਦਿਆਂ ਕਾਲੇ ਰਿਬਨ ਬੰਨੇ ਹੋਏ ਸਨ ਤੇ ਬੱਚੀਆਂ ਨੇ ਕਾਲੀ ਚੁੰਨੀਆਂ ਕੀਤੀਆਂ ਹੋਈਆਂ ਸਨ । ਭਾਈ ਕਮਲਪ੍ਰੀਤ ਸਿੰਘ ਜੀ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਉਚੇਚੇ ਤੌਰ ਤੇ ਹਾਜ਼ਿਰੀ ਭਰ ਕੇ ਬੱਚਿਆਂ ਅਤੇ ਉੱਥੇ ਹਾਜਿਰ ਸੰਗਤਾਂ ਨੂੰ ਸਾਕਾ ਘਲੂਘਾਰੇ ਦੇ ਇਤਿਹਾਸ ਬਾਰੇ ਦਸਿਆ । ਉਨ੍ਹਾਂ ਸਮੇਂ ਦੀ ਸਰਕਾਰ ਵਲੋਂ ਸਿੱਖਾਂ ਉਪਰ ਕਮਾਏ ਗਏ ਜ਼ੁਲਮ ਨੂੰ ਵਿਸਥਾਰ ਨਾਲ ਦਸਿਆ ਜਿਸ ਨਾਲ ਓਹ ਆਪਣੇ ਲਹੂ ਭਿੱਜੇ ਇਤਿਹਾਸ ਨਾਲ ਜੁੜੇ ਰਹਿ ਸਕਣ । ਬੀਬੀ ਰਣਜੀਤ ਕੌਰ ਨੇ ਦਸਿਆ ਕਿ ਅਸੀ ਪਿਛਲੇ ਲੰਮੇ ਸਮੇਂ ਤੋਂ ਗੁਰਦਵਾਰਾ ਸਾਹਿਬ ਵਿਖੇ ਜੂਨ ਮਹੀਨੇ ਵਿਚ ਬੱਚਿਆਂ ਦੀ ਸਕੂਲਾਂ ਅੰਦਰ ਛੁਟੀਆਂ ਹੋਣ ਕਰਕੇ ਗੁਰਮਤਿ ਨਾਲ ਜੋੜਦੇ ਆ ਰਹੇ ਹਾਂ । ਇਸ ਉਪਰਾਲੇ ਵਿਚ ਹੁਣ ਵੱਡੀ ਗਿਣਤੀ ਅੰਦਰ ਬੱਚੇ ਇਸ ਦਾ ਲਾਭ ਚੁੱਕ ਰਹੇ ਹਨ ਤੇ 25 ਜੂਨ ਨੂੰ ਇਸ ਕੈਂਪ ਦੇ ਅਖੀਰਲੇ ਦਿਨ ਬੱਚਿਆਂ ਨੂੰ ਇਨਾਮ ਦਿੱਤੇ ਜਾਣਗੇ।

# ਤੀਜੇ ਘੱਲੂਘਾਰੇ ਦਿਵਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਇਕਾਈ ਫੱਤਣਵਾਲਾ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ



**ਫੱਤਣਵਾਲਾ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਜੂਨ 1984 ਦੇ ਸ਼ਹੀਦਾਂ ਦੀ ਯਾਦ ਵਿੱਚ ਤੀਜੇ ਘੱਲੂਘਾਰੇ ਦਿਵਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਜ਼ਿਲ੍ਹਾ ਮੁਕਤਸਰ ਸਾਹਿਬ ਦੀ ਇਕਾਈ ਫੱਤਣਵਾਲਾ ਵੱਲੋਂ ਭਾਈ ਜੋਗਿੰਦਰ ਸਿੰਘ ਮੀਤ ਪ੍ਰਧਾਨ ਪੰਜਾਬ ਦੇ ਉਪਰਾਲੇ ਸਦਕਾ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਮੀਤ ਪ੍ਰਧਾਨ ਪੰਜਾਬ ਭਾਈ ਜੋਗਿੰਦਰ ਸਿੰਘ ਨੇ ਦੱਸਿਆ ਕਿ ਜੂਨ 1984 ਦੇ ਤੀਜੇ ਘੱਲੂਘਾਰੇ ਦਿਵਸ ਤੇ ਜਿਸ ਵਿੱਚ ਉਸ ਸਮੇਂ ਦੀ ਭਾਰਤ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਦੀ ਤਦਾਦ ਵਿੱਚ ਫੌਜ ਚੜ੍ਹਾ ਕੇ ਸ੍ਰੀ ਆਕਾਲ ਤਖਤ ਸਾਹਿਬ ਢਹਿ ਢੇਰੀ ਕਰ ਦਿੱਤਾ ਅਤੇ ਛੋਟੇ ਛੋਟੇ ਮਸੂਮ ਬੱਚਿਆਂ, ਔਰਤਾਂ, ਨੌਜਵਾਨਾਂ, ਬਜ਼ੁਰਗਾਂ ਅਤੇ ਅਨੇਕਾਂ ਹੀ ਸਿੰਘ ਸਿੰਘਣੀਆਂ ਨੂੰ ਸ਼ਹੀਦ ਕਰ ਦਿੱਤਾ ਗਿਆ। ਭਾਈ ਜੋਗਿੰਦਰ ਸਿੰਘ ਨੇ ਅੱਗੇ ਦੱਸਿਆ ਕਿ ਇਸ ਤੀਜੇ ਘੱਲੂਘਾਰੇ ਦੀ ਯਾਦ ਵਿੱਚ ਸਿੱਖ ਸੰਗਤਾਂ ਸ੍ਰੀ ਅਮ੍ਰਿਤਸਰ ਵਿਖੇ ਸ਼ਹੀਦੀ ਦਿਵਸ ਮਨਾਉਣ ਲਈ ਜਾ ਰਹੀਆਂ ਹਨ ਇਸ ਲਈ ਮਲੋਟ, ਸ੍ਰੀ ਮੁਕਤਸਰ ਸਾਹਿਬ ਦੀਆਂ ਸੰਗਤਾਂ ਲਈ ਇੰਟਰਨੈਸ਼ਨਲ ਪੰਥਕ ਦਲ ਜ਼ਿਲ੍ਹਾ ਮੁਕਤਸਰ ਸਾਹਿਬ ਦੀ ਇਕਾਈ ਅੱਡਾ ਫੱਤਣਵਾਲਾ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਜਿਸ ਵਿੱਚ ਸੰਗਤਾਂ ਨੇ ਠੰਢੇ ਮਿੱਠੇ ਜਲ ਛਕ ਕੇ ਗਰਮੀ ਤੋਂ ਰਾਹਤ ਮਹਿਸੂਸ ਕੀਤੀ। ਇਸ ਮੌਕੇ ਭਾਈ ਜੋਗਿੰਦਰ ਸਿੰਘ ਤੋਂ ਇਲਾਵਾ ਜ਼ਿਲ੍ਹਾ ਮੁਕਤਸਰ ਸਾਹਿਬ ਦੇ ਪ੍ਰਧਾਨ ਭਾਈ ਗੁਰਦੇਵ ਸਿੰਘ, ਕਾਕਾ ਅਮ੍ਰਿਤ ਸਿੰਘ, ਮਨਿੰਦਰ ਸਿੰਘ, ਬਲਕਾਰ ਸਿੰਘ,ਮਿਲਖ ਰਾਜ, ਸਤਪਾਲ ਸਿੰਘ, ਕੁਲਵੰਤ ਸਿੰਘ, ਲਾਲੀ, ਅਤੇ ਪਾਲ ਸਿੰਘ ਆਦਿ ਹਾਜ਼ਰ ਸਨ।

# ਨਰਿੰਦਰ ਮੋਦੀ ਨੂੰ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕਰਨ ਤੋਂ ਪਹਿਲਾਂ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਲਈ ਮੰਗਣ ਮੁਆਫੀ ਜਾਂ ਮੁਕੱਦਮੇ ਦਾ ਕਰਨ ਸਾਹਮਣਾ



**ਨਵੀਂ ਦਿੱਲੀ 6 ਜੂਨ (ਮਨਪ੍ਰੀਤ ਸਿੰਘ ਖਾਲਸਾ):**-ਸੰਯੁਕਤ ਕਿਸਾਨ ਮੋਰਚਾ (ਐਸਕੇਐਮ) ਨੇ ਨਵੇਂ ਚੁਣੇ ਗਏ ਰਾਸ਼ਟਰੀ ਜਮਹੂਰੀ ਗਠਜੋੜ (ਐਨਡੀਏ) ਦੇ ਨੇਤਾ ਨਰਿੰਦਰ ਮੋਦੀ ਤੋਂ ਆਦਰਸ਼ ਚੋਣ ਜ਼ਾਬਤੇ ਦੀ ਲਗਾਤਾਰ ਉਲੰਘਣਾ ਲਈ ਜਨਤਕ ਤੌਰ 'ਤੇ ਮੁਆਫੀ ਮੰਗਣ ਜਾਂ ਕਾਨੂੰਨ ਦੇ ਅਨੁਸਾਰ ਮੁਕੱਦਮੇ ਦਾ ਸਾਹਮਣਾ ਕਰਨ ਦੀ ਮੰਗ ਕੀਤੀ ਹੈ। ਕਾਨੂੰਨ ਸਾਹਮਣੇ ਹਰ ਕੋਈ ਬਰਾਬਰ ਹੈ ਅਤੇ ਇਸ ਵਿਚ ਨਰਿੰਦਰ ਮੋਦੀ ਕੋਈ ਅਪਵਾਦ ਨਹੀਂ ਹੋ ਸਕਦਾ। ਨਰਿੰਦਰ ਮੋਦੀ ਨੇ ਭਾਜਪਾ ਦੇ ਕਈ ਚੋਟੀ ਦੇ ਨੇਤਾਵਾਂ ਨਾਲ ਮਿਲ ਕੇ ਭਾਰਤ ਦੇ ਪ੍ਰਮੁੱਖ ਘੱਟ ਗਿਣਤੀ ਭਾਈਚਾਰੇ ਦੇ ਖਿਲਾਫ ਜ਼ਿਹਰੀਲੀ ਨਫਰਤ ਫੈਲਾਈ ਹੈ, ਚੋਣ ਲਾਭ ਲਈ ਆਮ ਲੋਕਾਂ ਦੀ ਧਾਰਮਿਕ ਆਸਥਾ ਦੀ ਦੁਰਵਰਤੋਂ ਕੀਤੀ ਹੈ ਅਤੇ ਸ਼ਰੇਆਮ ਝੂਠ ਬੋਲਿਆ ਹੈ, ਕਈ ਤਰੀਕਿਆਂ ਨਾਲ ਸਿਆਸੀ ਵਿਰੋਧੀ ਧਿਰ ਨੂੰ ਡਰਾ-ਧਮਕਾ ਕੇ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਕੀਤੀ ਹੈ ਅਤੇ ਚੋਣ ਜ਼ਾਬਤੇ ਦੀ ਵੀ ਉਲੰਘਣਾ ਕੀਤੀ ਹੈ। ਐਸਕੇਐਮ ਨੇ ਭਾਰਤ ਦੇ ਚੋਣ ਕਮਿਸ਼ਨ ਨੂੰ ਮੋਦੀ ਦੁਆਰਾ ਧਰਮ ਦੀ ਦੁਰਵਰਤੋਂ ਅਤੇ ਫਿਰਕੂ ਪ੍ਰਚਾਰ ਦੇ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ ਸੀ, ਜਿਸ ਵੱਲ ਇਸ ਨੇ ਕੋਈ ਧਿਆਨ ਨਹੀਂ ਦਿੱਤਾ ਅਤੇ ਭਾਜਪਾ ਦੇ ਹਿੱਤਾਂ ਦੀ ਰੱਖਿਆ ਲਈ ਸਮਝੌਤਾ ਕੀਤਾ। ਘੱਟ-ਗਿਣਤੀਆਂ ਵਿਰੁੱਧ ਲਗਾਤਾਰ ਨਫ਼ਰਤ ਨੂੰ ਭੜਕਾਉਣ ਨਾਲ ਘੱਟ ਗਿਣਤੀਆਂ ਵਿੱਚ ਬੇਗਾਨਗੀ ਅਤੇ ਅਸੁਰੱਖਿਆ ਦੀ ਭਾਵਨਾ ਵਧਦੀ ਹੈ, ਜੋ ਕੱਟੜਪੰਥੀ ਪ੍ਰਵਿਰਤੀਆਂ ਨੂੰ ਜਨਮ ਦਿੰਦੀ ਹੈ ਅਤੇ ਧਰਮ ਨਿਰਪੱਖਤਾ ਦੀ ਨੀਂਹ ਨੂੰ ਕਮਜ਼ੋਰ ਕਰਦੀ ਹੈ। ਇਹ ਘੱਟ ਗਿਣਤੀ ਫਿਰਕਾਪ੍ਰਸਤੀ ਨੂੰ ਮੌਕਾ ਪ੍ਰਦਾਨ ਕਰਦਾ ਹੈ, ਘੱਟ ਗਿਣਤੀਆਂ ਨੂੰ ਦੂਰ ਕਰਦਾ ਹੈ ਅਤੇ ਕਿਸਾਨਾਂ, ਮਜ਼ਦੂਰਾਂ ਅਤੇ ਸਾਰੇ ਦੱਬੇ-ਕੁਚਲੇ ਵਰਗਾਂ ਦੀ ਆਮ ਲਹਿਰ ਨੂੰ ਕਮਜ਼ੋਰ ਕਰਦਾ ਹੈ। ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰਾਖੀ ਲੋਕਤੰਤਰ, ਧਰਮ ਨਿਰਪੱਖਤਾ, ਰਾਸ਼ਟਰੀ ਅਖੰਡਤਾ ਅਤੇ ਭਾਰਤ ਦੇ ਸੰਵਿਧਾਨ ਨੂੰ ਮਜ਼ਬੂਤ ਕਰਨ ਲਈ ਸੰਘਰਸ਼ ਦਾ ਇੱਕ ਮਹੱਤਵਪੂਰਨ ਪਹਿਲੂ ਹੈ। ਹਾਲਾਂਕਿ, ਆਮ ਜਨਤਾ ਭਾਜਪਾ ਦੇ ਇਸ ਭੈੜੇ ਅਤੇ ਗੈਰ-ਸੰਵਿਧਾਨਕ ਆਚਰਣ ਦਾ ਸ਼ਿਕਾਰ ਨਹੀਂ ਹੋਈ ਹੈ ਅਤੇ ਅਜਿਹੀਆਂ ਫੁੱਟ ਪਾਊ ਚਾਲਾਂ ਨੂੰ ਨਕਾਰਦਿਆਂ ਸੂਝ-ਬੂਝ ਨਾਲ ਵੋਟਾਂ ਪਾਈਆਂ ਹਨ। ਜਨਤਾ ਦੇ ਫੈਸਲੇ ਦਾ ਅਸਰ ਭਾਜਪਾ ਦੇ ਦਸ ਸਾਲਾਂ ਬਾਅਦ ਪੂਰਨ ਬਹੁਮਤ ਗੁਆਉਣ ਅਤੇ ਵਾਰਾਣਸੀ ਵਿੱਚ ਨਰਿੰਦਰ ਮੋਦੀ ਦੇ ਥੋੜ੍ਹੇ ਫਰਕ ਨਾਲ ਜਿੱਤਣ ਵਿੱਚ ਦਿਖਾਈ ਦੇ ਰਿਹਾ ਹੈ। ਐਸਕੇਐਮ ਨੇ ਸੰਵਿਧਾਨਕ ਸਿਧਾਂਤਾਂ ਅਤੇ ਕਾਨੂੰਨ ਦੇ ਰਾਜ ਨੂੰ ਬਰਕਰਾਰ ਰੱਖਣ ਅਤੇ ਚੋਣ ਪ੍ਰਕਿਰਿਆ ਦੌਰਾਨ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਵਿਰੁੱਧ ਦੰਡਕਾਰੀ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਸੁਪਰੀਮ ਕੋਰਟ ਦੇ ਦਖਲ ਦੀ ਮੰਗ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੀ ਬੀ ਐਸ ਸ਼ੋਪਿੰਗ ਸੈਂਟਰ ਚੌਂਕ ਮਹਿਤਾ ਵੱਲੋਂ

# ਦਸਤਾਰ ਮੁਕਾਬਲੇ ਅਤੇ ਠੰਡੇ ਮਿੱਠੇ ਜਲ ਦੀ ਸੇਵਾ ਕੀਤੀ ਗਈ






ਮੌਲ ਦੇ ਮਾਲਕ ਸ, ਬਲਕਾਰ ਸਿੰਘ ਬਾਠ, ਪਰਮਜੀਤ ਸਿੰਘ ਬਾਠ, ਸਤਨਾਮ ਸਿੰਘ ਬਾਠ ਨੇ ਤੀਸਰੇ ਘੱਲੂਘਾਰੇ 40ਵੇ' ਸਹੀਦੀ ਦਿਹਾੜੇ ਨੂੰ ਮੁੱਖ ਰੱਖ ਕੇ ਅੱਜ ਦਸਤਾਰ ਮੁਕਾਬਲੇ ਕਰਵਾਏ ਗਏ ਅਤੇ ਠੰਡੇ ਮਿੱਠੇ ਜਲ ਛਬੀਲ ਸਾਰੀ ਦਿਹਾੜੀ ਲਗਾਈ ਗਈ। ਇਸ ਦੌਰਾਨ ਉਨ੍ਹਾਂ ਨੇ ਦੱਸਿਆ ਕਿ ਸਹੀਦੀ ਦਿਹਾੜੇ ਨੂੰ ਮੁੱਖ ਕੇ ਮੌਲ ਵਿੱਚ ਗਾਹਕਾਂ ਨੂੰ ਬਹੁਤ ਭਾਰੀ ਛੂਟ ਡਿਸਕਾਉਂਟ ਵੀ ਕੀਤਾ ਗਿਆ।

**ਫੋਟੋ ਵੇਰਵਾ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ**

### ਸ: ਬਸੰਤ ਸਿੰਘ ਸੰਧੂ ਦਾ ਭੋਗ ਅਤੇ ਅੰਤਿਮ ਅਰਦਾਸ ਪਿੰਡ ਮਾਣੂੰਕੇ ਦੇ ਇਤਿਹਾਸਕ ਗੁਰਦੁਆਰਾ ਜੌੜੀਆਂ ਸਾਹਿਬ ਵਿਖੇ ਹੋਈ

# ਅਕਾਲੀ ਲੀਡਰਸ਼ਿਪ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਭਰੀ ਹਾਜ਼ਰੀ






**ਜਗਰਾਉਂ (ਵਰਿਆਮ ਹਠੂਰ)**-ਸ਼੍ਰੋਮਣੀ ਅਕਾਲੀ ਦਲ ਆਗੂ ਜਗਰਾਜ ਸਿੰਘ ਰਾਜਾ ਮਾਣੂੰਕੇ ਦੇ ਸਤਿਕਾਰਯੋਗ ਪਿਤਾ ਸ: ਬਸੰਤ ਸਿੰਘ ਸੰਧੂ ਪੁੱਤਰ ਜਥੇਦਾਰ ਗੁਰਦੇਵ ਸਿੰਘ ਸੰਧੂ (ਟਕਸਾਲੀ ਆਗੂ) ਜੋ ਬੀਤੇ ਦਿਨੀਂ ਆਪਣੇ ਸੁਆਸਾਂ ਦੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਸਨ ਉਨ੍ਹਾਂ ਦੇ ਨਮਿੱਤ ਪ੍ਰਕਾਸ਼ ਕਰਵਾਏ ਸ਼੍ਰੀ ਸਹਿਜ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਮਾਣੂੰਕੇ ਵਿਖੇ ਸਸ਼ੋਭਿਤ ਇਤਿਹਾਸਕ ਗੁਰਦੁਆਰਾ ਜੌੜੀਆਂ ਸਾਹਿਬ ਵਿਖੇ ਹੋਈ, ਭੋਗ ਅਤੇ ਅੰਤਿਮ ਅਰਦਾਸ ਮੌਕੇ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਆਪਣੀ ਹਾਜ਼ਰੀ ਭਰੀ ਤੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਸ਼੍ਰੋਮਣੀ ਅਕਾਲੀ ਦਲ ਤੋਂ ਸਾਬਕਾ ਵਿਧਾਇਕ ਸ਼੍ਰੀ ਐੱਸ ਆਰ ਕਲੇਰ ਜਗਰਾਉਂ, ਜਥੇਦਾਰ ਪਰਮਿੰਦਰ ਸਿੰਘ ਚੀਮਾ, ਟਰੱਕ ਯੂਨੀਅਨ ਜਗਰਾਉਂ ਦੇ ਸਾਬਕਾ ਪ੍ਰਧਾਨ ਬਿੰਦਰ ਸਿੰਘ ਮਨੀਲਾ, ਮਾਰਕਿਟ ਕਮੇਟੀ ਹਠੂਰ ਦੇ ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ, ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਯੂਥ ਆਗੂ ਦੀਸ਼ਾ ਸੰਧੂ ਮਾਣੂੰਕੇ, ਕਾਂਗਰਸੀ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਹਠੂਰ ਰਾਈਸ ਮਿੱਲ ਤੋਂ ਜੀਵਨ ਕੁਮਾਰ ਗੋਲਡੀ, ਬਾਈ ਰਛਪਾਲ ਸਿੰਘ ਚਕਰ, ਨਾਵਲਕਾਰ ਅਤੇ ਫਿਲਮ ਡਾਇਰੈਕਟਰ ਜਸਵਿੰਦਰ ਸਿੰਘ ਛਿੰਦਾ, ਨੇ ਵੀ ਸ਼ਮੂਲੀਅਤ ਕਰਕੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ, ਬਾਬਾ ਕਰਮ ਸਿੰਘ ਜੀ ਲੀਲਾਂ ਵਾਲਿਆਂ ਦੇ ਕੀਰਤਨੀ ਜੱਥੇ ਨੇ ਵੈਰਾਗਮਈ ਕੀਰਤਨ ਰਾਹੀਂ ਗੁਰਸੰਗਤਾਂ ਦਾ ਦਿਲ ਮੋਹ ਲਿਆ, ਤੇ ਮਰਹੂਮ ਸ: ਬਸੰਤ ਸਿੰਘ ਸੰਧੂ ਦੇ ਜੀਵਨ ਪ੍ਰਤੀ ਸੰਗਤਾਂ ਨੂੰ ਚਾਨਣਾ ਪਾਇਆ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਸ਼੍ਰੀ ਐੱਸ ਆਰ ਕਲੇਰ ਅਤੇ ਯੂਥ ਆਗੂ ਦੀਸ਼ਾ ਸੰਧੂ ਨੇ ਮਰਹੂਮ ਸ: ਬਸੰਤ ਸਿੰਘ ਸੰਧੂ ਨੂੰ ਸ਼ਰਧਾਂਜਲੀ ਭੇਟ ਕੀਤੀ, ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਸ਼੍ਰੀ ਐੱਸ ਆਰ ਕਲੇਰ ਨੇ ਕਿਹਾ ਕਿ ਜਿਊਣਾ ਝੂਠ ਅਤੇ ਮਰਨਾ ਸੱਚ ਹੈ। ਅਸੀਂ ਗੁਰਬਾਣੀ ਦਾ ਪੱਲਾ ਫੜ ਕੇ ਹੀ ਭਵਸਾਗਰ ਵਿੱਚੋਂ ਪਾਰ ਹੋ ਸਕਦੇ ਹਾਂ, ਸਾਨੂੰ ਗੁਰਬਾਣੀ ਨਾਲ ਜੁੜਨਾ ਚਾਹੀਦਾ ਹੈ। ਤੇ ਗੁਰਬਾਣੀ ਪੜ੍ਹਕੇ ਉਸ ਤੇ ਅਮਲ ਕਰਨਾ ਚਾਹੀਦਾ ਹੈ। ਕਲੇਰ ਨੇ ਕਿਹਾ ਕਿ ਸ: ਬਸੰਤ ਸਿੰਘ ਸੰਧੂ ਮਾਣੂੰਕੇ ਨੇ ਆਪਣੇ ਬੱਚਿਆਂ ਨੂੰ ਅੱਛਾ ਜੀਵਨ ਜਿਊਣ ਦੀ ਜਾਂਚ ਸਿਖਾਈ ਤੇ ਆਪ ਵੀ ਮਿਲਾਪੜੇ ਸੁਭਾਅ ਦੇ ਮਾਲਕ ਅਤੇ ਹਰ ਇੱਕ ਨਾਲ ਅੱਛਾ ਰਸੂਖ਼ ਰੱਖਣ ਵਾਲੇ ਇਨਸਾਨ ਸਨ।ਉਨ੍ਹਾਂ ਦੇ ਸਦਾ ਲਈ ਵਿੱਛੜ ਜਾਣ ਨਾਲ ਜਿੱਥੇ ਪਰਿਵਾਰ, ਰਿਸ਼ਤੇਦਾਰਾਂ, ਮਿੱਤਰਾਂ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉੱਥੇ ਉਨ੍ਹਾਂ ਨੂੰ ਅਤੇ ਉਨ੍ਹਾਂ ਤੋਂ ਪਿਆਰ ਅਤੇ ਸਤਿਕਾਰ ਲੈਣ ਦੇਣ ਵਾਲਿਆਂ ਨੂੰ ਵੀ ਉਨ੍ਹਾਂ ਦੀ ਘਾਟ ਹਮੇਸ਼ਾ ਰੜਕਦੀ ਰਹੇਗੀ। ਵਾਹਿਗੁਰੂ ਹਮੇਸ਼ਾ ਲਈ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖ਼ਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ, ਜਿਕਰਯੋਗ ਹੈ ਕਿ ਪਰਿਵਾਰ ਨਾਲ ਬਾਹਰਲੇ ਮੁਲਕਾਂ ਦੀ ਧਰਤੀ ਤੇ ਬੈਠੀਆਂ ਅਨੇਕਾਂ ਸਤਿਕਾਰਯੋਗ ਸ਼ਖ਼ਸੀਅਤਾਂ ਨੇ ਵੀ ਫੋਨ ਕਾਲ ਰਾਂਹੀਂ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ, ਇਸ ਮੌਕੇ ਸਾਬਕਾ ਵਿਧਾਇਕ ਸ਼੍ਰੀ ਐੱਸ ਆਰ ਕਲੇਰ, ਜਥੇਦਾਰ ਪਰਮਿੰਦਰ ਸਿੰਘ ਚੀਮਾ, ਟਰੱਕ ਯੂਨੀਅਨ ਜਗਰਾਉਂ ਦੇ ਸਾਬਕਾ ਪ੍ਰਧਾਨ ਬਿੰਦਰ ਸਿੰਘ ਮਨੀਲਾ, ਰਾਈਸ ਮਿੱਲ ਹਠੂਰ ਤੋਂ ਬਾਬੂ ਜੀਵਨ ਕੁਮਾਰ ਗੋਲਡੀ, ਲਵਦੀਪ ਕੁਮਾਰ ਬੱਬੂ, ਸਾਬਕਾ ਸਰਪੰਚ ਰੇਸ਼ਮ ਸਿੰਘ ਮਾਣੂੰਕੇ, ਬਾਈ ਰਛਪਾਲ ਸਿੰਘ ਚਕਰ, ਸਾਬਕਾ ਚੇਅਰਮੈਨ ਚੰਦ ਸਿੰਘ ਡੱਲਾ, ਨਾਵਲਕਾਰ ਅਤੇ ਫਿਲਮ ਡਾਇਰੈਕਟਰ ਜਸਵਿੰਦਰ ਸਿੰਘ ਛਿੰਦਾ, ਡਾਕਟਰ ਅਮਨ ਅੱਚਰਵਾਲ, ਦਰਸ਼ਨ ਸਿੰਘ, ਸੁਰਵੇਸ ਕੁਮਾਰ ਗੁਡਗੋ, ਪਰਮਿੰਦਰ ਸਿੰਘ ਕੰਬੋ ਹਠੂਰ, ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਕਾਂਗਰਸੀ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਕੁਲਜਿੰਦਰ ਸਿੰਘ ਕਾਲ਼ਾ ਧੂਰਕੋਟ, ਸਾਬਕਾ ਸਰਪੰਚ ਮੇਜ਼ਰ ਸਿੰਘ ਧੂਰਕੋਟ, ਸਾਬਕਾ ਸਰਪੰਚ ਗੁਰਵਿੰਦਰ ਸਿੰਘ ਗੋਰਾ ਮੱਲ੍ਹੂਕੇ, ਸਾਬਕਾ ਸਰਪੰਚ ਸੁਰਜੀਤ ਸਿੰਘ ਮੱਲ੍ਹੂਕੇ, ਨਿਰਭੈ ਸਿੰਘ ਮਾਛੀਕੇ, ਮਨਜੀਤ ਸਿੰਘ ਰਾਏਸਰ, ਜਗਦੀਪ ਸਿੰਘ ਦਾਖਾ, ਪ੍ਰਦੀਪ ਸਿੰਘ ਦਾਖਾ, ਗੁਰਦੀਪ ਸਿੰਘ ਕਰਮਗੜ੍ਹ, ਤੇਜਿੰਦਰ ਸਿੰਘ ਪੋਨਾ, ਨਿਰਮਲ ਸਿੰਘ ਸ਼ੇਰਪੁਰ, ਗੁਰਚਰਨ ਸਿੰਘ ਸੰਧੂ, ਬੀ. ਜੇ.ਪੀ ਮੰਡਲ ਹਠੂਰ ਤੋਂ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ, ਵੱਖ ਵੱਖ ਮਹਿਕਮਿਆਂ ਤੋਂ ਮੁਲਾਜ਼ਮਾਂ, ਕਲੱਬਾਂ, ਪਟਵਾਰੀ, ਕੰਨਗੋ, ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜ਼ਰ ਸਨ।



# ਖਿਡਾਰੀਆਂ ਨੂੰ ਗੁਰਦੁਆਰੇ ਸਾਹਿਬ ਕੀਤਾ ਸਨਮਾਨਿਤ



**ਚੌਂਕ ਮਹਿਤਾ, 6 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੰਡ ਘੁੱਗ, ਜ਼ਿਲ੍ਹਾ ਜਲੰਧਰ ਵਿੱਚ 28 ਅਤੇ 29 ਮਈ ਨੂੰ ਸੰਪੰਨ ਹੋਏ ਸਟੇਟ ਲੈਵਲ ਦੇ ਫੁਟਬਾਲ ਟੂਰਨਾਮੈਂਟ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਅੰਮ੍ਰਿਤਸਰ ਸਾਹਿਬ ਦੀ ਅੰਡਰ 11 ਟੀਮ ਵਿੱਚ ਖੇਡਣ ਵਾਲੇ ਟਕਾਪੁਰ ਫੁੱਟਬਾਲ ਅਕੈਡਮੀ ਦੇ 6 ਖਿਡਾਰੀਆਂ ਅਤੇ ਅੰਡਰ 17 ਮੁਕਾਬਲੇ ਵਿੱਚ ਦੂਜੇ ਸਥਾਨ ਤੇ ਰਹੀ ਟੀਮ ਵਿੱਚ ਖੇਡਣ ਵਾਲੇ 2 ਖਿਡਾਰੀਆਂ ਅਤੇ ਕੋਚ ਜੁਗਰਾਜ ਸਿੰਘ ਸਹੋਤਾ ਨੂੰ ਪਿੰਡ ਟਕਾਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਗ੍ਰੰਥੀ ਭਾਈ ਬਿਕਰਮਜੀਤ ਸਿੰਘ ਅਤੇ ਪੰਚਾਇਤ ਵੱਲੋਂ ਸਨਮਾਨਿਤ ਕੀਤਾ ਗਿਆ। ਅਕੈਡਮੀ ਦੇ ਵਿਦਿਆਰਥੀ ਮਾਨਵਜੀਤ ਸਿੰਘ ਨੇ 1500 ਮੀਟਰ ਦੌੜ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਰਪੰਚ ਸ੍ਰ ਹਰਪਾਲ ਸਿੰਘ, ਸਾਬਕਾ ਸਰਪੰਚ ਸ੍ਰ ਕੁਲਵੰਤ ਸਿੰਘ, ਸੀਨੀਅਰ ਕਿਸਾਨ ਆਗੂ ਸ੍ਰ ਸੁਖਦੇਵ ਸਿੰਘ ਬਿੱਟੂ, ਸ੍ਰ ਗੁਰਦੇਵ ਸਿੰਘ ਟੋਨੀ ਮੈਂਬਰ ਪੰਚਾਇਤ, ਸ੍ਰ ਗਿਆਨ ਸਿੰਘ ਮੈਂਬਰ ਪੰਚਾਇਤ, ਸ੍ਰ ਜਗਤਾਰ ਸਿੰਘ ਮੈਂਬਰ ਪੰਚਾਇਤ ਆਦਿ ਹਾਜ਼ਰ ਸਨ।

# ਭਾਈ ਸਰਬਜੀਤ ਸਿੰਘ ਖਾਲਸਾ ਮਲੋਆ, ਭਾਈ ਅੰਮ੍ਰਿਤਪਾਲ ਸਿੰਘ ਦੀ ਜਿੱਤ ਤੇ ਵਧਾਈਆਂ ਜਿਨ੍ਹਾਂ ਨੇ ਇਤਿਹਾਸ ਰਚਿਆ—ਬਾਬਾ ਸਾਧੂ ਸਿੰਘ ਦਮਦਮੀ ਟਕਸਾਲ ਲੰਗੇਆਣਾ ਕਲਾਂ



ਫ਼ਿਰੋਜ਼ਪੁਰ, 6 ਜੂਨ (ਮਨੋਹਰ ਲਾਲ) :— ਲੋਕ ਸਭਾ ਹਲਕਾ ਫਰੀਦਕੋਟ ਤੋਂ ਭਾਈ ਸਰਬਜੀਤ ਸਿੰਘ ਖਾਲਸਾ ਮਲੋਆ ਤੇ ਭਾਈ ਅੰਮ੍ਰਿਤਪਾਲ ਸਿੰਘ ਦੀ ਭਾਰੀ ਗਿਣਤੀ ਵਿਚ ਹੋਈ ਜਿੱਤ ਨਾਲ ਦੇਸ਼—ਵਿਦੇਸ਼ ਵਿਚ ਦੀਆਂ ਸੰਗਤਾਂ ਵਿਚ ਕਾਫੀ ਖੁਸ਼ੀ ਪਾਈ ਜਾ ਰਹੀ ਹੈ, ਲੋਕ ਐਨੇ ਖੁਸ਼ ਹਨ ਕਿ ਅਸੀਂ ਬਿਆਨ ਨਹੀਂ ਕਰ ਸਕਦੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਬਾਬਾ ਸਾਧੂ ਸਿੰਘ ਜੀ ਦਮਦਮੀ ਟਕਸਾਲ ਲੰਗੇਆਣਾ ਕਲਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਭਾਈ ਸਰਬਜੀਤ ਸਿੰਘ ਖਾਲਸਾ ਮਲੋਆ ਤੇ ਭਾਈ ਅੰਮ੍ਰਿਤਪਾਲ ਸਿੰਘ ਦੀ ਭਾਰੀ ਗਿਣਤੀ ਵਿਚ ਵੋਟਾਂ ਲੈ ਕੇ ਜਿੱਤ ਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਿਚ ਕਾਫੀ ਖੁਸ਼ੀ ਪਾਈ ਜਾ ਰਹੀ ਹੈ, ਇਹ ਜਿੱਤ ਸਚਾਈ ਦੀ ਜਿੱਤ ਹੈ, ਕਿਉਂਕਿ ਬਗੈਰ ਕਸੂਰ ਤੋਂ ਭਾਈ ਅੰਮ੍ਰਿਤਪਾਲ ਸਿੰਘ ਤੇ ਐਨ.ਐਸ.ਏ ਲਗਾ ਕੇ ਡਿਬਰੂਗੜ੍ਹ (ਆਸਾਮ) ਦੀ ਜੇਲ੍ਹ ਵਿਚ ਭੇਜ਼ ਦਿੱਤਾ, ਉਨ੍ਹਾਂ ਦਾ ਕਸੂਰ ਸਿਰਫ ਐਨਾ ਸੀ ਕਿ ਉਹ ਪੰਜਾਬ ਵਿਚੋਂ ਨਸ਼ਾ ਖਤਮ ਕਰਨ ਲਈ ਭਾਰੀ ਗਿਣਤੀ ਵਿਚ ਸੰਗਤਾਂ ਨੂੰ ਅੰਮ੍ਰਿਤ ਛਕਾ ਕੇ ਗੁਰੂ ਲੜ ਲਾ ਰਿਹਾ ਸੀ, ਪਰ ਕੇਂਦਰ ਸਰਕਾਰ ਨੂੰ ਅਤੇ ਪੰਜਾਬ ਸਰਕਾਰ ਨੂੰ ਇਹ ਗੱਲ ਹਜ਼ਮ ਨਹੀਂ ਹੋਈ ਅਤੇ ਝੂਠਾ ਇਲਜਾਮ ਲਾ ਕੇ ਉਸ ਨੂੰ ਬਦਨਾਮ ਕਰਕੇ ਜੇਲ੍ਹ ਭੇਜ਼ ਦਿੱਤਾ, ਪਰ ਹਲਕਾ ਖਡੂਰ ਸਾਹਿਬ ਦੀਆਂ ਸੰਗਤਾਂ ਨੇ ਭਾਰੀ ਗਿਣਤੀ ਵਿਚ ਵੋਟਾਂ ਪਾਈਆਂ ਅਤੇ ਇਕ ਲੱਖ 97 ਹਜ਼ਾਰ 120 ਵੋਟਾਂ ਦੇ ਫਰਕ ਨਾਲ ਜਿੱਤ ਪ੍ਰਾਪਤ ਕੀਤੀ। ਇਸ ਤਰ੍ਹਾਂ ਭਾਈ ਸਰਬਜੀਤ ਸਿੰਘ ਖਾਲਸਾ ਮਲੋਆ ਨੇ 70 ਹਜ਼ਾਰ 053 ਵੋਟਾਂ ਦੇ ਫਰਕ ਨਾਲ ਆਪਣੇ ਨੇੜਲੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਕਰਮਜੀਤ ਅਨਮੋਲ ਤੋਂ ਵੱਧ ਵੋਟਾਂ ਲੈ ਕੇ ਜਿੱਤ ਦਰਜ ਕੀਤੀ। ਬਾਬਾ ਸਾਧੂ ਸਿੰਘ ਦਮਦਮੀ ਟਕਸਾਲ ਲੰਗੇਆਣਾ ਕਲਾਂ ਨੇ ਸਮੂਹ ਦੇਸ਼—ਵਿਦੇਸ਼ ਦੀ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਨਾਲ ਹੀ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਸਿੱਖ ਕੌਮ ਇਕ ਪਲੇਟਫਾਰਮ ਤੇ ਇਕੱਠੀ ਹੋ ਕੇ ਏਨ੍ਹਾਂ ਦਾ ਸਾਥ ਦੇਵੇ ਅਤੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਕੋਲੋਂ ਸਿੱਖ ਪੰਥ ਦੇ ਮਸਲੇ ਹੱਲ ਕਰਵਾਉਣ, ਕਿਉਂਕਿ ਏਕੇ ਨਾਲ ਹੀ ਵੱਡੇ ਤੋਂ ਵੱਡੇ ਸਲੇ ਹੱਲ ਹੋ ਸਕਦੇ ਹਨ, ਗੁਰੂ ਮਹਿਰ ਕਰੇ।

# ਵਿਸ਼ਵ ਵਾਤਾਵਰਨ ਦਿਵਸ ਤੇ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਇਆ ਸਮਾਗਮ



ਫ਼ਿਰੋਜ਼ਪੁਰ, 6 ਜੂਨ (ਮਨੋਹਰ ਲਾਲ) :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਸਕੂਲ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਮੌਕੇ ਵਿਦਿਆਰਥੀਆਂ ਲਈ ਆਨਲਾਈਨ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ ਵਿਦਿਆਰਥੀਆਂ ਨੇ ਵਾਤਾਵਰਨ ਦੀ ਮਹੱਤਤਾ ਨੂੰ ਸਮਝਦੇ ਹੋਏ ਇਨ੍ਹਾਂ ਗਤੀਵਿਧੀਆਂ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਦੌਰਾਨ ਵਿਦਿਆਰਥੀਆਂ ਨੇ ਆਪਣੇ ਆਲੇ—ਦੁਆਲੇ ਰੁੱਖਾਂ ਅਤੇ ਪੌਦਿਆਂ ਨੂੰ ਪਾਣੀ ਦੇਣ, ਨਵੇਂ ਰੁੱਖ ਲਗਾਉਣ, ਵਿਸ਼ਵ ਵਾਤਾਵਰਨ ਦਿਵਸ ਮੌਕੇ ਆਪਣੇ ਵਿਚਾਰ ਪੇਸ਼ ਕਰਨ ਅਤੇ ਸਲੋਗਨ ਲਿਖਣ ਵਰਗੀਆਂ ਗਤੀਵਿਧੀਆਂ ਵਿੱਚ ਭਾਗ ਲਿਆ। ਇਸ ਮੌਕੇ ਬੱਚਿਆਂ ਨੇ ਇਨ੍ਹਾਂ ਗਤੀਵਿਧੀਆਂ ਨੂੰ ਬਹੁਤ ਵਧੀਆ ਢੰਗ ਨਾਲ ਕੀਤਾ ਅਤੇ ਸਾਰਿਆਂ ਨੂੰ ਵਾਤਾਵਰਨ ਦੀ ਮਹੱਤਤਾ ਅਤੇ ਇਸ ਦੀ ਸੰਭਾਲ ਦਾ ਸੰਦੇਸ਼ ਦਿੱਤਾ।ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਅਜਿਹੇ ਮਹੱਤਵਪੂਰਨ ਦਿਹਾੜਿਆਂ ਨੂੰ ਮਨਾਉਣ ਦਾ ਸਾਡਾ ਉਦੇਸ਼ ਬੱਚਿਆਂ ਨੂੰ ਆਪਣੇ ਵਾਤਾਵਰਨ ਨਾਲ ਜੋੜਨਾ ਅਤੇ ਮਨੁੱਖੀ ਜੀਵਨ ਵਿਚ ਇਸ ਦੀ ਮਹੱਤਤਾ ਨੂੰ ਸਮਝਾਉਣਾ ਹੈ, ਕਿਉਂਕਿ ਇਸ ਸਬੰਧੀ ਜਾਗਰੂਕਤਾ ਹਰ ਕਿਸੇ ਵਿਚ ਹੋਣੀ ਜ਼ਰੂਰੀ ਹੈ ਤਾਂ ਜੋ ਅਸੀਂ ਭਵਿੱਖ ਵਿਚ ਕੁਦਰਤੀ ਸਰੋਤਾਂ ਦੀ ਵਰਤੋਂ ਕਰ ਸਕੀਏ ਅਤੇ ਇੰਨ੍ਹਾਂ ਦੀ ਹੋਂਦ ਬਣੀ ਰਹੇ ਅਸੀਂ ਇੰਨ੍ਹਾਂ ਦਾ ਲਾਭ ਉਠਾਉਂਦੇ ਰਹੀਏ।

**ਸਿੱਖ ਕੌਮ ਨੂੰ ਘੱਲੂਘਾਰਾ, ਸੰਤ ਭਿੰਡਰਾਂਵਾਲੇ ਤੇ ਸ਼ਹੀਦਾਂ ਦਾ ਨਿਸ਼ਾਨਾ ਖ਼ਾਲਿਸਤਾਨ ਯਾਦ ਹੈ : ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ**

# ਫ਼ੈਡਰੇਸ਼ਨ ਭਿੰਡਰਾਂਵਾਲਾ ਨੇ ਸ਼ਹੀਦਾਂ ਦੀਆਂ ਤਸਵੀਰਾਂ ਵਿਖਾ ਕੇ ਖ਼ਾਲਿਸਤਾਨੀ ਨਾਅਰੇਬਾਜ਼ੀ ਕੀਤੀ










**ਅੰਮ੍ਰਿਤਸਰ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਿੱਖ ਕੌਮ ਨੂੰ ਜੂਨ 1984 ਦਾ ਤੀਜਾ ਘੱਲੂਘਾਰਾ, ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਤੇ ਸ਼ਹੀਦਾਂ ਦਾ ਨਿਸ਼ਾਨਾ ਖ਼ਾਲਿਸਤਾਨ ਯਾਦ ਹੈ। ਦਰਬਾਰ ਸਾਹਿਬ ਉੱਤੇ ਹਮਲੇ ਨਾਲ ਸਿੱਖਾਂ ਦਾ ਭਾਰਤ ਨਾਲੋਂ ਰਿਸ਼ਤਾ ਟੁੱਟ ਗਿਆ ਤੇ ਖ਼ਾਲਿਸਤਾਨ ਦੀ ਨੀਂਹ ਰੱਖੀ ਗਈ ਜਿਸ ਦੀ ਅਜ਼ਾਦੀ ਲਈ ਸੰਘਰਸ਼ ਜਾਰੀ ਹੈ। ਦਰਬਾਰ ਸਾਹਿਬ ’ਤੇ ਹਮਲਾ ਕਿਸੇ ਇੱਕ ਪਾਰਟੀ ਨੇ ਨਹੀਂ ਬਲਕਿ ਪੂਰੇ ਭਾਰਤੀ ਰਾਜਤੰਤਰ ਨੇ ਕੀਤਾ ਸੀ ਜਿਸ ਦੀ ਅਗਵਾਈ ਕਾਂਗਰਸ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਕੀਤੀ ਤੇ ਸਮਰਥਨ ਭਾਜਪਾ, ਆਰ.ਐਸ.ਐਸ., ਕਾਮਰੇਡ ਪਾਰਟੀਆਂ, ਅਖੌਤੀ ਅਕਾਲੀਆਂ ਤੇ ਦੇਸ਼ ਦੇ ਸਮੁੱਚੇ ਫ਼ਿਰਕੂ ਹਿੰਦੂਤਵੀਆਂ ਨੇ ਕੀਤਾ ਸੀ। ਇਸ ਘੱਲੂਘਾਰੇ ਨੂੰ ਭੁੱਲ ਜਾਣਾ ਦੂਜੀ ਨਸਲਕੁਸ਼ੀ ਨੂੰ ਸੱਦਾ ਦੇਣ ਦੇ ਬਰਾਬਰ ਹੈ। ਜੂਨ 1984 ਦੇ ਤੀਜੇ ਘੱਲੂਘਾਰੇ ਦੀ 40ਵੀਂ ਵਰ੍ਹੇਗੰਢ ’ਤੇ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸਾਬਕਾ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ, ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਤੇ ਭਾਈ ਅੰਗਦ ਸਿੰਘ ਕਸ਼ਮੀਰ ਦੀ ਅਗਵਾਈ ’ਚ ਸਿੱਖ ਨੌਜਵਾਨਾਂ ਨੇ ਸ਼ਹੀਦੀ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਸ਼ਹੀਦੀ ਯਾਦਗਾਰ ਕੋਲ ਸ਼ਹੀਦਾਂ ਨੂੰ ਸ਼ਰਧਾ ਅਤੇ ਸਤਿਕਾਰ ਭੇਂਟ ਕਰਦਿਆਂ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਜਨਰਲ ਸ਼ਬੇਗ ਸਿੰਘ, ਸ਼ਹੀਦ ਬਾਬਾ ਠਾਹਰਾ ਸਿੰਘ ਦੀਆਂ ਤਸਵੀਰਾਂ ਵਾਲੇ ਪੋਸਟਰ-ਬੈਨਰ ਲਹਿਰਾਏ ਜੋ ਖਿੱਚ ਦਾ ਕੇਂਦਰ ਬਣੇ ਰਹੇ ਤੇ ਸ਼ਹੀਦਾਂ ਦੀ ਸੋਚ ’ਤੇ ਪਹਿਰਾ ਦਿਆਂਗੇ ਠੋਕ ਕੇ ਅਤੇ ਖ਼ਾਲਿਸਤਾਨ ਜ਼ਿੰਦਾਬਾਦ ਆਦਿਕ ਨਾਅਰੇ ਲਗਾਏ ਜਿਸ ਨਾਲ ਮਾਹੌਲ ਬੇਹੱਦ ਜੋਸ਼ੀਲਾ ਬਣ ਗਿਆ, ਨੌਜਵਾਨਾਂ ਦੇ ਚਿਹਰਿਆਂ ’ਤੇ ਆਪਣੇ ਸ਼ਹੀਦਾਂ ਪ੍ਰਤੀ ਪਿਆਰ ਡੁੱਲ੍ਹ-ਡੁੱਲ੍ਹ ਪੈਂਦਾ ਦਿਸ ਰਿਹਾ ਸੀ। ਫੈਡਰੇਸ਼ਨ ਭਿੰਡਰਾਂਵਾਲਾ ਦੇ ਆਗੂਆਂ ਨੇ ਕਿਹਾ ਕਿ ਦਰਬਾਰ ਸਾਹਿਬ ਉੱਤੇ ਭਾਰਤ ਸਰਕਾਰ ਵੱਲੋਂ ਕੀਤਾ ਹਮਲਾ ਸਿੱਖਾਂ ਦੇ ਦਿਲ, ਦਿਮਾਗ ਅਤੇ ਰੂਹ ਉੱਤੇ ਹਮਲਾ ਸੀ। ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਸਾਡੇ ਮਹਾਂਨਾਇਕ ਹਨ ਅਤੇ ਇੰਦਰਾ ਗਾਂਧੀ ਦੀ ਗਿਣਤੀ ਅਬਦਾਲੀ, ਮੱਸਾ ਰੰਘੜ ਤੇ ਜਨਰਲ ਡਾਇਰ ਵਿੱਚ ਆਉਂਦੀ ਹੈ। ਉਹਨਾਂ ਕਿਹਾ ਕਿ ਆਜ਼ਾਦ ਭਾਰਤ ਵਿੱਚ ਚਾਰ ਵਾਰ ਦਰਬਾਰ ਸਾਹਿਬ ਤੇ ਹਮਲੇ ਹੋ ਚੁੱਕੇ ਨੇ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਅੱਜ ਵੀ ਜਾਰੀ ਨੇ, ਸਜਾਵਾਂ ਪੂਰੀਆਂ ਕਰਨ ਦੇ ਬਾਵਜੂਦ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ, ਭਾਰਤ ਵਿੱਚ ਸਿੱਖਾਂ ਦਾ ਭਵਿੱਖ ਸੁਰੱਖਿਅਤ ਨਹੀਂ ਹੈ, ਸਿੱਖਾਂ ਨੂੰ ਮੀਰੀ ਪੀਰੀ ਦੇ ਸਿਧਾਂਤ ਤੇ ਪਹਿਰਾ ਦਿੰਦਿਆਂ ਹਰ ਫਰੰਟ ਤੇ ਲੜਾਈ ਲੜਨੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV

**ਘੱਲੂਘਾਰੇ ਨੂੰ ਭੁੱਲ ਜਾਣਾ ਦੂਜੀ ਨਸਲਕੁਸ਼ੀ ਨੂੰ ਸੱਦਾ ਦੇਣ ਦੇ ਬਰਾਬਰ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ**

# ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਮੱਸਿਆ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ, ਜੂਨ 1984 ਦੇ ਸ਼ਹੀਦਾਂ ਲਈ ਪਾਏ ਭੋਗ





ਫ਼ਿਰੋਜ਼ਪੁਰ, 6 ਜੂਨ (ਮਨੋਹਰ ਲਾਲ) :— ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਮੱਸਿਆ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ 6 ਜੂਨ 1984 ਦੇ ਸ਼ਹੀਦਾਂ ਦੀ ਯਾਦ ਵਿਚ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ ਨੇ ਹੁਕਮਨਾਮੇ ਦੀ ਕਥਾ ਕਰਦਿਆਂ ਆਖਿਆ ਕਿ ਵਾਹਿਗੁਰੂ ਬਹੁਤ ਹੀ ਸ਼ਕਤੀਮਾਨ ਹੈ ਅਤੇ ਉਹ ਕਣ—ਕਣ ਵਿਚ ਹਰ ਥਾਂ ਤੇ ਹੈ ਅਤੇ ਸਾਡੇ ਹਿਰਦੇ ਅੰਦਰ ਹੈ, ਪਰ ਸਾਨੂੰ ਨਾਮ ਦੀ ਕਮਾਈ ਕਰਨੀ ਚਾਹੀਦੀ ਹੈ, ਸਾਨੂੰ ਉਠਦੇ—ਬੈਠਦੇ ਸਵੇਰੇ—ਸ਼ਾਮ ਹਰ ਵਕਤ ਸਤਿਨਾਮ ਜੀ ਦਾ ਜਾਪ ਕਰਨਾ ਚਾਹੀਦਾ ਹੈ, ਨਾਮ ਜਪਣ ਨਾਲ ਨਾਮ ਸੁਨਣ ਨਾਲ ਤੁਹਾਡੇ ਸਾਰੇ ਕੰਮ ਹੋ ਜਾਂਦੇ ਹਨ, ਸਿਰਫ ਗੁਰੂ ਮਹਾਰਾਜ ਤੇ ਭਰੋਸਾ ਕਰਨਾ ਚਾਹੀਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਅੱਜ 6 ਜੂਨ 1984 ਨੂੰ ਕੇਂਦਰ ਦੀ ਹੁਕਮਰਾਨ ਸਰਕਾਰ ਇੰਦਰਾ ਗਾਂਧੀ ਨੇ ਭਾਰਤੀ ਫੌਜ਼ ਨੂੰ ਹੁਕਮ ਦਿੱਤਾ ਕਿ ਸ੍ਰੀ ਦਰਬਾਰ ਸਾਹਿਬ ਤੇ ਅਟੈਕ ਕਰੋ ਅਤੇ ਭਾਰਤੀ ਫੌਜਾਂ ਨੇ ਟੈਂਕਾਂ ਤੋਪਾਂ ਨਾਲ ਬੇਦੋਸ਼ੇ ਬੀਬੀਆਂ, ਬੱਚੇ, ਬਜ਼ੁਰਗਾਂ ਅਤੇ ਸਰਾਵਾਂ ਤੇ ਧਰਮਸ਼ਾਲਾ ਵਿਚ ਰਹਿ ਰਹੇ ਨੌਜਵਾਨਾਂ ਨੂੰ ਸ਼ਹੀਦ ਕਰ ਦਿੱਤਾ ਜ਼ੋ ਨਾ ਭੁਲਣ ਵਾਲਾ ਹੈ। ਇਤਿਹਾਸ ਗਵਾਹ ਹੈ ਕਿ ਹੁਕਮ ਦੇਣ ਵਾਲੀ ਇੰਦਰਾ ਗਾਂਧੀ ਦਾ ਹਸ਼ਰ ਵੀ ਉਹ ਜਿਹਾ ਹੋਇਆ, ਸਾਡਾ ਦਰਬਾਰ ਸਾਹਿਬ ਸਰਬ ਉੱਚ ਅਸਥਾਨ ਹੈ, ਜ਼ਿਸ ਨੇ ਵ ਇਥੋਂ ਕੁਝ ਮੰਗਿਆ ਹੈ, ਉਸ ਦੀ ਝੋਲੀ ਭਰ ਦਿੱਤੀ, ਅੱਜ ਅਸੀਂ ਗੁਰੂ ਮਹਾਰਾਜ ਅੱਗੇ ਬੇਨਤੀ ਕਰਦੇ ਹਾਂ ਕਿ ਜਿਹੜੇ ਬੇਦੋਸ਼ੇ ਬੀਬੀਆਂ, ਬੱਚੇ, ਬਜ਼ੁਰਗ ਨੌਜਵਾਨ ਸਾਡੇ ਸ਼ਹੀਦ, ਅਮਰ ਸ਼ਹੀਦ, ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂ ਵਾਲੇ, ਜਰਨਲ ਸੁਬੇਗ ਸਿੰਘ, ਭਾਈ ਅਮਰੀਕ ਸਿੰਘ, ਬਾਬਾ ਸਿੰਘ ਅਤੇ ਹੋਰ ਸ਼ਹੀਦ ਸਿੰਘਾਂ ਵਾਹਿਗੁਰੂ ਆਪਣੇ ਚਰਨਾਂ ਵਿਚ ਅਸਥਾਨ ਦੇਵੇ। ਇਸ ਮੌਕੇ ਤੇ ਜਥੇਦਾਰ ਗੁਰਮੀਤ ਸਿੰਘ ਮੀਤਾ, ਭਾਈ ਸ਼ੇਰ ਸਿੰਘ, ਭਾਈ ਗੁਰਮੁੱਖ ਸਿੰਘ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਠੰਡੇ ਮਿੱਠੇ ਜਲ ਦੀ ਸੇਵਾ ਕੀਤੀ ਅਤੇ ਗੁਰੂ ਕਾ ਲੰਗਰ, ਖੀਰ ਅਤੇ ਚਾਹ ਦਾ ਲੰਗਰ ਅਤੁੱਟ ਵਰਤਾਏ ਗਏ।

# ਗਿਆਨੀ ਸੁਖਜਿੰਦਰ ਸਿੰਘ ਖਾਲਸਾ ਇੰਟਰਨੈਸ਼ਨਲ ਪੰਥਕ ਦਲ ਪ੍ਰਧਾਨ ਫਰੀਦਕੋਟ ਨੇ ਲੋਕ ਸਭਾ ਹਲਕਾ ਫਰੀਦਕੋਟ ਦੇ ਭਾਈ ਸਰਬਜੀਤ ਸਿੰਘ ਖਾਲਸਾ ਮਲੋਆ ਦੀ ਸ਼ਾਨਦਾਰ ਜਿੱਤ ਤੇ ਲੱਡੂ ਵੰਡੇ




**ਫ਼ਿਰੋਜ਼ਪੁਰ, 6 ਜੂਨ (ਮਨੋਹਰ ਲਾਲ) :—** ਗਿਆਨੀ ਸੁਖਜਿੰਦਰ ਸਿੰਘ ਖਾਲਸਾ ਇੰਟਰਨੈਸ਼ਨਲ ਪੰਥਕ ਦਲ ਜ਼ਿਲ੍ਹਾ ਪ੍ਰਧਾਨ ਫਰੀਦਕੋਟ ਨੇ ਲੋਕ ਸਭਾ ਹਲਕਾ ਫਰੀਦਕੋਟ ਦੇ ਭਾਈ ਸਰਬਜੀਤ ਸਿੰਘ ਖਾਲਸਾ ਮਲੋਅ ਦੀ ਸ਼ਾਨਦਾਰ ਜਿੱਤ ਦੀ ਖੁਸ਼ੀ ਵਿਚ ਸੰਗਤਾਂ ਨੂੰ ਲੱਡੂ ਵੰਡੇ। ਇਸ ਮੌਕੇ ਤੇ ਗਿਆਨੀ ਸੁਖਜਿੰਦਰ ਸਿੰਘ ਖਾਲਸਾ ਜ਼ਿਲ੍ਹਾ ਪਧਾਨ ਫਰੀਦਕੋਟ ਨੇ ਕਿਹਾ ਕਿ ਇਹ ਜਿੱਤ ਸਮੁੱਚੀ ਸਿੱਖ ਕੌਮ ਦੀ ਜਿੱਤ ਹੈ ਅਤੇ ਲੋਕ ਸਭਾ ਹਲਕਾ ਫਰੀਦਕੋਟ ਦੇ ਸਮੁੱਚੇ ਵੋਟਰਾਂ ਨੇ ਇਹ ਸਿੱਧ ਕਰ ਦਿੱਤਾ ਹੈ ਕਿ ਕੌਮ ਸੁਤੀ ਨਹੀਂ, ਜਾਗਦੀ ਹੈ। ਗਿਆਨੀ ਸੁਖਜਿੰਦਰ ਸਿੰਘ ਖਾਲਸਾ ਨੇ ਅੱਗੇ ਕਿਹਾ ਕਿ ਪੰਜਾਬ ਵਿਚ ਬੀ.ਜੇ.ਪੀ ਆਪਣਾ ਖਾਤਾ ਵੀ ਨਹੀਂ ਖੋਲ ਸਕੀ, ਕਿਉਂਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਆਪਣੇ ਹੰਕਾਰ ਵਿਚ ਐਨਾ ਚਕਨਾ ਚੂਰ ਹੋ ਗਿਆ ਕਿ ਉਸ ਨੂੰ ਕਿਸੇ ਦਾ ਦੁੱਖ ਵੀ ਨਹੀਂ ਜਾਣ ਸਕਿਆ। ਪਹਿਲਾਂ ਕਿਸਾਨ ਇਕ ਸਾਲ ਦਿੱਲੀ ਦੇ ਬਾਰਡਰਾਂ ਤੇ ਰਹਿ ਕੇ ਮੋਦੀ ਨੂੰ ਝੁਕਾਇਆ ਅਤੇ ਹੁਣ ਫਿਰ ਕਿਸਾਨ ਦਿੱਲੀ ਦੇ ਬਾਰਡਰਾਂ ਤੇ ਬੈਠੇ ਹਨ ਅਤੇ ਪਿੰਡਾਂ ਵਿਚ ਬੀ.ਜੇ.ਪੀ ਨੂੰ ਵੋਟ ਨਾ ਮਿਲਣ ਦਾ ਇਹੀ ਕਾਰਨ ਰਿਹਾ ਹੈ ਅਤੇ ਹੁਣ ਫਿਰ ਮੋਦੀ ਦੂਸਰੀਆਂ ਪਾਰਟੀਆਂ ਨਾਲ ਮਿਲ ਕੇ ਸਰਕਾਰ ਬਣਾ ਰਿਹਾ ਹੈ। ਇਕ ਵਾਰ ਮੈਂ ਫਿਰ ਸਮੂਹ ਦੇਸ਼—ਵਿਦੇਸ਼ ਦੀਆਂ ਸੰਗਤਾਂ ਨੂੰ ਭਾਈ ਸਰਬਜੀਤ ਸਿੰਘ ਖਾਲਸਾ ਮਲੋਅ ਦੇ ਜਿੱਤਣ ਤੇ ਵਧਾਈ ਦਿੰਦਾ ਹਾਂ।

ਆਵਾਜ਼ਿ ਕੌਮ AWAZE QAUM
International Newspaper & WEB TV

# ਗੁਰੂ ਅਰਜਨ ਦੇਵ ਜੀ ਅਤੇ ਜੂਨ 84 ਘੱਲੂਘਾਰਾ ਦੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਖੂਨਦਾਨ ਕੈਂਪ ਲਾਇਆ

**ਲੁਧਿਆਣਾ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼ਹੀਦਾਂ ਦੇ ਸਿਰਤਾਜ ਸ਼ਾਂਤੀ ਦੇ ਪੁੰਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਅਤੇ ਜੂਨ 84 ਘੱਲੂਘਾਰਾ ਦੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਮਨੁੱਖਤਾ ਦੇ ਭਲੇ ਲਈ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਵਲੋਂ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਦੇਖ ਰੇਖ ਹੇਠ 733ਵਾਂ ਮਹਾਨ ਖੂਨਦਾਨ ਕੈਂਪ ਗੁਰਦੁਆਰਾ ਪਾਤਸ਼ਾਹੀ ਛੇਵੀਂ ਠੱਠਾ ਸਾਹਿਬ,ਫਿਰੋਜ਼ਪੁਰ ਵਿਖੇ ਗੁ: ਸਾਹਿਬ ਪ੍ਰਧਾਨ ਤੇਗਾ ਸਿੰਘ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਮੌਕੇ ਤੇ ਮਹਾਨ ਖੂਨਦਾਨ ਕੈਂਪ ਦਾ ਉਦਘਾਟਨ ਕਰਦਿਆਂ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜ਼ਿ) ਨੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਤੇਗਾ ਸਿੰਘ,ਮੈਨੇਜਰ ਬੂਟਾ ਸਿੰਘ ਅਤੇ ਗੁ: ਸਮੁੱਚੀ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਹੜੀਆਂ ਕੋਮਾ ਆਪਣੇ ਸ਼ਹੀਦਾਂ ਦੀਆਂ ਯਾਦਗਾਰਾਂ ਮਨਾਉਂਦੀਆਂ ਹਨ ਉਨ੍ਹਾਂ ਕੋਮਾ ਦੀ ਅਣਖ ਅਤੇ ਗੈਰਤ ਹਮੇਸ਼ਾ ਜ਼ਿੰਦਾ ਰਹਿੰਦੀਆ ਹਨ ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ ਇਸ ਮੌਕੇ ਤੇ ਗੁ: ਸਾਹਿਬ ਦੇ ਪ੍ਰਧਾਨ ਤੇਗਾ ਸਿੰਘ ਨੇ ਭਾਈ ਹਰਪਾਲ ਸਿੰਘ ਮੱਖੂ ਸਮੇਤ ਖੂਨਦਾਨ ਕਰਨ ਵਾਲੇ 48 ਪ੍ਰਾਣੀਆ ਦੀ ਹੌਸਲਾ ਅਫਜ਼ਾਈ ਕਰਦਿਆਂ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਮੈਨੇਜਰ ਬੂਟਾ ਸਿੰਘ ਨੇ ਦਸਿਆ ਖੂਨਦਾਨ ਕੈਂਪ ਦੋਰਾਨ ਇਕੱਤਰ ਕੀਤਾ ਗਿਆ ਖੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਦਿਤਾ ਜਾਵੇਗਾ। ਇਸ ਮੌਕੇ ਤੇ ਅਜੀਤ ਸਿੰਘ ਮੀਤ ਪ੍ਰਧਾਨ, ਮਨਜੀਤ ਸਿੰਘ ਮੀਤ ਮੈਨੇਜਰ, ਸਵਰਨ ਸਿੰਘ, ਭਾਈ ਹਰਦੀਪ ਸਿੰਘ,ਭਾਈ ਸੁਖਬੀਰ ਸਿੰਘ ਕਥਵਾਚਕ, ਜੁਗਰਾਜ ਸਿੰਘ,ਹੈਡ ਗ੍ਰੰਥੀ ਗੁਰਿੰਦਰ ਸਿੰਘ ਕਿਰਤੋਵਾਲ ਕਲਾਂ,ਹਰਦਿਆਲ ਸਿੰਘ ਭੁੱਲਰ, ਮਾਨਵੀਰ ਸਿੰਘ ਹਰੀਕੇ,ਨਿਸ਼ਾਨ ਸਿੰਘ,ਗੁਰਬਿੰਦਰ ਸਿੰਘ ਮਰਹਾਣਾ,ਅਵਤਾਰ ਸਿੰਘ, ਸ਼੍ਰੀ ਚੰਦਰ ਕੰਧਾਰੀ, ਸੰਨੀ ਸਿੰਘ,ਇੰਦਰਪਾਲ ਸਿੰਘ ਪਮਾਲੀ, ਜਤਿੰਦਰ ਸਿੰਘ ਬੋਬੀ, ਗਿਰਦੌਰ ਸਿੰਘ ਤੂਰ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

### ਯੂ ਕੇ ਵਿੱਚ ਲੇਬਰ ਸਰਕਾਰ ਬਣਨ 'ਤੇ

# ਜੂਨ 84 ਵਿੱਚ ਥੈਚਰ ਸਰਕਾਰ ਦੀ ਸ਼ਮੂਲੀਅਤ ਦੀ ਹੋਵੇਗੀ ਇੰਡੀਪੈਂਡੈਂਟ ਇਨਕੁਆਇਰੀ - ਐਮ ਪੀ ਤਨਮਨਜੀਤ








**ਸਲੋਹ, 6 ਜੂਨ (ਸਰਬਜੀਤ ਸਿੰਘ ਬਨੂੜ)**-ਇੰਗਲੈਂਡ ਵਿੱਚ ਲੇਬਰ ਸਰਕਾਰ ਬਣਨ ਤੇ ਜੂਨ 1984 ਦੇ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਹਮਲੇ ਵਿੱਚ ਥੈਚਰ ਸਰਕਾਰ ਦੀ ਸ਼ਮੂਲੀਅਤ ਹੋਣ ਸੰਬੰਧੀ ਆਜ਼ਾਦ ਤੌਰ ਤੇ ਇੱਕ ਇੰਡੀਪੈਂਡੈਂਟ ਇਨਕੁਆਇਰੀ ਕਰਵਾਈ ਜਾਵੇਗੀ ਜੋ ਸੱਚ ਲੋਕਾ ਸਾਹਮਣੇ ਰੱਖੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਲੋਹ ਤੋਂ ਪਹਿਲੇ ਦਸਤਾਰਧਾਰੀ ਐਮ ਪੀ ਤੇ ਸੈਡੋ ਖਜਾਨਾ ਮੰਤਰੀ ਸ ਤਨਮਨਜੀਤ ਸਿੰਘ ਢੇਸੀ ਨੇ ਗੁਰਦਵਾਰਾ ਸ੍ਰੀ ਗੁਰੂ ਸਿੰਘ ਸਭਾ ਸਲੋਹ ਵਿੱਚ ਤੀਜੇ ਘੁੱਲੂਘਾਰਾ ਦੀ 40 ਵੇਂ ਯਾਦਗਾਰ ਸਮਾਗਮ ਦੌਰਾਨ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਅਰੰਭ ਕਰਵਾਏ ਗਏ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਏ ਆਖੇ। ਇਸ ਮੌਕੇ ਗੁਰਦਵਾਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ਼ਹੀਦਾਂ ਦੀ ਯਾਦ ਵਿੱਚ ਧਾਰਮਿਕ ਦੀਵਾਨ ਸਜਾਇਆ ਗਿਆ।

ਬਰਤਾਨੀਆ ਐਮ ਪੀ ਨੇ ਸੰਗਤਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਕੌਮ ਦੇ ਸ਼ਹੀਦਾਂ ਨੂੰ ਯਾਦ ਕਰਨਾ, ਆਪਣੇ ਬੱਚਿਆਂ ਨੂੰ ਪੰਜਾਬੀ ਜੁਬਾਨ ,ਪੰਜਾਬੀ ਸੱਭਿਆਚਾਰਕ ਤੇ ਸਿੱਖੀ ਕਦਰਾਂ ਕੀਮਤਾਂ ਦੇ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼ਾਬਕਾ ਪ੍ਰਧਾਨ ਮੰਤਰੀ ਥੈਚਰ ਤੇ ਇੰਦਰਾ ਗਾਂਧੀ ਵਿਚਕਾਰ ਆਪਸੀ ਗੂੜ੍ਹੇ ਦੋਸਤਾਨਾ ਰਿਸ਼ਤਾ ਸੀ। ਉਨ੍ਹਾਂ ਸਲੋਹ ਨਿਵਾਸੀਆਂ ਨੂੰ ਧਰਮ ਦੇ ਨਾਂ ਤੇ ਵੰਡੀਆਂ ਪਾਉਣ ਵਾਲਿਆਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ ਗਈ। ਸ ਢੇਸੀ ਨੇ ਕਿਹਾ ਕਿ ਭਾਰਤ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਜੂਨ 1984 ਦੇ ਘੁੱਲੂਘਾਰੇ ਦੇ 40 ਸਾਲ ਬੀਤ ਜਾਣ ਤੋਂ ਬਾਅਦ ਵੀ ਸਿੱਖ ਕੌਮ ਦੀ ਪੀੜਾ ਘੱਟ ਨਹੀਂ ਹੋਈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਹੁਕਮਾਂ ਤੋਂ ਬਾਦ ਫੌਜ ਨੇ ਦਰਬਾਰ ਸਾਹਿਬ ਦੇ ਕੰਪਲੈਕਸ ਤੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਾਹ ਢੇਰੀ ਕੀਤਾ ਗਿਆ ਸੀ ਤੇ ਸਿੱਖ ਰੈਫਰੈਂਸ ਲਾਇਬਰੇਰੀ ਨੂੰ ਅੱਗ ਲਾ ਦਿੱਤੀ ਗਈ ਤੇ ਸਿੱਖ ਕੌਮ ਦੇ ਅਨਮੋਲ ਖ਼ਜ਼ਾਨੇ ਨੂੰ ਅਲੋਪ ਕਰ ਦਿੱਤਾ ਗਿਆ। 1984 ਦੇ ਵਿੱਚ ਸਿੱਖ ਨਸਲ ਕੁਸ਼ੀ ਹੋਈ ਤੇ ਅਗਲੀਆਂ ਪੀੜੀਆਂ ਨੂੰ ਵੀ ਆਪਣਾ ਇਤਿਹਾਸ ਦੱਸੀਏ ਕਿ ਸਿੱਖੀ ਦਾ ਜਿਹੜਾ ਬੂਟਾ ਹੈ ਇਹ ਕੌਮ ਦੇ ਖ਼ੂਨ ਦੇ ਨਾਲ ਸਾਜਿਆ ਗਿਆ ਹੈ ਤੇ ਉਨ੍ਹਾਂ ਦੀਆਂ ਕੁਰਬਾਨੀਆਂ ਦੇ ਸਦਕਾ ਸਿੱਖ ਕੌਮ ਚੜ੍ਹਦੀ ਕਲਾ ਹੈ। ਇਸ ਮੌਕੇ ਸਭਾ ਦੇ ਸ ਬਲਜਿੰਦਰ ਸਿੰਘ ਜੌਹਲ, ਸ ਰੁਪਿੰਦਰ ਸਿੰਘ ਪੱਡਾ, ਸ ਜੋਗਿੰਦਰ ਸਿੰਘ ਬੱਲ, ਜਸਵੰਤ ਸਿੰਘ ਗਿੱਢਾ, ਸ ਜਸਪਾਲ ਸਿੰਘ ਢੇਸੀ, ਸ ਅਮਰੀਕ ਸਿੰਘ ਪਰਮਾਰ, ਸ ਇੰਦਰਜੀਤ ਸਿੰਘ , ਸ ਪਰਮਜੀਤ ਸਿੰਘ, ਕਮਲਜੀਤ ਕੋਰ, ਕੈਮ ਸਿੰਘ, ਜਸਵੰਤ ਸਿੰਘ ਰੰਧਾਵਾ, ਜਸਪਾਲ ਸਿੰਘ ਚਾਹਲ ਵਿੱਚ ਹਾਜ਼ਰ ਸਨ।

### ਇੰਗਲੈਂਡ 'ਚ ਜੂਨ 84 ਦੇ

# ਘੱਲੂਘਾਰੇ ਦੀ ਯਾਦ ਵਿੱਚ ਸ਼ਹੀਦੀ ਸਮਾਗਮ




**ਸਲੋਹ, 6 ਜੂਨ (ਸਰਬਜੀਤ ਸਿੰਘ ਬਨੂੜ)**-ਜੂਨ 84 ਵਿੱਚ ਸ੍ਰੀ ਦਰਬਾਰ ਸਾਹਿਬ, ਅਕਾਲ ਤਖ਼ਤ ਸਾਹਿਬ ਸਮੇਤ ਹੋਰ 37 ਗੁਰਦੁਆਰਿਆ ਤੇ ਭਾਰਤ ਦੀ ਫੌਜ ਵੱਲੋਂ ਹਮਲਾ ਕਰਕੇ ਵਰਤਾਏ ਖੂਨੀ ਘੱਲੂਘਾਰੇ ਦੀ 40ਵੇ ਵਰ੍ਹੇ ਨੂੰ ਸਮਰਪਿਤ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਦੇਸ਼ ਵਿਦੇਸ਼ ਵਿੱਚ ਸ਼ਹੀਦੀ ਅਰਦਾਸ ਸਮਾਗਮ ਕੀਤੇ ਗਏ। ਸਮੈਦਿਕ, ਬਰਮਿੰਘਮ, ਸਾਊਥਾਲ, ਲੈਸਟਰ, ਵੂਲਵਰ ਹੈਮਪਟਨ ਦੇ ਵੱਖ ਵੱਖ ਗੁਰਦਵਾਰਾ ਪ੍ਰਬੰਧਕ ਕਮੇਟੀਆਂ ਵਿੱਚ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਦਿੱਤੀਆਂ ਗਈਆਂ। ਆਗੂਆਂ ਨੇ ਕਿਹਾ ਕਿ ਸਮੇਂ ਦੀ ਭਾਰਤ ਸਰਕਾਰ ਨੇ ਸਿੱਖਾਂ ਨੂੰ ਸਬਕ ਸਿਖਾਉਣ ਲਈ ਸਾਕਾ ਨੀਲਾ ਤਾਰਾ ਕਰਕੇ ਸਿੱਖ ਨਸਲਕੁਸ਼ੀ ਕੀਤੀ ਹੈ। ਇਸ ਘੱਲੂਘਾਰੇ ਨੂੰ ਕੌਮ ਕਦੇ ਨਹੀ ਭੁਲਾ ਸਕਦੀ।

ਗੁਰਦਵਾਰਾ ਸ੍ਰੀ ਗੁਰੂ ਸਿੰਘ ਸਭਾ ਸਲੋਹ ਵਿੱਚ ਸ਼ਹੀਦਾਂ ਦੀ ਯਾਦ ਵਿੱਚ ਸੰਗਤਾਂ ਨੇ ਅਰਦਾਸ ਕੀਤੀ ਗਈ ਉਪਰੰਤ ਕੀਰਤਨ ਕੀਤਾ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਹਰਭਜਨ ਸਿੰਘ ਪੱਤੜ, ਸਿੱਖ ਫੈਡਰੇਸਨ ਯੂਕੇ ਦੇ ਸੀਨੀਅਰ ਆਗੂ ਸ ਜਸਪਾਲ ਸਿੰਘ ਚਾਹਲ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਨਹਿਰੀ ਪਟਵਾਰੀਆਂ ਦੀ ਤਨਖਾਹ ਕਟੌਤੀ ਦੀ ਕੀਤੀ ਨਿਖੇਧੀ





ਫ਼ਿਰੋਜ਼ਪੁਰ, 6 ਜੂਨ (ਮਨੋਹਰ ਲਾਲ) :— ਜਲ ਸਰੋਤ ਵਿਭਾਗ ਪੰਜਾਬ ਦੇ ਨਹਿਰੀ ਪਟਵਾਰੀਆਂ ਦੀ ਤਨਖਾਹਾਂ ਕਟੌਤੀ ਦੀ ਆਲ ਇੰਪਲਾਈ ਕੋਆਰਡੀਨੇਸ਼ਨ ਕਮੇਟੀ ਫ਼ਿਰੋਜ਼ਪੁਰ ਨੇ ਕੀਤੀ ਨਿਖੇਧੀ। ਇਸ ਮੌਕੇ ਮੁਲਾਜ਼ਮ ਆਗੂਆਂ ਨੇ ਵਿਭਾਗ ਦੇ ਅਧਿਕਾਰੀਆਂ ਤੇ ਪੰਜਾਬ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਜਲ ਸਰੋਤ ਵਿਭਾਗ ਪੰਜਾਬ ਵਿਚ ਕੰਮ ਕਰਦੇ ਨਹਿਰੀ ਪਟਵਾਰੀਆਂ ਵੱਲੋਂ ਆਪਣੀਆਂ ਮੰਗਾਂ ਦੀ ਪੂਰਤੀ ਲਈ 16 ਮਈ ਤੋਂ 24 ਮਈ ਤੱਕ ਕਲਮ ਛੋੜ ਹੜਤਾਲ ਕੀਤੀ ਸੀ, ਜਿਸ ਦੇ ਚਲਦਿਆਂ ਪਟਵਾਰੀਆਂ ਨੂੰ ਚਾਰਸ਼ੀਟ ਇਸ ਲਈ ਨਹੀਂ ਕੀਤਾ ਕਿ ਉਹ ਕੰਮ ਨਹੀਂ ਕਰਦੇ ਚਾਰਜਸ਼ੀਟ ਇਸ ਲਈ ਕੀਤੇ ਹਨ ਕਿਉਂਕਿ ਪਟਵਾਰੀਆਂ ਵੱਲੋਂ ਝੂਠੇ ਆਂਕੜੇ ਦੇਣ ਤੋਂ ਇਨਕਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਟਵਾਰੀਆਂ ਨੂੰ ਇਹ ਕਿਹਾ ਗਿਆ ਕਿ ਨਹਿਰਾਂ ਵਿੱਚ ਪਾਣੀ ਪੂਰਾ ਚੱਲ ਰਿਹਾ ਵਿਖਾਇਆ ਜਾਵੇ, ਜਦਕਿ ਟੇਲਾਂ ਤੱਕ ਨਹਿਰੀ ਪਾਣੀ 100 ਪ੍ਰਤੀਸ਼ਤ ਨਹੀਂ ਜਾ ਰਿਹਾ, ਇਸ ਲਈ ਨਹਿਰੀ ਪਟਵਾਰੀਆਂ ਨੇ ਗਲਤ ਆਂਕੜੇ ਭਰਨ ਤੋਂ ਸਾਫ ਇਨਕਾਰ ਕਰ ਦਿੱਤਾ ਹੈ, ਜਿਸ ਕਾਰਨ ਮੁੱਖ ਸਕੱਤਰ ਜਲ ਸਰੋਤ ਵਿਭਾਗ ਪੰਜਾਬ ਸ੍ਰੀ ਕ੍ਰਿਸ਼ਨ ਕੁਮਾਰ ਵੱਲੋਂ 200 ਦੇ ਲਗਭਗ ਨਹਿਰੀ ਪਟਵਾਰੀਆਂ ਨੂੰ ਚਾਰਜਸ਼ੀਟ ਕਰ ਦਿੱਤਾ ਗਿਆ ਸੀ ਅਤੇ ਇਨ੍ਹਾਂ ਨਹਿਰੀ ਪਟਵਾਰੀਆਂ ਦੀ ਜੱਥੇਬੰਦੀ ਦੇ ਪ੍ਰਧਾਨ ਜਸਕਰਨ ਸਿੰਘ ਗਹਿਰੀ ਬੁੱਟਰ ਵੱਲੋਂ ਨਹਿਰੀ ਪਟਵਾਰੀਆਂ ਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਵਿੱਢਿਆ ਗਿਆ ਸੀ, ਜਿਸ ਦੇ ਚਲਦਿਆਂ ਪੰਜਾਬ ਪ੍ਰਧਾਨ ਜਸਕਰਨ ਸਿੰਘ ਨੂੰ ਵਿਭਾਗ ਵੱਲੋਂ ਮੁਅੱਤਲ ਕਰਕੇ ਰਣਜੀਤ ਸਾਗਰ ਡੈਮ ਪਠਾਨਕੋਟ ਵਿਖੇ ਤਾਇਨਾਤ ਕਰ ਦਿੱਤਾ ਗਿਆ ਹੈ ਹੁਣ ਮੁੱਖ ਇੰਜੀਨੀਅਰ ਹੈਡਕੁਆਰਟਰ ਵੱਲੋਂ ਤਿੰਨ ਜੂਨ ਨੂੰ ਪੱਤਰ ਜਾਰੀ ਕਰਕੇ ਕਲਮ ਛੋੜ ਹੜਤਾਲ ਤੇ ਰਹੇ ਪਟਵਾਰੀਆਂ ਦੀ ਤਨਖਾਹ ਕੱਟਣ ਦਾ ਤਾਨਾਸ਼ਾਹੀ ਹੁਕਮ ਜਾਰੀ ਕਰ ਦਿੱਤਾ ਹੈ, ਜਿਸ ਕਾਰਨ ਤਨਖਾਹਾਂ ਕੱਟਣੀਆਂ ਸ਼ੁਰੂ ਵੀ ਕਰ ਦਿੱਤੀਆ ਹਨ। ਉਨ੍ਹਾਂ ਕਿਹਾ ਕਿ ਆਲ ਇੰਪਲਾਈਜ ਕੋ—ਆਰਡੀਨੇਸ਼ਨ ਕਮੇਟੀ ਦੇ ਪ੍ਰਧਾਨ ਸੁਭਾਸ਼ ਸ਼ਰਮਾ, ਜਨਰਲ ਸਕੱਤਰ ਕਿਸ਼ਨ ਚੰਦ ਜਾਗੋਵਾਲੀਆ, ਸੁਰਿੰਦਰ ਸਿੰਘ ਕਨਵੀਨਰ, ਮਹਿੰਦਰ ਸਿੰਘ ਧਾਲੀਵਾਲ ਖਜਾਨਚੀ ਰਜੀਵ ਹਾਂਡਾ ਪ੍ਰਧਾਨ ਜੀ.ਟੀ.ਯੂ, ਗੁਰਦੇਵ ਸਿੱਧੂ ਪ੍ਰਧਾਨ ਪ.ਸ.ਸ.ਫ, ਦਲਜੀਤ ਸਿੰਘ ਯਾਰੇਸ਼ਾਹ ਵਾਲਾ ਆਦਿ ਆਗੂਆਂ ਨੇ ਸਰਕਾਰ ਦੀ ਨਿਖੇਧੀ ਕਰਦੇ ਹੋਏ ਨਹਿਰੀ ਪਟਵਾਰੀਆਂ ਦੀਆਂ ਮੰਗਾਂ ਦਾ ਸਮਰਥਣ ਕੀਤਾ ਤੇ ਵਿਭਾਗ ਦੇ ਉਚ ਅਧਿਕਾਰੀਆਂ ਤੇ ਸਰਕਾਰ ਤੋਂ ਮੰਗ ਕੀਤੀ ਕਿ ਨਹਿਰੀ ਪਟਵਾਰੀਆਂ ਦੀਆਂ ਤਨਖਾਹ ਕਟੌਤੀ ਦਾ ਪੱਤਰ ਵਾਪਿਸ ਲੈ ਕੇ ਤਨਖਾਹਾਂ ਰਲੀਜ ਕੀਤੀਆਂ ਜਾਣ।

# ਭਾਜਪਾ ਵੱਲੋਂ ਕਿਸਾਨਾਂ ਨਾਲ ਭੱਦਾ ਮਜ਼ਾਕ ਕਰਨ 'ਤੇ ਕੰਗਨਾ ਰਣੌਤ ਨੂੰ ਵਿਰੋਧ ਦਾ ਸਾਹਮਣਾ ਕਰਨਾ ਪਿਆ - ਕਰਨੈਲ ਸਿੰਘ ਪੀਰ ਮੁਹੰਮਦ

☛ ਪੀਰ ਮੁਹੰਮਦ ਨੇ ਕੰਗਨਾ ਰਣੌਤ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਅੱਤਵਾਦੀ ਕਰਾਰ ਦੇਣ ਦੀ ਕੀਤੀ ਆਲੋਚਨਾ ☛ ਡੇਰਾ ਮੁਖੀ ਗੁਰਮੀਤ ਰਾਮ ਰਹੀਮ ਕਥਿਤ ਤੌਰ 'ਤੇ ਭਾਜਪਾ ਦਾ ਏਜੰਟ - ਪੀਰ ਮੁਹੰਮਦ



**ਚੰਡੀਗੜ੍ਹ 6 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਜਨਰਲ ਸਕੱਤਰ ਭਾਈ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਦੇ ਮੰਡੀ ਤੋਂ ਭਾਜਪਾ ਦੀ ਨਵੀਂ ਚੁਣੀ ਗਈ ਸੰਸਦ ਮੈਂਬਰ ਕੰਗਨਾ ਰਣੌਤ ਨੂੰ ਅੱਜ ਚੰਡੀਗੜ੍ਹ ਹਵਾਈ ਅੱਡੇ 'ਤੇ ਇੱਕ ਮਹਿਲਾ (ਸੀਆਈਐਸਐਫ਼) ਅਧਿਕਾਰੀ ਕੁਲਵਿੰਦਰ ਕੌਰ ਵੱਲੋਂ ਵਿਰੋਧ ਪ੍ਰਦਰਸ਼ਨ ਅਤੇ ਅਪਮਾਨ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਕਿਹਾ ਕਿ ਭਾਜਪਾ ਵਲੋਂ ਕਿਸਾਨ ਅੰਦੋਲਨ ਦੇ ਮੱਦੇਨਜ਼ਰ ਇਹ ਇੱਕ ਬਿਲਕੁਲ ਦਰੁਸਤ ਕਾਰਵਾਈ ਹੋਈ ਹੈ। ਸ੍ਰ. ਪੀਰ ਮੁਹੰਮਦ ਨੇ ਕਿਹਾ ਕਿ ਭਾਜਪਾ ਸੰਸਦ ਕੰਗਨਾ ਰਣੌਤ ਵੱਲੋਂ ਪੰਜਾਬ ਪ੍ਰਤੀ ਅਜਿਹੇ ਜ਼ਿਹਰੀਲੇ ਸ਼ਬਦ ਸੁਣ ਕੇ ਬਹੁਤ ਹੈਰਾਨੀ ਹੁੰਦੀ ਹੈ। ਇਸ ਤੋਂ ਇਲਾਵਾ ਸਾਡੇ ਨੌਜਵਾਨਾਂ ਨੂੰ ਅੱਤਵਾਦੀ ਕਰਾਰ ਦੇਣਾ ਅਸਵੀਕਾਰਨਯੋਗ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰੀ ਮੀਡੀਆ ਅਜੇ ਵੀ ਪੰਜਾਬੀਆਂ ਨੂੰ ਖ਼ਾਲਿਸਤਾਨ ਨਾਲ ਜੋੜ ਕੇ ਪੰਜਾਬ ਦੇ ਇਤਿਹਾਸ ਨੂੰ ਤੋੜ ਮਰੋੜ ਕੇ ਪੇਸ਼ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ, ਜੋ ਕਿ ਮੰਦਭਾਗਾ ਹੈ। ਉਨ੍ਹਾਂ ਪੰਜਾਬ ਦੇ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੂੰ ਸਥਿਤੀ ਸਪੱਸ਼ਟ ਕਰਨ ਅਤੇ ਦੱਸਣ ਲਈ ਕਿਹਾ ਕਿ ਭਾਜਪਾ ਆਗੂ ਕੰਗਨਾ ਰਣੌਤ ਸਾਡੇ ਪੰਜਾਬ ਦੇ ਨੌਜਵਾਨਾਂ ਅਤੇ ਆਮ ਲੋਕਾਂ ਨਾਲ ਅਜਿਹਾ ਵਿਵਹਾਰ ਕਿਉਂ ਕਰ ਰਹੀ ਹੈ। ਸ੍ਰ. ਪੀਰ ਮੁਹੰਮਦ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਸਿਰਫ਼ ਭਾਜਪਾ ਕਾਰਨ ਹੀ ਭਾਰੀ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਉਨ੍ਹਾਂ ਕਿਹਾ ਕਿ ਡੇਰਾ ਮੁਖੀ ਗੁਰਮੀਤ ਰਾਮ ਰਹੀਮ ਵੀ ਭਾਜਪਾ ਵੱਲੋਂ ਸਾਡੇ ਇਲਾਕੇ ਵਿੱਚ ਜਾਣਬੁੱਝ ਕੇ ਪੰਜਾਬ ਦਾ ਅਕਸ ਖ਼ਰਾਬ ਕਰਨ ਲਈ ਭੇਜਿਆ ਗਿਆ ਇੱਕ ਏਜੰਟ ਹੈ। ਸ੍ਰ. ਪੀਰ ਮੁਹੰਮਦ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ, ਪੰਜਾਬੀਆਂ ਅਤੇ ਪੰਜਾਬੀਅਤ ਦੀ ਰਾਖ਼ੀ ਲਈ ਹਮੇਸ਼ਾ ਖੜ੍ਹਾ ਰਹੇਗਾ, ਭਾਵੇਂ ਸਾਨੂੰ ਆਪਣੇ ਸੂਬੇ ਦੀ ਰਖਵਾਲੀ ਲਈ ਕੋਈ ਵੀ ਕਦਮ ਚੁੱਕਣਾ ਪਵੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 40ਵਾਂ ਘੱਲੂਘਾਰਾ ਸ਼ਹੀਦੀ ਦਿਵਸ ਜੂਨ 1984 ਦੇ ਸਮੂੰਹ ਸ਼ਹੀਦਾਂ ਨੂੰ ਪ੍ਰਣਾਮ : ਜਥੇਦਾਰ ਬਲਜੀਤ ਸਿੰਘ ਦਾਦੂਵਾਲ

# ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਅਤੇ ਸ਼ਹੀਦੀ ਸਮਾਗਮ ’ਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਹਾਜ਼ਰੀ ਭਰੀ











40ਵਾਂ ਘੱਲੂਘਾਰਾ ਸ਼ਹੀਦੀ ਦਿਵਸ ਜੂਨ 1984 ਦੇ ਸਮੂੰਹ ਸ਼ਹੀਦਾਂ ਨੂੰ ਪ੍ਰਣਾਮ,ਸ੍ਰੀ ਅਕਾਲ ਤਖ਼ਤ ਸਾਹਿਬ,ਸਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਅੱਜ 6 ਜੂਨ 2024 ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਅਤੇ ਸ਼ਹੀਦੀ ਸਮਾਗਮ ਤੇ ਹਾਜ਼ਰੀ ਭਰਦੇ ਹੋਏ। ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ,ਗੁਰਚਰਨ ਸਿੰਘ ਗਰੇਵਾਲ ਸਾਬਕਾ ਜਰਨਲ ਸਕੱਤਰ SGPG,ਗੁਰਪ੍ਰਸਾਦ ਸਿੰਘ ਫਰੀਦਾਬਾਦ ਪ੍ਰਧਾਨ ਹਰਿਆਣਾ ਗੱਤਕਾ ਐਸੋਸੀਏਸ਼ਨ,ਭਾਈ ਸਤਵੰਤ ਸਿੰਘ ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ,ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਪੰਜਾਬ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਆਗੂ ਸਾਹਿਬਾਨ ਸੰਤ ਮਹਾਂਪੁਰਸ਼ ਸਿੱਖ ਸੰਗਤਾਂ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮਨਦਾ ਜਮੀਰ ਦਾ ਮਰ ਜਾਣਾ ਯਕੀਨਨ ਮੌਤ ਹੈ।

**ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ**




# Physical death I do not fear death of conscience is a sure death

**Sant Jarnail Singh Ji Khalsa Bhindranwale**

www.damdamitaksal.net

ਆਵਾਜ਼ਿ ਕੌਮ AWAZE QAUM International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧੰਨ ਸੱਚੀ ਟਕਸਾਲ ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛੱਕੋ | Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 HOURS SERVICE EVERYDAY
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ | Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write PUNJABI

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡੇਧਾਰ ਹੋਇ ਜਨਮ ਸੁਹੇਲਾ॥

# ਅੰਮ੍ਰਿਤ ਸੰਚਾਰ

8 ਜੂਨ 2024, ਸ਼ਨਿੱਚਰਵਾਰ 12:00
ਅੰਮ੍ਰਿਤ ਦਾ ਬਾਟਾ ਤਿਆਰ ਹੋਵੇਗਾ

ਅੰਮ੍ਰਿਤ ਅਭਿਲਾਖੀ 11:00 ਵਜੇ
ਪਹੁੰਚਣ ਕਿਰਪਾਲਤਾ ਕਰਨ ਜੀ

## ਪੰਜ ਪਿਆਰੇ ਸਾਹਿਬਾਨ ਯੂ. ਕੇ. ਤੋਂ ਪਹੁੰਚ ਰਹੇ ਹਨ

## ਗੁਰਦੁਆਰਾ ਸਾਹਿਬ ਵੱਲੋਂ ਕੱਕਾਰ ਭੇਟਾਂ ਰਹਿਤ ਮਿਲਣਗੇ

ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਅੰਮ੍ਰਿਤ ਦੇ ਅਭਿਲਾਖੀ ਸਮੇਂ ਸਿਰ ਪੁਹੁੰਚ ਕੇ ਅੰਮ੍ਰਿਤਧਾਰੀ ਹੋ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07751-28621

ਸਾਕਾ ਨੀਲਾ ਤਾਰਾ ਘੱਲੂਘਾਰੇ ਦੀ 40ਵੇਂ ਯਾਦ ਵਿੱਚ

# ਇੰਗਲੈਂਡ, ਯੂਰਪ ਵਿੱਚ ਭਾਰਤ ਸਫ਼ਾਰਤਖ਼ਾਨਿਆਂ ਬਾਹਰ ਸਿੱਖਾਂ ਵੱਲੋਂ ਜਬਰ ਦਸਤ ਰੋਸ ਮੁਜ਼ਾਹਰੇ

## ਤਿਰੰਗਾ ਪੈਰਾਂ ਵਿੱਚ ਰੋਲ, ਲੱਗੇ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ








ਆਵਾਜ਼ਿ ਕੌਮ AWAZE QAUM International Newspaper & WEB TV






















ਲੰਡਨ - ਸਰਬਜੀਤ ਸਿੰਘ ਬਨੂੜ- ਇੰਗਲੈਂਡ, ਯੂਰਪ ਵਿੱਚ ਭਾਰਤ ਸਫ਼ਾਰਤਖ਼ਾਨਿਆਂ ਬਾਹਰ ਜੂਨ 1984 ਸਾਕਾ ਨੀਲਾ ਤਾਰਾ ਖ਼ੂਨੀ ਘੱਲੂਘਾਰੇ ਦੀ 40ਵੇਂ ਵਰ੍ਹੇ ਦੀ ਯਾਦ ਵਿੱਚ ਸਿੱਖਾਂ ਵੱਲੋਂ ਜਬਰ ਦਸਤ ਰੋਸ ਮੁਜ਼ਾਹਰੇ ਕੀਤੇ ਗਏ। ਇਸ ਮੌਕੇ ਸਿੱਖਾਂ ਨੇ ਭਾਰਤੀ ਜ਼ੁਲਮਾਂ ਦੇ ਖ਼ਿਲਾਫ਼ ਤਿਰੰਗੇ ਨੂੰ ਪੈਰ ਵਿੱਚ ਰੋਲਿਆ ਗਿਆ ਤੇ ਅੰਬੈਸੀ ਬਾਹਰ ਤਿਰੰਗੇ ਉਪਰ ਖੜ ਕੇ ਨਾਹਰੇਬਾਜ਼ੀ ਕੀਤੀ ਗਈ ਤੇ ਝੰਡੇ ਨੂੰ ਪਾੜ ਦਿੱਤਾ ਗਿਆ। ਘੱਲੂਘਾਰੇ ਕਾਰਨ ਅੰਬੈਸੀ ਬਾਹਰ ਪੁਲਸ ਦੇ ਭਾਰੀ ਸੁਰੱਖਿਆ ਦੇ ਸਖ਼ਤ ਇੰਤਜ਼ਾਮ ਕੀਤੇ ਗਏ ਸਨ। ਬਰਤਾਨੀਆਂ ਵਿੱਚ ਲੰਡਨ, ਬਰਮਿੰਘਮ, ਗਲਾਸਗੋ, ਫਰੈਂਕਫੋਰਟ, ਫਰਾਂਸ, ਬੈਲਜੀਅਮ ਵਿੱਚ ਭਾਰਤ ਦੀਆਂ ਅੰਬੈਸੀਆਂ ਬਾਹਰ ਸੈਂਕੜੇ ਸਿੱਖਾਂ ਨੇ ਸਾਕਾ ਨੀਲਾ ਤਾਰਾ ਘੱਲੂਘਾਰੇ ਦੀ ਯਾਦ ਵਿੱਚ ਭਾਰਤ ਸਰਕਾਰ ਨੂੰ ਦੋਸ਼ੀ ਦੱਸਦਿਆਂ ਇਸ ਸਾਕੇ ਦੌਰਾਨ ਸ਼ਹੀਦ ਸਿੰਘਾਂ ਨੂੰ ਯਾਦ ਕੀਤਾ ਗਿਆ। ਲੰਡਨ ਅੰਬੈਸੀ ਬਾਹਰ ਸਿੱਖਸ ਫਾਰ ਜਸਟਿਸ ਦੇ ਭਾਈ ਪਰਮਜੀਤ ਸਿੰਘ ਪੰਮਾ, ਭਾਈ ਗੁਰਪ੍ਰੀਤ ਸਿੰਘ, ਸ ਮੰਗਲ ਸਿੰਘ, ਭਾਈ ਦਪਿੰਦਰਜੀਤ ਸਿੰਘ, ਦਲ ਖ਼ਾਲਸਾ ਦੇ ਗੁਰਚਰਨ ਸਿੰਘ ਸਿੱਖ ਫੈਡਰੇਸਨ ਦੇ ਜਸਪਾਲ ਸਿੰਘ ਚਾਹਲ ਆਗੂਆਂ ਸਮੇਤ ਔਰਤਾਂ ਬੱਚੇ ਵੀ ਖਾਲਿਸਤਾਨ ਦੇ ਝੰਡੇ ਚੁੱਕੀ ਅੰਬੈਸੀ ਬਾਹਰ ਖਾਲਿਸਤਾਨ ਜ਼ਿੰਦਾਬਾਦ, ਹਰਦੀਪ ਸਿੰਘ ਨਿੱਜਰ ਦੇ ਨਾਅਰੇ ਲਾ ਰਹੇ ਸਨ। ਬਰਮਿੰਘਮ ਅੰਬੈਸੀ ਬਾਹਰ ਜਲਾਵਤਨ ਸਰਕਾਰ ਦੇ ਪ੍ਰਧਾਨ ਮੰਤਰੀ ਗੁਰਮੇਜ ਸਿੰਘ ਗਿੱਲ, ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂਕੇ ਦੇ ਕੋਆਡੀਨੇਟਰ ਭਾਈ ਜੋਗਾ ਸਿੰਘ, ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਬਲਵਿੰਦਰ ਸਿੰਘ ਢਿੱਲੋਂ, ਭਾਈ ਲਵਸ਼ਿੰਦਰ ਸਿੰਘ ਡੱਲੇਵਾਲ, ਭਾਈ ਮਨਪ੍ਰੀਤ ਸਿੰਘ ਖ਼ਾਲਸਾ, ਭਾਈ ਅਮਰੀਕ ਸਿੰਘ ਸਹੋਤਾ, ਸ ਗੁਰਦਿਆਲ ਸਿੰਘ ਅਟਵਾਲ, ਭਾਈ ਸਰਬਜੀਤ ਸਿੰਘ, ਭਾਈ ਰਣਧੀਰ ਸਿੰਘ, ਜਾਗੋ ਵਾਲਾ ਜਥਾ, ਸ਼੍ਰੋਮਣੀ ਅਕਾਲੀ ਦਲ ਸ ਗੁਰਦੇਵ ਸਿੰਘ ਚੌਹਾਨ ਤੇ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਿੱਖ ਸੰਗਤਾਂ ਨੇ ਖਾਲਿਸਤਾਨ ਦੇ ਝੰਡੇ, ਦਰਬਾਰ ਸਾਹਿਬ, ਅਕਾਲ ਤਖ਼ਤ ਸਾਹਿਬ ਦੀਆਂ ਤਸਵੀਰਾਂ ਵਾਲੇ ਬੈਨਰ ਚੁੱਕੇ ਹੋਏ ਸਨ। ਇਕੱਤਰ ਆਗੂਆਂ ਨੇ ਕਿਹਾ ਕਿ ਖਾਲਿਸਤਾਨ ਬਣਕੇ ਰਹੇਗਾ। ਭਾਰਤ ਦੀਆਂ ਏਜੰਸੀਆਂ ਵਿਦੇਸ਼ਾਂ ਵਿੱਚ ਖਾਲਿਸਤਾਨਸਿੱਖਾਂ ਦੇ ਕਤਲ ਵਿੱਚ ਸਿੱਧੀਆਂ ਜ਼ਿੰਮੇਵਾਰ ਹਨ। ਸਿੱਖਾਂ ਦੀਆਂ ਲਿਸਟਾਂ ਬਣਾ ਕੇ ਸਿੱਖਾਂ ਨੂੰ ਕਿਸੇ ਵੀ ਕੀਮਤ ਤੇ ਡਰਾਇਆ ਧਮਕਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਜੂਨ 84 ਵਿੱਚ ਸ੍ਰੀ ਦਰਬਾਰ ਸਾਹਿਬ, ਅਕਾਲ ਤਖ਼ਤ ਸਾਹਿਬ ਸਮੇਤ ਹੋਰ 37 ਗੁਰਦੁਆਰਿਆ ਤੇ ਫੌਜੀ ਕਾਰਵਾਈ ਕਰਕੇ ਸਿੱਖ ਨਸਲਕੁਸ਼ੀ ਕੀਤੀ ਸੀ ਜੋ ਅੱਜ ਵੀ ਕਿਸੇ ਨਾ ਕਿਸੇ ਰੂਪ ਵਿੱਚ ਜਾਰੀ ਹੈ। ਇਸ ਖ਼ੂਨੀ ਘੱਲੂਘਾਰੇ ਨੂੰ ਸਿੱਖ ਕਦੇ ਭੁੱਲਾ ਨਹੀ ਸਕਦੇ। ਇਸ ਦਾ ਇਕੋ ਹੱਲ ਵੱਖਰਾ ਸਿੱਖ ਰਾਜ ਹੈ। ਜਰਮਨ ਦੇ ਫਰੈਂਕਫੋਰਟ ਵਿੱਚ ਭਾਰਤੀ ਅੰਬੈਸੀ ਬਾਹਰ ਬੱਬਰ ਖਾਲਸਾ ਦੇ ਭਾਈ ਰੇਸ਼ਮ ਸਿੰਘ ਬੱਬਰ, ਸਿੱਖ ਫੈਡਰੇਸਨ ਦੇ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਜਗਤਾਰ ਸਿੰਘ ਮਾਹਲ ਸਮੇਤ ਸਿੱਖ ਆਗੂਆਂ ਨੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆ ਖਾਲਿਸਤਾਨ ਦੀ ਅਜ਼ਾਦੀ ਤੱਕ ਸੰਘਰਸ਼ ਲੜਨ ਦਾ ਮੁੜ ਐਲਾਨ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਰਬੱਤ ਦਾ ਭਲਾ ਚੈਰੀਟੇਬਲ ਟਰਸੱਟ ਦੁਬਈ ਡਾ: ਐਸ ਪੀ ਸਿੰਘ ਉਬਰਾਏ ਦੇ ਉਪਰਾਲੇ ਸਦਕਾ

# ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਕਾਦੀਆਂ ਗੁਰਦਾਸਪੁਰ ਵਿਖੇ ਇੱਕ "ਡੈਂਟਲ ਕਲੀਨਿਕ" ਖੋਲ੍ਹਿਆ ਗਿਆ










ਸਰਬੱਤ ਦਾ ਭਲਾ ਚੈਰੀਟੇਬਲ ਟਰਸੱਟ ਦੁਬਈ ਡਾ: ਐਸ ਪੀ ਸਿੰਘ ਉਬਰਾਏ ਦੇ ਉਪਰਾਲੇ ਸਦਕਾ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਕਾਦੀਆਂ ਗੁਰਦਾਸਪੁਰ ਵਿਖੇ ਇੱਕ "ਡੈਂਟਲ ਕਲੀਨਿਕ" ਲੋਕ ਭਲਾਈ ਲਈ ਖੋਲਿਆ ਗਿਆ ਜਿਸ ਦਾ ਸ਼ੁੱਭ ਉਦਘਾਟਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸ. ਸੁਖਵਿੰਦਰ ਸਿੰਘ ਮੰਡੇਬਰ ਯਮੁਨਾਨਗਰ ਜਰਨਲ ਸਕੱਤਰ, ਸ.ਗੁਰਪ੍ਰਸਾਦਿ ਸਿੰਘ ਫਰੀਦਾਬਾਦ ਪ੍ਰਧਾਨ ਹਰਿਆਣਾ ਗੱਤਕਾ ਐਸੋਸੀਏਸ਼ਨ,ਸਰਬੱਤ ਦਾ ਭਲਾ ਟਰਸੱਟ ਵਲੋਂ ਡਾ.ਰਜਿੰਦਰ ਸਿੰਘ ਅਟਵਾਲ,ਸੁਖਜਿੰਦਰ ਸਿੰਘ ਪ੍ਰਧਾਨ ਮਾਝਾ ਜ਼ੋਨ,ਰਵਿੰਦਰ ਸਿੰਘ ਮਠਾੜੂ ਪ੍ਰਧਾਨ ਗੁਰਦਾਸਪੁਰ, ਸਿਸਪਾਲ ਸਿੰਘ ਲਾਡੀ ਪ੍ਰਧਾਨ ਅੰਮ੍ਰਿਤਸਰ,ਬਾਪੂ ਪ੍ਰੀਤਮ ਸਿੰਘ ਜੀ,ਸ. ਦਲਜੀਤ ਸਿੰਘ ਕਾਦੀਆਂ,ਪ੍ਰਧਾਨ ਤਰਸੇਮ ਸਿੰਘ ਸੈਕਟਰੀ,ਮਨਮੋਹਨ ਸਿੰਘ ਉਬਰਾਏ,ਸੁਰਿੰਦਰ ਸਿੰਘ ਸ਼ਾਹੀ ਨੇ ਆਪਣੇ ਘਰ ਕਮਲਾਂ ਨਾਲ ਕੀਤਾ ਜਿਕਰਯੋਗ ਹੈ ਕੇ ਪਹਿਲਾਂ ਮੈਡੀਕਲ ਲੈਬਾਰਟਰੀ ਵੀ ਨਿਰੰਤਰ ਲੋਕ ਸੇਵਾ ਕਰ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਹਕੂਮਤੀ ਜ਼ਬਰ ਅੱਗੇ ਹਿੱਕਾਂ ਡਾਹ ਕੇ ਲੜਨ ਵਾਲੇ

# ਯੋਧਿਆਂ ਦੀਆਂ ਬਾਤਾਂ ਰਹਿੰਦੀ ਦੁਨੀਆਂ ਤੱਕ ਪੈਂਦੀਆਂ ਰਹਿੰਦੀਆਂ ਨੇ - ਭਾਈ ਜੁਗਰਾਜ ਸਿੰਘ ਮਝੈਲ




**ਅੰਮ੍ਰਿਤਸਰ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਹਕੂਮਤ ਵੱਲੋਂ ਜੂਨ 1984 ਵਿਚ ਸਿੱਖ ਪੰਥ ਦੇ ਸਿਰਮੌਰ ਅਸਥਾਨ ਸ੍ਰੀ ਹਰਮੰਦਿਰ ਸਾਹਿਬ ਅਤੇ ਸਿੱਖਾਂ ਦੇ ਰਾਜਸੀ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਉੱਪਰ ਚੜ੍ਹ ਕੇ ਆਇਆਂ ਅੱਜ 40 ਵਰ੍ਹੇ ਪੂਰੇ ਹੋ ਗਏ ਨੇ। ਅੱਜ ਵੀ ਇਹ ਨਾਸੂਰ ਸੂਰਜ ਬਣ ਚਮਕਦਾ ਹੈ, ਤੇ ਸਿੱਖਾਂ ਨੂੰ ਹਰ ਸਾਹ ਨਾਲ ਸਿੱਖਾਂ ਨੂੰ ਭਾਰਤੀ ਹਕੂਮਤ ਦੇ ਉਸ ਜ਼ਬਰ ਦੀ ਯਾਦ ਦਿਵਾਉਂਦਾ ਰਹਿੰਦਾ ਹੈ। ਇਨ੍ਹਾਂ ਦਿਨਾਂ ਵਿਚ ਸ੍ਰੀ ਦਰਬਾਰ ਸਾਹਿਬ ਤੋਂ ਇਲਾਵਾ ਪੰਜਾਬ ਸਮੇਤ ਹੋਰ ਕਈ ਗੁਰਦੁਆਰਾ ਸਾਹਿਬਾਨ ਵਿਖੇ ਹਮਲਾ ਕਰਕੇ ਭਾਰੀ ਨਿਰਾਦਰੀ ਕੀਤੀ ਅਤੇ ਸਿੱਖਾਂ ਦੇ ਅਕਸ ਨੂੰ ਵੱਡੀ ਢਾਹ ਪਹੁੰਚਾਈ ਗਈ। ਸ੍ਰੀ ਦਰਬਾਰ ਸਾਹਿਬ ਦੀ ਮਰਿਆਦਾ ਨੂੰ ਬਰਕਰਾਰ ਰੱਖਦੇ ਹੋਏ ਭਾਰਤੀ ਸੈਨਾ ਦਾ ਮੁਕਾਬਲਾ ਕਰਦੇ ਹੋਏ ਸੈਂਕੜਿਆਂ ਦੀ ਗਿਣਤੀ ਸਿੰਘਾਂ ਨੇ ਸ਼ਹਾਦਤਾਂ ਪ੍ਰਾਪਤ ਕੀਤੀਆਂ ਸਨ। 40ਵਾਂ ਸ਼ਹੀਦੀ ਘੱਲੂਘਾਰਾ ਯਾਦਗਾਰੀ ਸਮਾਗਮ ਤਹਿਤ ਵੱਡੀ ਗਿਣਤੀ ਵਿਚ ਜਥੇਬੰਦੀਆਂ ਤੇ ਸੰਪਰਦਾਵਾਂ ਸਮੇਤ ਭਾਰੀ ਗਿਣਤੀ ਵਿਚ ਸੰਗਤਾਂ ਦਾ ਇਕੱਠ ਹੋਇਆ।ਇਸ ਦਿਨ ਨੂੰ ਮੁੱਖ ਰੱਖਦਿਆਂ ਹੋਇਆਂ ਅੱਜ ਮਿਤੀ 6 ਜੂਨ 2024 ਨੂੰ ਯੂਨਾਇਟਡ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਿੰਘਾਂ ਵੱਲੋ ਸ਼ਮੂਲੀਅਤ ਕੀਤੀ ਗਈ ਅਤੇ ਵੱਡੀ ਗਿਣਤੀ ਵਿਚ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀਆਂ ਤਸਵੀਰਾਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਸਮਾਗਮ ਵੇਲੇ ਵੰਡੀਆਂ ਗਈਆਂ।ਅਰਦਾਸ ਸਮਾਗਮ ਤੋਂ ਬਾਅਦ ਫੈਡਰੇਸ਼ਨ ਦੇ ਸਿੰਘਾਂ ਵੱਲੋਂ ਘੰਟਾ ਘਰ ਵਿਖੇ ਜੂਨ 84 ਵਿਚ ਭਾਰਤੀ ਫੌਜ ਵੱਲੋਂ ਕੀਤੇ ਗਏ ਕਹਿਰ ਨੂੰ ਦਰਸਾਉਂਦੀਆਂ ਤਸਵੀਰਾਂ ਦੀ ਪ੍ਰਦਰਸ਼ਨੀ ਲਗਾਈ ਗਈ। ਜਿਸ ਨੂੰ ਵੇਖਣ ਲਈ ਸੰਗਤਾਂ ਵੱਲੋਂ ਭਾਰੀ ਉਤਸ਼ਾਹ ਵਿਖਾਇਆ ਗਿਆ।ਪ੍ਰਦਰਸ਼ਨੀ ਦੌਰਾਨ "ਨਹੀਂ ਭੁੱਲਣਾ ਜੂਨ 84" ਨਾਮ ਦਾ ਕਿਤਾਬਚਾ ਜੋ ਕਿ ਭਾਈ ਹਰਵਿੰਦਰ ਸਿੰਘ ਖਾਲਸਾ ਜੀ ਵੱਲੋਂ ਲਿਖਿਆ ਗਿਆ ਹੈ, ਵੰਡਿਆ ਗਿਆ। ਇਸ ਮੌਕੇ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਭਾਈ ਜੁਗਰਾਜ ਸਿੰਘ ਮਝੈਲ ਨੇ ਬੋਲਦਿਆਂ ਆਖਿਆ ਕਿ ਜਿੰਨਾ ਉਦੇਸ਼ਾਂ ਦੇ ਵਾਸਤੇ ਸਿੱਖ ਜੁਝਾਰੂਆਂ ਨੇ ਇਹ ਸੰਘਰਸ਼ ਲੜਿਆ, ਮਹਾਨ ਸ਼ਹਾਦਤਾਂ ਦਿੱਤੀਆਂ, ਅਕਾਲ ਤਖਤ ਸਾਹਿਬ ਦੇ ਢਹਿ ਢੇਰੀ ਹੋ ਜਾਣ ਤੋਂ ਬਾਅਦ ਵੱਡੀ ਲਹਿਰ ਚੱਲੀ ਨੌਜਵਾਨਾਂ ਨੇ ਆਪਣਾ ਲਹੂ ਡੋਲਿਆ।ਉਹਨਾਂ ਉਦੇਸ਼ਾਂ ਦੀ ਪੂਰਤੀ ਦੇ ਵਾਸਤੇ ਸਾਨੂੰ ਸੰਘਰਸ਼ ਕਰਦੇ ਰਹਿਣਾ ਚਾਹੀਦਾ ਇਹੀ ਸਾਡੀ ਆਪਣੇ ਵਡੇਰਿਆਂ ਦੇ ਵਾਸਤੇ ਸੱਚੀ ਸ਼ਰਧਾਂਜਲੀ ਹੈ। ਇਸ ਮੌਕੇ ਫੈਡਰੇਸ਼ਨ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਯੂਨਿਟ, ਪੰਜਾਬੀ ਯੂਨੀਵਰਸਿਟੀ ਪਟਿਆਲਾ ਯੂਨਿਟ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਹਿਗੜ੍ਹ ਸਾਹਿਬ ਯੂਨਿਟ, ਖਾਲਸਾ ਕਾਲਜ ਅੰਮ੍ਰਿਤਸਰ ਯੂਨਿਟ, ਫੈਡਰੇਸ਼ਨ ਦੇ ਕੌਮੀ ਜਨਰਲ ਸਕੱਤਰ ਹਰਮਨਦੀਪ ਸਿੰਘ, ਡਾ ਅਮਰਿੰਦਰ ਸਿੰਘ, ਐਡਵੋਕੇਟ ਗੁਰਮੋਹਨ ਸਿੰਘ, ਜਗਮੀਤ ਕੌਰ ਭੁੱਲਰ ਗੁਰਸਿਮਰਨ ਸਿੰਘ, ਭਾਈ ਬਲਰਾਜ ਸਿੰਘ ਅਤੇ ਹੋਰ ਸਿੰਘ ਵੀ ਹਾਜ਼ਰ ਸਨ।